ਬੁੱਧਵਾਰ, 18 ਨਵੰਬਰ, 2026
3 ਮੱਘਰ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 168

ਰੋਜ਼ਾਨਾ
ਨਵਾਂ ਜ਼ਮਾਨਾ
DAILY NAWAN ZAMANA • WEDNESDAY, 18 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12



ਕੋਈ ਭੁੱਖਾ ਨਹੀਂ ਸੌਣ ਦੇਣਾ : ਮਾਨ

10 ਲੱਖ ਹੋਰ ਲੋਕਾਂ ਨੂੰ ਮੁਫਤ ਸਕੀਮਾਂ 'ਚ ਸ਼ਾਮਲ ਕਰਨ ਦਾ ਐਲਾਨ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਸੂਬਾ ਸਰਕਾਰ ਦੀਆਂ 'ਸਭ ਲਈ ਅਨਾਜ' ਅਤੇ 'ਮੇਰੀ ਰਸੋਈ' ਸਕੀਮਾਂ ਦਾ ਘੇਰਾ ਵਿਸ਼ਾਲ ਕਰਦਿਆਂ 10 ਲੱਖ ਹੋਰ ਨਵੇਂ ਲਾਭਪਾਤਰੀਆਂ ਨੂੰ ਇਨ੍ਹਾਂ ਸਕੀਮਾਂ ਵਿੱਚ ਸ਼ਾਮਲ ਕਰਨ ਦਾ ਵੱਡਾ ਐਲਾਨ ਕੀਤਾ ਹੈ। ਇਹ ਫੈਸਲਾ ਖਾਸ ਤੌਰ 'ਤੇ ਆਰਥਕ ਪੱਖੋਂ ਕਮਜ਼ੋਰ ਵਰਗਾਂ ਵਿੱਚ ਪਾਰਟੀ ਲਈ ਵੱਡਾ ਸਿਆਸੀ ਹੁਲਾਰਾ ਸਾਬਤ ਹੋ ਸਕਦਾ ਹੈ।

ਕੌਮੀ ਖੁਰਾਕ ਸੁਰੱਖਿਆ ਐਕਟ ਤਹਿਤ ਵੰਡੀ ਜਾਂਦੀ ਕਣਕ ਦੇ ਨਾਲ-ਨਾਲ ਵਾਧੂ ਰਾਸ਼ਨ ਮੁਹੱਈਆ ਕਰਵਾਉਣ ਲਈ ਇਸੇ ਸਾਲ ਸ਼ੁਰੂ ਕੀਤੀ ਗਈ 'ਮੇਰੀ ਰਸੋਈ' ਯੋਜਨਾ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਦਾ ਮੁੱਖ ਧੁਰਾ ਬਣੀ ਹੋਈ ਹੈ। ਮੌਜੂਦਾ ਸਮੇਂ ਸੂਬੇ ਦੇ ਲਗਪਗ 1.48 ਕਰੋੜ ਲਾਭਪਾਤਰੀ ਇਨ੍ਹਾਂ ਦੋਵਾਂ ਸਕੀਮਾਂ ਤਹਿਤ ਮੁਫਤ ਕਣਕ ਅਤੇ ਹੋਰ ਰਾਸ਼ਨ ਸਮੱਗਰੀ ਪ੍ਰਾਪਤ ਕਰ ਰਹੇ ਹਨ ਅਤੇ ਇਸ ਨਵੇਂ ਵਿਸਥਾਰ ਨਾਲ 10 ਲੱਖ ਹੋਰ



ਲੋੜਵੰਦ ਲੋਕ ਇਸ ਦੇ ਘੇਰੇ ਵਿੱਚ ਆ ਜਾਣਗੇ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਉਨ੍ਹਾ ਦੀ ਸਰਕਾਰ ਨੇ ਪੈਸੇ ਲੈ ਕੇ ਜਾਂ ਸਿਆਸੀ ਆਗੂਆਂ ਦੀਆਂ ਸਿਫਾਰਸ਼ਾਂ 'ਤੇ ਰਾਸ਼ਨ ਕਾਰਡ ਬਣਾਉਣ ਦੀ ਪੁਰਾਣੀ ਪਿਰਤ ਨੂੰ ਖਤਮ ਕਰ ਦਿੱਤਾ ਹੈ। ਉਨ੍ਹਾ ਕਿਹਾ, "ਪਹਿਲਾਂ ਇਹ ਰਾਸ਼ਨ ਕਾਰਡ ਸਿਰਫ ਰਿਸ਼ਵਤ ਲੈ ਕੇ ਜਾਂ ਸਿਆਸੀ ਆਕਾਵਾਂ ਦੀ ਫਰਮਾਇਸ਼ 'ਤੇ ਹੀ ਬਣਦੇ ਸਨ, ਪਰ ਅਸੀਂ ਸਿਰਫ ਉਨ੍ਹਾਂ ਲੋਕਾਂ ਦੇ ਕਾਰਡ ਬਣਾ ਰਹੇ ਹਾਂ ਜੋ ਅਸਲ ਵਿੱਚ ਸਭ ਤੋਂ ਵੱਧ ਲੋੜਵੰਦ ਹਨ ਅਤੇ ਆਰਥਕ ਪੌੜੀ ਦੇ ਸਭ ਤੋਂ ਹੇਠਲੇ ਡੰਡੇ 'ਤੇ ਹਨ।"

ਮੁੱਖ ਮੰਤਰੀ ਨੇ ਜਾਣਕਾਰੀ ਦਿੱਤੀ ਕਿ 1.25 ਲੱਖ ਬਿਨੈਕਾਰ ਅਜਿਹੇ ਹਨ, ਜਿਨ੍ਹਾਂ ਨੇ ਅਰਜ਼ੀਆਂ ਵਿੱਚ ਪਤੇ ਗਲਤ ਲਿਖ ਦਿੱਤੇ ਸਨ ਜਾਂ ਕੁਝ ਹੋਰ ਮਾਮੂਲੀ ਤਰੁੱਟੀਆਂ ਰਹਿ ਗਈਆਂ ਸਨ। ਸਰਕਾਰ ਵੱਲੋਂ ਇਨ੍ਹਾਂ ਬਿਨੈਕਾਰਾਂ ਨੂੰ ਗਲਤੀਆਂ ਸੁਧਾਰਨ ਦਾ ਇੱਕ ਹੋਰ ਮੌਕਾ ਦਿੱਤਾ ਜਾਵੇਗਾ ਅਤੇ ਜੇ ਸਾਰੇ ਵੇਰਵੇ ਸਹੀ ਪਾਏ ਗਏ ਤਾਂ ਉਨ੍ਹਾਂ ਦੇ ਰਾਸ਼ਨ ਕਾਰਡ ਤੁਰੰਤ ਜਾਰੀ ਕਰ ਦਿੱਤੇ ਜਾਣਗੇ। ਉਨ੍ਹਾ ਦੱਸਿਆ ਕਿ ਨਵੇਂ ਲਾਭਪਾਤਰੀਆਂ ਵਿੱਚ ਸਭ ਤੋਂ ਵੱਡੀ ਗਿਣਤੀ ਦਲਿਤ ਭਾਈਚਾਰੇ ਨਾਲ ਸੰਬੰਧਤ ਲੋਕਾਂ ਦੀ ਹੈ, ਖਾਸ ਕਰਕੇ ਉਹ ਪਰਵਾਰ ਜੋ ਆਪਣੀ ਰੋਜ਼ੀ-ਰੋਟੀ ਲਈ ਦਿਹਾੜੀ 'ਤੇ ਨਿਰਭਰ ਹਨ। ਮਾਨ ਨੇ ਭਾਵੁਕ ਹੁੰਦਿਆਂ ਕਿਹਾ, "ਪੰਜਾਬ ਗੁਰੂਆਂ-ਪੀਰਾਂ ਦੀ ਵਰੋਸਾਈ ਧਰਤੀ ਹੈ, ਇੱਥੇ ਕਦੇ ਵੀ

• ਬਾਕੀ ਸਫਾ 2 'ਤੇ

ਬਿਲਕਿਸ ਬਾਨੋ ਨੇ ਗੁਜਰਾਤ ਛੱਡਿਆ

ਅਹਿਮਦਾਬਾਦ
(ਨਵਾਂ ਜ਼ਮਾਨਾ ਸਰਵਿਸ)



ਸੁਪਰੀਮ ਕੋਰਟ ਵੱਲੋਂ 11 ਵਿੱਚੋਂ ਦੋ ਅਪਰਾਧੀਆਂ ਨੂੰ ਜ਼ਮਾਨਤ 'ਤੇ ਛੱਡਣ ਦਾ ਹੁਕਮ ਦੇਣ ਤੋਂ ਬਾਅਦ ਗੁਜਰਾਤ ਦੰਗਿਆਂ ਦੌਰਾਨ ਬੇਕਿਰਕ ਹਮਲੇ ਤੇ ਸਮੂਹਕ ਬਲਾਤਕਾਰ ਦਾ ਸ਼ਿਕਾਰ ਹੋਈ ਬਿਲਕਿਸ ਬਾਨੋ ਆਪਣੇ ਪਰਵਾਰ ਸਮੇਤ ਗੁਜਰਾਤ ਛੱਡ ਗਈ ਹੈ। ਇਹ ਜਾਣਕਾਰੀ ਉਸਦੇ ਰਿਸ਼ਤੇਦਾਰ ਨੇ ਮੰਗਲਵਾਰ ਦਿੱਤੀ। ਸੁਪਰੀਮ ਕੋਰਟ ਨੇ 2002 ਦੇ ਬਿਲਕਿਸ ਬਾਨੋ ਸਮੂਹਕ ਬਲਾਤਕਾਰ ਮਾਮਲੇ ਵਿੱਚ ਬਿਪਿਨਚੰਦ ਕਨ੍ਹੱਈਆ ਲਾਲ ਜੋਸ਼ੀ ਅਤੇ ਪ੍ਰਦੀਪ ਰਮਨ ਲਾਲ ਮੋਢੀਆ ਦੀ ਉਮਰ ਕੈਦ ਦੀ ਸਜ਼ਾ ਨੂੰ ਮੁਅੱਤਲ ਕਰ ਦਿੱਤਾ ਹੈ ਅਤੇ ਉਨ੍ਹਾਂ ਨੂੰ 17 ਸਾਲਾਂ ਦੀ ਕੈਦ ਦਾ ਹਵਾਲਾ ਦਿੰਦੇ ਹੋਏ ਜ਼ਮਾਨਤ ਦੇ ਦਿੱਤੀ ਹੈ। ਬਾਨੋ ਦੇ ਚਾਚੇ ਅਬਦੁੱਲ ਰਜ਼ਾਕ ਮਨਸੂਰੀ ਨੇ ਫੋਨ 'ਤੇ ਦੱਸਿਆ, "ਸੁਪਰੀਮ ਕੋਰਟ ਦੇ ਹੁਕਮ ਤੋਂ ਬਾਅਦ, ਪਰਵਾਰ 2 ਜਾਂ 3 ਨਵੰਬਰ ਦੇ ਆਸਪਾਸ ਗੁਜਰਾਤ ਛੱਡ ਗਿਆ।"

ਦਾਹੋਦ ਜ਼ਿਲ੍ਹੇ ਦੇ ਦੇਵਗੜ੍ਹ ਬਾਰੀਆ ਕਸਬੇ ਵਿੱਚ ਰਹਿਣ ਵਾਲੇ ਮਨਸੂਰੀ ਨੇ ਕਿਹਾ ਕਿ ਉਹ ਗੁਜਰਾਤ ਦੇ ਕਿਸੇ ਹੋਰ ਸਥਾਨ 'ਤੇ ਜਾਣ ਤੋਂ ਪਹਿਲਾਂ ਲਗਪਗ ਡੇਢ ਸਾਲ ਪਹਿਲਾਂ ਤੱਕ ਸ਼ਹਿਰ ਦੇ ਕਪੜੀ ਵਿਸਤਾਰ ਖੇਤਰ ਵਿੱਚ ਰਹਿੰਦੀ ਸੀ। ਮਨਸੂਰੀ ਨੇ ਕਿਹਾ ਕਿ ਉਹ ਹੁਣ ਰਾਜ ਛੱਡ ਚੁੱਕੀ ਹੈ, ਉਸਨੇ ਆਪਣੀਆਂ ਯੋਜਨਾਵਾਂ ਬਾਰੇ ਕੋਈ ਹੋਰ ਜਾਣਕਾਰੀ ਸਾਂਝੀ ਕਰਨ ਤੋਂ ਇਨਕਾਰ ਕਰ ਦਿੱਤਾ।

3 ਮਾਰਚ 2002 ਨੂੰ ਗੁਜਰਾਤ ਦੰਗਿਆਂ ਦੌਰਾਨ ਜਦੋਂ ਬਿਲਕਿਸ ਬਾਨੋ ਆਪਣੇ ਪਰਵਾਰ ਨਾਲ ਭੱਜਣ ਦੀ ਕੋਸ਼ਿਸ਼ ਕਰ ਰਹੀ ਸੀ ਤਾਂ ਉਸ ਨਾਲ ਬਲਾਤਕਾਰ ਕੀਤਾ ਗਿਆ ਸੀ। ਉਦੋਂ ਉਹ 19 ਸਾਲ ਦੀ ਸੀ ਅਤੇ ਪੰਜ ਮਹੀਨਿਆਂ ਦੀ ਗਰਭਵਤੀ ਸੀ। 11 ਦੋਸ਼ੀਆਂ ਨੇ ਉਸਦੇ ਪਰਵਾਰ ਦੇ ਸੱਤ ਮੈਂਬਰਾਂ ਨੂੰ ਵੀ ਮਾਰ ਦਿੱਤਾ, ਜਿਨ੍ਹਾਂ ਵਿੱਚ ਉਸਦੀ ਤਿੰਨ ਸਾਲ ਦੀ ਧੀ ਵੀ ਸ਼ਾਮਲ ਸੀ।

ਇਸੇ ਦੌਰਾਨ ਬਿਲਕਿਸ ਬਾਨੋ ਨੇ ਸੁਪਰੀਮ ਕੋਰਟ ਦੇ ਹੁਕਮ 'ਤੇ ਨਿਰਾਸ਼ਾ ਜ਼ਾਹਰ ਕਰਦਿਆਂ ਐਲਾਨ ਕੀਤਾ ਹੈ ਕਿ ਉਹ ਇਸ ਫੈਸਲੇ ਵਿਰੁੱਧ ਲੜੇਗੀ। ਉਸਨੇ ਇਹ ਵੀ ਕਿਹਾ ਕਿ ਸੁਪਰੀਮ ਕੋਰਟ ਦੇ ਹੁਕਮ ਨੇ ਉਸਦੇ ਅਤੇ ਉਸਦੇ ਪਰਵਾਰ ਲਈ ਡਰ ਵਾਪਸ ਲਿਆ ਦਿੱਤਾ ਹੈ। ਉਸਨੇ ਕਿਹਾ, "ਮੈਂ ਇੱਕ ਵਾਰ ਫਿਰ ਡਰੀ ਹੋਈ ਹਾਂ। ਆਪਣੇ ਲਈ, ਆਪਣੇ ਪਰਵਾਰ ਲਈ, ਅਤੇ ਆਪਣੇ ਬੱਚਿਆਂ ਲਈ। ਅਤੇ ਮੈਨੂੰ ਇੱਕ ਵਾਰ ਫਿਰ ਨਿਆਂ ਵਿੱਚ ਵਿਸ਼ਵਾਸ ਗੁਆਉਣ ਦਾ ਡਰ ਹੈ। ਮਾਣਯੋਗ ਸੁਪਰੀਮ ਕੋਰਟ ਉਨ੍ਹਾਂ ਆਦਮੀਆਂ ਦੀ ਸਜ਼ਾ ਨੂੰ ਕਿਵੇਂ ਮੁਅੱਤਲ ਕਰ ਸਕਦੀ ਹੈ ਜਿਨ੍ਹਾਂ ਨੇ ਮੇਰੇ ਨਾਲ ਅਜਿਹਾ ਕੀਤਾ? ਉਹ ਮੈਨੂੰ ਕਿਵੇਂ ਸੂਚਤ ਵੀ ਨਹੀਂ ਕਰ ਸਕਦੀ ਸੀ? ਉਹ ਇਹ ਵੀ ਕਿਵੇਂ ਯਕੀਨੀ ਨਹੀਂ ਬਣਾ ਸਕਦੀ ਸੀ ਕਿ ਮੇਰੀ ਆਵਾਜ਼ ਅਦਾਲਤ ਵਿੱਚ ਸੁਣੀ ਜਾਵੇ?"

28 ਅਕਤੂਬਰ ਨੂੰ, ਜਸਟਿਸ ਐੱਮ ਐੱਮ ਸੁੰਦਰੇਸ਼ ਅਤੇ ਜਸਟਿਸ ਪੀ ਬੀ ਵਰਾਲੇ ਦੀ ਬੈਂਚ ਨੇ ਜੋਸ਼ੀ ਅਤੇ ਮੋਢਿਆ ਦੀ ਉਮਰ ਕੈਦ ਦੀ ਸਜ਼ਾ ਨੂੰ ਮੁਅੱਤਲ ਕਰ ਦਿੱਤਾ, ਉਨ੍ਹਾਂ ਦੀ 17 ਸਾਲਾਂ ਦੀ ਲੰਬੀ ਕੈਦ ਦਾ ਹਵਾਲਾ ਦਿੰਦੇ ਹੋਏ। ਇਹ ਫੈਸਲਾ ਸੁਪਰੀਮ ਕੋਰਟ ਵੱਲੋਂ ਅਗਸਤ 2022 ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਹੇ 11 ਵਿਅਕਤੀਆਂ ਨੂੰ ਰਿਹਾਅ ਕਰਨ ਦੇ ਗੁਜਰਾਤ ਸਰਕਾਰ ਦੇ ਫੈਸਲੇ ਨੂੰ ਰੱਦ ਕਰਨ ਦੇ ਦੋ ਸਾਲ ਬਾਅਦ ਆਇਆ।

2024 ਦੇ ਆਪਣੇ ਫੈਸਲੇ ਵਿੱਚ, ਸੁਪਰੀਮ ਕੋਰਟ ਨੇ ਕਿਹਾ ਸੀ ਕਿ ਗੁਜਰਾਤ ਸਰਕਾਰ ਕੋਲ ਸਜ਼ਾ ਘਟਾਉਣ ਦਾ ਅਧਿਕਾਰ ਨਹੀਂ ਸੀ ਕਿਉਂਕਿ ਮੁਕੱਦਮਾ ਮੁੰਬਈ ਚਲਾ ਗਿਆ ਸੀ, ਜਿਸ ਕਾਰਨ ਮਹਾਰਾਸ਼ਟਰ ਇਸ ਫੈਸਲੇ ਲਈ ਜ਼ਿੰਮੇਵਾਰ ਸੀ। ਇਸ ਵਿੱਚ ਕਿਹਾ ਗਿਆ ਸੀ ਕਿ ਗੁਜਰਾਤ ਸਰਕਾਰ ਨੂੰ ਸਜ਼ਾ ਮੁਆਫੀ 'ਤੇ ਵਿਚਾਰ ਕਰਨ ਦਾ ਨਿਰਦੇਸ਼ ਦੇਣ ਵਾਲਾ ਅਦਾਲਤ ਦਾ 2022 ਦਾ ਹੁਕਮ ਧੋਖਾਧੜੀ ਨਾਲ ਅਤੇ ਭੌਤਿਕ ਤੱਥਾਂ ਨੂੰ ਦਬਾ ਕੇ ਪ੍ਰਾਪਤ ਕੀਤਾ ਗਿਆ ਸੀ। ਗੁਜਰਾਤ ਸਰਕਾਰ ਨੇ 28 ਅਕਤੂਬਰ ਨੂੰ ਸੁਪਰੀਮ ਕੋਰਟ ਵਿੱਚ ਹੋਈ ਕਾਰਵਾਈ ਦੌਰਾਨ ਦੋਵਾਂ ਦੋਸ਼ੀਆਂ ਦੀ ਰਿਹਾਈ ਦਾ ਵਿਰੋਧ ਕੀਤਾ ਸੀ।

2016 ਤੋਂ ਡੀ ਏ ਦੇ ਬਕਾਏ ਦੇਣ 'ਤੇ ਵਿਚਾਰ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਸਰਕਾਰ ਨੇ ਮੰਗਲਵਾਰ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੂੰ ਦੱਸਿਆ ਕਿ ਉਹ 1 ਜਨਵਰੀ, 2016 ਤੋਂ 30 ਜੂਨ, 2026 ਤੱਕ ਦੇ ਮਹਿੰਗਾਈ ਭੱਤੇ (ਡੀ ਏ) ਦੇ ਬਕਾਏ ਜਾਰੀ ਕਰਨ 'ਤੇ ਵਿਚਾਰ ਕਰ ਰਹੀ ਹੈ। ਜਿਵੇਂ ਹੀ ਮਾਮਲਾ ਮੁੜ ਸੁਣਵਾਈ ਲਈ ਆਇਆ ਸੂਬੇ ਦੇ ਵਕੀਲ ਨੇ ਬੈਂਚ ਨੂੰ ਦੱਸਿਆ ਕਿ ਸੁਪਰੀਮ ਕੋਰਟ ਦੇ ਸਾਹਮਣੇ ਲਏ ਗਏ ਸਟੈਂਡ ਦੇ ਮੁਤਾਬਕ ਬਕਾਏ ਜਾਰੀ ਕਰਨ 'ਤੇ ਵਿਚਾਰ ਕੀਤਾ ਜਾ ਰਿਹਾ ਹੈ।

ਇਹ ਘਟਨਾਕ੍ਰਮ ਇਸ ਲਈ ਮਹੱਤਵਪੂਰਨ ਹੈ ਕਿਉਂਕਿ ਇਹ ਪੰਜਾਬ ਦੇ ਮੁੱਖ ਸਕੱਤਰ ਕੇ ਏ ਪੀ ਸਿਨਹਾ ਵਿਰੁੱਧ ਚੱਲ ਰਹੀ ਮਾਣਹਾਨੀ ਦੀ ਕਾਰਵਾਈ ਦੇ ਵਿਚਕਾਰ ਸਾਹਮਣੇ ਆਇਆ ਹੈ। ਬਕਾਏ ਦਾ ਇਹ ਮੁੱਦਾ ਇਸ ਮਹੀਨੇ ਦੇ ਸ਼ੁਰੂ ਵਿੱਚ ਸੁਪਰੀਮ ਕੋਰਟ ਪਹੁੰਚਿਆ ਸੀ, ਜਿੱਥੇ ਸੂਬੇ ਦੇ ਵਕੀਲ ਨੇ ਕਿਹਾ ਸੀ ਕਿ ਉਹ ਇਸ ਬਾਰੇ ਹਦਾਇਤਾਂ ਲੈਣ ਤੋਂ ਬਾਅਦ ਜਵਾਬ ਦੇਣਗੇ ਕਿ ਅਗਲੇ ਸਾਲ 31 ਮਾਰਚ ਨੂੰ ਜਾਂ ਇਸ ਤੋਂ ਪਹਿਲਾਂ ਕਿੰਨੀ ਰਕਮ ਜਾਰੀ ਕੀਤੀ ਜਾਵੇਗੀ।

ਬੈਂਚ ਨਿਰਮਲ ਸਿੰਘ ਧਨੋਆ ਅਤੇ ਹੋਰ ਪਟੀਸ਼ਨਰਾਂ ਵੱਲੋਂ ਮੁੱਖ ਸਕੱਤਰ ਸਿਨਹਾ ਵਿਰੁੱਧ ਦਾਇਰ ਮਾਣਹਾਨੀ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਸੀ। ਜਸਟਿਸ ਹਰਸ਼ ਬੁੰਗਰ ਦੇ ਸਾਹਮਣੇ ਸੁਣਵਾਈ ਦੀ ਸ਼ੁਰੂਆਤ ਵੇਲੇ ਮੁੱਖ ਸਕੱਤਰ ਵੱਲੋਂ 13 ਨਵੰਬਰ ਨੂੰ ਦਾਇਰ ਕੀਤਾ ਗਿਆ ਇੱਕ ਹਲਫਨਾਮਾ ਰਿਕਾਰਡ 'ਤੇ ਰੱਖਿਆ ਗਿਆ।

ਹੋਰ ਗੱਲਾਂ ਦੇ ਨਾਲ-ਨਾਲ ਇਸ ਵਿੱਚ ਸੁਪਰੀਮ ਕੋਰਟ ਦੇ ਸਾਹਮਣੇ ਦਾਇਰ ਸੂਬੇ ਦੀ ਵਿਸ਼ੇਸ਼ ਛੁੱਟੀ ਪਟੀਸ਼ਨ, ਜਿਸ ਵਿੱਚ ਇਸ ਦਾ 5 ਨਵੰਬਰ ਦਾ ਹੁਕਮ ਵੀ ਸ਼ਾਮਲ ਹੈ, ਦਾ ਹਵਾਲਾ ਦਿੱਤਾ ਗਿਆ ਸੀ। ਬੈਂਚ ਸਾਹਮਣੇ ਪੇਸ਼ ਹੁੰਦਿਆਂ ਐਡਵੋਕੇਟ-ਜਨਰਲ ਮਨਿੰਦਰਜੀਤ ਸਿੰਘ ਬੇਦੀ ਨੇ ਦਲੀਲ ਦਿੱਤੀ ਕਿ ਸੁਪਰੀਮ ਕੋਰਟ ਦੇ ਸਾਹਮਣੇ ਲਏ ਗਏ ਸਟੈਂਡ ਮੁਤਾਬਕ ਸੂਬਾ ਸਰਕਾਰ ਪਹਿਲਾਂ ਹੀ 1 ਜਨਵਰੀ, 2016 ਤੋਂ 30 ਜੂਨ, 2026 ਤੱਕ ਦੀ ਮਿਆਦ ਦੇ ਡੀ ਏ ਬਕਾਏ ਜਾਰੀ ਕਰਨ 'ਤੇ ਵਿਚਾਰ ਕਰ ਰਹੀ ਹੈ।

ਐਡਵੋਕੇਟ-ਜਨਰਲ ਨੇ ਮੁੱਖ ਸਕੱਤਰ ਨੂੰ 3 ਨਵੰਬਰ ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਦਾ ਆਪਣਾ ਰਸਮੀ ਜਵਾਬ ਦਾਇਰ ਕਰਨ ਦੇ ਯੋਗ ਬਣਾਉਣ ਲਈ 1 ਦਸੰਬਰ ਤੋਂ ਅੱਗੇ ਥੋੜ੍ਹੀ ਹੋਰ ਮੋਹਲਤ ਦੀ ਮੰਗ ਕੀਤੀ। ਹੁਕਮ ਸੁਣਾਉਣ ਤੋਂ ਪਹਿਲਾਂ ਬੈਂਚ ਨੇ ਟਿੱਪਣੀ ਕੀਤੀ : ਦਲੀਲਾਂ 'ਤੇ ਵਿਚਾਰ ਕਰਨ ਤੋਂ ਬਾਅਦ ਅਤੇ ਸੁਪਰੀਮ ਕੋਰਟ ਵੱਲੋਂ 5 ਨਵੰਬਰ ਨੂੰ ਪਾਸ ਕੀਤੇ ਗਏ ਹੁਕਮ ਤੋਂ ਪੂਰੀ ਤਰ੍ਹਾਂ ਜਾਣੂ ਹੁੰਦੇ ਹੋਏ, ਇਹ

• ਬਾਕੀ ਸਫਾ 2 'ਤੇ

ਧਾਲੀਵਾਲ ਵੱਲੋਂ ਜੇਲ੍ਹ ਭਰੋ ਅੰਦੋਲਨ ਸਫਲ ਬਣਾਉਣ ਦਾ ਸੱਦਾ

ਰੋਪੜ (ਨਵਾਂ ਜ਼ਮਾਨਾ ਸਰਵਿਸ)



ਮੰਗਲਵਾਰ ਨੂੰ ਇੱਥੇ ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਕੌਂਸਲ ਰੋਪੜ ਦੀ ਮੀਟਿੰਗ ਹੋਈ ਜਿਸ ਵਿੱਚ ਪਾਰਟੀ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਵਿਸ਼ੇਸ਼ ਤੌਰ 'ਤੇ ਪੁੱਜੇ। ਜ਼ਿਲ੍ਹਾ ਇੰਚਾਰਜ ਨਰਿੰਦਰ ਕੌਰ ਸੋਹਲ ਸੂਬਾ ਸਕਤਰੇਤ ਮੈਂਬਰ ਵੀ ਹਾਜ਼ਰ ਸਨ। ਪਾਰਟੀ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਨੰਗਲੀ ਨੇ ਮੀਟਿੰਗ ਵਿਚ ਏਜੰਡਿਆਂ ਨੂੰ ਪੇਸ਼ ਕੀਤਾ। ਉਹਨਾਂ ਵਿੱਚ ਇੱਕ ਦਸੰਬਰ ਤੋਂ ਤਿੰਨ ਦਸੰਬਰ ਤੱਕ ਜੇਲ੍ਹ ਭਰੋ ਸੱਤਿਆਗ੍ਰਹਿ,ਪੰਜਾਬ ਵਿੱਚ ਜਲਦੀ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ, ਪਾਰਟੀ ਮੈਂਬਰਸ਼ਿਪ ਦਾ ਨਵੀਨੀਕਰਨ ਆਦਿ ਸ਼ਾਮਿਲ ਸਨ। ਦਵਿੰਦਰ ਨੰਗਲੀ ਵੱਲੋਂ ਏਜੰਡਿਆਂ ਦੀ ਵਿਆਖਿਆ ਕੀਤੀ ਗਈ ਅਤੇ ਅਮਲ ਕਰਨ ਲਈ ਤਜਵੀਜ਼ਾਂ ਰੱਖੀਆਂ ਗਈਆਂ। ਜ਼ਿਲ੍ਹਾ ਇੰਚਾਰਜ ਨਰਿੰਦਰ ਕੌਰ ਸੋਹਲ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਸਮੁੱਚੇ ਵਿਗੜ ਚੁੱਕੇ ਹਾਲਾਤ ਦਾ ਜ਼ਿਕਰ ਕੀਤਾ ਤੇ ਕਿਹਾ ਕਿ ਅੱਜ ਪੰਜਾਬ ਗੈਂਗਸਟਰਵਾਦ ਅਤੇ ਨਸ਼ਿਆਂ ਦੀ ਧਰਤੀ ਬਣ ਚੁੱਕਾ ਹੈ। ਜਿਸ ਦਾ ਹੀ ਸਿੱਟਾ ਹੈ ਕਿ ਕਤਲ, ਡਾਕੇ ,ਚੋਰੀਆਂ ਤੇ ਲੁੱਟਾਂ ਖੋਹਾਂ ਵਿੱਚ ਬੇਸ਼ੁਮਾਰ ਵਾਧਾ ਹੋ ਰਿਹਾ ਹੈ ਜੋ ਕਿ ਗੰਭੀਰ ਚਿੰਤਾ ਪੈਦਾ ਕਰਦਾ ਹੈ। ਉਹਨਾਂ ਨੇ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਇਹ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋ ਚੁੱਕੀ ਹੈ। ਭਰਿਸ਼ਟਾਚਾਰ,ਬੇਰੁਜ਼ਗਾਰੀ ਅਤੇ ਅਨੇਕਾਂ ਹੋਰ ਸਮੱਸਿਆਵਾਂ ਦਾ ਕੋਈ ਹੱਲ ਨਹੀਂ ਹੋ ਰਿਹਾ। ਨਿਰਮਲ ਸਿੰਘ ਧਾਲੀਵਾਲ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਵੱਲੋਂ ਇੱਕ ਦਸੰਬਰ ਤੋਂ ਤਿੰਨ ਦਸੰਬਰ ਤੱਕ ਜੇਲ੍ਹ ਭਰੋ ਅੰਦੋਲਨ ਦੇ ਦਿੱਤੇ ਸੱਦੇ ਦੇ ਸੰਬੰਧ ਵਿੱਚ ਕਿਹਾ ਕਿ ਅੱਜ ਮੋਦੀ ਰਾਜ ਵਿੱਚ ਸੰਵਿਧਾਨ ਨੂੰ ਖਤਰਾ ਖੜ੍ਹਾ ਕਰ ਦਿੱਤਾ ਗਿਆ ਹੈ। ਸੰਵਿਧਾਨ ਨੂੰ ਪੂਰੀ ਤਰ੍ਹਾਂ ਨਜ਼ਰ ਅੰਦਾਜ਼ ਕਰਕੇ ਦੇਸ਼ ਦੀਆਂ ਸਥਾਪਿਤ ਕਦਰਾਂ ਕੀਮਤਾਂ ਨੂੰ ਖਤਮ ਕੀਤਾ ਜਾ ਰਿਹਾ ਹੈ,ਫਿਰਕਾਪ੍ਰਸਤੀ ਅਤੇ ਤਾਨਾਸ਼ਾਹੀ ਦਾ ਬੋਲਬਾਲਾ ਕਾਇਮ ਕਰਨ ਲਈ ਆਰ ਐਸ ਐਸ ਦੁਆਰਾ ਸੰਚਾਲਤ ਇਹ ਸਰਕ

ਆਜ਼ਾਦ ਉਮੀਦਵਾਰ ਰਾਕੇਸ਼ ਬੱਗਾ ਨੂੰ ਲੋਕਾਂ ਦਾ ਭਰਵਾਂ ਸਮਰਥਨ



ਸਨੌਰ (ਰਾਜਿੰਦਰ ਸਿੰਘ ਥਿੰਦ)-ਹਲਕਾ ਸਨੌਰ ਤੋਂ ਅਜ਼ਾਦ ਉਮੀਦਵਾਰ ਰਾਕੇਸ਼ ਬੱਗਾ ਵੱਲੋ ਹਲਕੇ ਵਿੱਚ ਮੀਟਿੰਗਾਂ ਦਾ ਦੌਰ ਲਗਾਤਾਰ ਜਾਰੀ ਹੈ। ਇਸੇ ਲੜੀ ਤਹਿਤ ਪਿੰਡ ਦੌਣ ਕਲਾਂ ਵਿਖੇ ਰਾਕੇਸ਼ ਬੱਗਾ ਦੇ ਸਮਰਥਕ ਦਲਵਾਰਾ ਸਿੰਘ, ਇੰਦਰਵੀਰ ਸਿੰਘ,ਲਾਡੀ ਧਰਮ ਸਿੰਘ, ਬਿਕਰ ਸਿੰਘ ਵੱਲੋਂ ਵਿੱਚ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ।ਇਸ ਮੀਟਿੰਗ ਵਿੱਚ ਪਿੰਡ ਦੇ ਵੱਡੀ ਗਿਣਤੀ ਵਿੱਚ ਪਰਿਵਾਰਾਂ ਅਤੇ ਪਿੰਡ ਵਾਸੀਆਂ ਨੇ ਸ਼ਮੂਲੀਅਤ ਕਰਦਿਆਂ ਰਾਕੇਸ਼ ਬੱਗਾ ਨੂੰ ਆਪਣਾ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ।ਇਸ ਮੌਕੇ ਰਾਕੇਸ਼ ਬੱਗਾ ਨੇ ਅਤੇ ਉਹਨਾਂ ਦੀ ਟੀਮ ਹਰੀ ਸਿੰਘ ਦੋਣਕਲਾ, ਸਤਪਾਲ ਸਿੰਘ ਖ਼ਾਨਪੁਰ, ਸਵਰਨ ਸਿੰਘ ਬਾਜਵਾ, ਸੁਰਜੀਤ ਸਿੰਘ ਖ਼ਾਨਪੁਰ ਨੇ ਪਿੰਡ ਵਾਸੀਆਂ ਵੱਲੋਂ ਦਿੱਤੇ ਗਏ ਪਿਆਰ, ਸਤਿਕਾਰ ਅਤੇ ਸਮਰਥਨ ਲਈ ਧੰਨਵਾਦ ਪ੍ਰਗਟ ਕੀਤਾ।

ਚੰਨੀ ਦੀ 'ਜਵਾਨੀ ਸੰਭਾਲ ਸਾਈਕਲ ਯਾਤਰਾ' ਸਿਰਫ਼ ਸਿਆਸੀ ਡਰਾਮਾ : ਐਡਵੋਕੇਟ ਗੋਇਲ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਨਿਹਾਲ ਸਿੰਘ ਵਾਲਾ ਵਿੱਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ 'ਜਵਾਨੀ ਸੰਭਾਲ ਸਾਈਕਲ ਯਾਤਰਾ' 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਆਮ ਆਦਮੀ ਪਾਰਟੀ ਦੇ ਲੀਗਲ ਸੈੱਲ ਦੇ ਸੂਬਾ ਸੰਯੁਕਤ ਸਕੱਤਰ ਐਡਵੋਕੇਟ ਬੱਬਨ ਗੋਇਲ ਨੇ ਕਿਹਾ ਕਿ ਯਾਤਰਾ ਦਾ ਨਾਮ ਤਾਂ ਬੜਾ ਵੱਡਾ ਰੱਖ ਦਿੱਤਾ ਗਿਆ, ਪਰ ਜ਼ਮੀਨੀ ਹਕੀਕਤ ਵਿੱਚ ਨਾ ਜਵਾਨੀ ਦੇ ਭਵਿੱਖ ਦੀ ਕੋਈ ਗੱਲ ਹੋਈ ਅਤੇ ਨਾ ਹੀ ਸਾਈਕਲ ਦਿਖੇ।ਐਡਵੋਕੇਟ ਬੱਬਨ ਗੋਇਲ ਨੇ ਸਵਾਲ ਕੀਤਾ ਕਿ ਜਵਾਨੀ ਸੰਭਾਲਣ ਦੇ ਨਾਮ 'ਤੇ ਨਿਕਲਣ ਵਾਲੇ ਆਗੂ ਪਹਿਲਾਂ ਇਹ ਦੱਸਣ ਕਿ ਪੰਜਾਬ ਦੀ ਜਵਾਨੀ ਨੂੰ ਬੇਰੁਜ਼ਗਾਰੀ ਤੇ ਨਸ਼ਿਆਂ ਦੇ ਦਲਦਲ ਵਿੱਚੋਂ ਕੱਢਣ ਲਈ ਉਨ੍ਹਾਂ ਦਾ ਠੋਸ ਰੋਡਮੈਪ ਕੀ ਹੈ? ਉਨ੍ਹਾਂ ਕਿਹਾ ਕਿ ਸਿਰਫ਼ ਯਾਤਰਾ ਦੇ ਬੈਨਰ 'ਤੇ 'ਜਵਾਨੀ ਸੰਭਾਲ' ਲਿਖ ਦੇਣ ਨਾਲ ਜਵਾਨੀ ਨਹੀਂ ਸੰਭਲਦੀ।ਇਸ ਲਈ ਨੀਅਤ, ਨੀਤੀ ਤੇ ਜ਼ਮੀਨੀ ਕੰਮ ਦੀ ਲੋੜ ਹੁੰਦੀ ਹੈ, ਪਰ ਸਿਆਸੀ ਆਗੂ ਅਜੇ ਵੀ ਨਾਮਕਰਨ ਤੇ ਫੋਟੋਆਂ ਦੀ ਸਿਆਸਤ ਵਿੱਚ ਉਲਝੇ ਹੋਏ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਨਾਮਾਂ ਤੇ ਨਾਅਰਿਆਂ ਨਾਲ ਨਹੀਂ, ਕੰਮ ਦੇ ਹਿਸਾਬ ਨਾਲ ਸਿਆਸੀ ਆਗੂਆਂ ਦਾ ਮੁਲਾਂਕਣ ਕਰਨਗੇ, ਕਿਉਂਕਿ ਪੰਜਾਬ ਨੂੰ ਸਿਆਸੀ ਸਟੰਟ ਨਹੀਂ, ਜਵਾਨੀ ਦਾ ਭਵਿੱਖ ਬਚਾਉਣ ਵਾਲੀ ਸਿਆਸਤ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਉਕਤ ਯਾਤਰਾ ਵਿੱਚ ਨਿਹਾਲ ਸਿੰਘ ਵਾਲਾ ਦੀ ਕਾਂਗਰਸ ਦੀ ਲੋਕਲ ਟਕਸਾਲੀ ਲੀਡਰਸ਼ਿਪ ਦੀ ਗੈਰ-ਹਾਜ਼ਰੀ ਇਹ ਦਰਸਾਉਂਦੀ ਹੈ ਕਿ ਉਹ ਇਸ ਯਾਤਰਾ ਦਾ ਸਮਰਥਨ ਨਹੀਂ ਕਰਦੀ।

2600 ਲਾਈਨਮੈਨ ਅਪ੍ਰੈਂਟਿਸਸ਼ਿਪ ਯੂਨੀਅਨ ਦੇ ਕਾਰਕੁੰਨ ਮੁੜ ਬਿਜਲੀ ਦੇ ਟਾਵਰ 'ਤੇ ਚੜ੍ਹੇ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-2600 ਲਾਇਨਮੈਨ ਅਪ੍ਰੈਂਟਿਸਸ਼ਿਪ ਯੂਨੀਅਨ ਨੇ ਆਪਣੀਆਂ ਮੰਗਾਂ ਪੂਰੀਆਂ ਕਰਾਉਣ ਲਈ ਪੰਜਾਬ ਸਰਕਾਰ ਵਿਰੁੱਧ ਮੁੜ ਮੋਰਚਾ ਖੋਲ੍ਹਦਿਆ ਯੂਨੀਅਨ ਦੇ 7 ਨੁਮਾਇੰਦੇ ਮੁੜ ਟਾਵਰ 'ਤੇ ਜਾ ਚੜ੍ਹੇ ਹਨ।ਮੰਗਲਵਾਰ ਨੂੰ ਸਵੇਰ ਵੇਲੇ ਹੀ 2600 ਲਾਇਨਮੈਨ ਅਪ੍ਰੈਂਟਿਸਸ਼ਿਪ ਦੇ ਕਾਰਕੁੰਨਾਂ ਨੇ ਸੰਗਰੂਰ ਰੋਡ ਸਥਿਤ ਪਿੰਡ ਭੇਡਪੁਰਾ ਨੇੜੇ ਲੰਘਦੀ ਹਾਈਪਾਵਰ ਵੋਲਟੇਜ ਲਾਈਨ ਦੇ ਖੰਭੇ ਹੇਠਾਂ ਮੋਰਚਾ ਲਗਾ ਕੇ ਰੋਸ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ ਹੈ ਅਤੇ ਇਨ੍ਹਾਂ ਦੇ ਸੱਤ ਮੈਂਬਰ ਖੰਬੇ ਦੇ ਉਪਰ ਜਾ ਚੜ੍ਹੇ ਹਨ।ਜ਼ਿਕਰਯੋਗ ਹੈ ਕੇ ਇਹ ਸਿਖਿਆਰਥੀ ਪਿਛਲੇ 8 ਮਹੀਨਿਆਂ ਤੋਂ ਸੰਘਰਸ਼ ਕਰ ਰਹੇ ਹਨ ਤੇ ਪਹਿਲਾਂ ਵੀ ਇਨ੍ਹਾਂ ਨੇ ਪਾਵਰਕਾਮ ਦੇ ਮੁੱਖ ਦਫਤਰ ਸਾਹਮਣੇ ਲਗਾਏ ਧਰਨੇ ਦੌਰਾਨ ਹੋਏ ਲਾਠੀਚਾਰਜ ਤੋਂ ਬਾਅਦ ਟਾਵਰ ਮੋਰਚਾ ਸ਼ੁਰੂ ਕੀਤਾ ਸੀ, ਜਿਸ ਦੇ ਸਿੱਟੇ ਵਜੋਂ ਬਿਜਲੀ ਮੰਤਰੀ ਹਰਪਾਲ ਚੀਮਾ ਵੱਲੋਂ ਪ੍ਰੈੱਸ ਕਾਨਫਰੰਸ ਕਰ ਕੇ ਇਨ੍ਹਾਂ ਨੂੰ ਰੈਗੂਲਰ ਕਰਨ ਦਾ ਐਲਾਨ ਕੀਤਾ ਸੀ।ਮੈਨੇਜਮੈਂਟ ਵੱਲੋਂ ਸ਼ਰਤ ਸੀ ਕਿ ਪੰਜਾਬੀ ਏ ਪੇਪਰ ਪਾਸ ਕਰਨਾ ਲਾਜ਼ਮੀ ਹੈ।ਸਿਖਿਆਰਥੀਆਂ ਦਾ ਕਹਿਣਾ ਹੈ ਕਿ ਇਹ ਪੇਪਰ 20 ਜੁਲਾਈ ਨੂੰ ਹੋ ਚੁੱਕਾ ਹੈ ਤੇ ਕਈਆਂ ਨੇ ਪੇਪਰ ਪਾਸ ਕਰ ਲਿਆ ਹੈ, ਪਰ ਅੱਜ ਪੇਪਰ ਹੋਏ ਨੂੰ 4 ਮਹੀਨੇ ਹੋ ਗਏ ਹਨ, ਰਿਜ਼ਲਟ ਹੀ ਨਹੀਂ ਦਿੱਤਾ ਗਿਆ ਹੈ ਅਤੇ ਨਾ ਜੁਆਇਨਿੰਗ ਕਰਵਾਈ ਜਾ ਰਹੀ ਹੈ, ਜਿਸ ਦੇ ਰੋਸ ਵਜੋਂ ਮੁੜ ਮੋਰਚਾ ਖੋਲ੍ਹਣਾ ਪਿਆ ਹੈ।ਧਰਨਾਕਾਰੀਆ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਹੁਣ ਮੋਰਚਾ ਆਰ-ਪਾਰ ਦਾ ਹੋਵੇਗਾ।

ਵਿਧਾਇਕ ਸਿੱਧੂ ਨੇ ਕਾਲੋਕੇ 'ਚ 113 ਪਰਵਾਰਾਂ ਨੂੰ ਪ੍ਰਾਪਰਟੀ ਕਾਰਡ ਵੰਡੇ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੀ ਮਾਲਕੀ ਦਾ ਕਾਨੂੰਨੀ ਹੱਕ ਦੇਣ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਹਲਕਾ ਰਾਮਪੁਰਾ ਫੂਲ ਦੇ ਪਿੰਡ ਕਾਲੋਕੇ ਵਿਖੇ 113 ਪਰਵਾਰਾਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ।ਇਹ ਕਾਰਡ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਵੱਲੋਂ ਲਾਭਪਾਤਰੀ ਪਰਵਾਰਾਂ ਨੂੰ ਸੌਂਪੇ ਗਏ।ਇਸ ਮੌਕੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਨੂੰ ਤਰਜੀਹ ਦਿੰਦਿਆਂ ਅਜਿਹੀਆਂ ਯੋਜਨਾਵਾਂ ਲਾਗੂ ਕਰ ਰਹੀ ਹੈ, ਜਿਨ੍ਹਾਂ ਦਾ ਸਿੱਧਾ ਲਾਭ ਆਮ ਲੋਕਾਂ ਤੇ ਲੋੜਵੰਦ ਪਰਵਾਰਾਂ ਤੱਕ ਪਹੁੰਚ ਰਿਹਾ ਹੈ। 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਪ੍ਰਾਪਰਟੀ ਕਾਰਡ ਮਿਲਣ ਨਾਲ ਪਰਵਾਰਾਂ ਨੂੰ ਆਪਣੇ ਘਰਾਂ ਦੀ ਮਾਲਕੀ ਦਾ ਅਧਿਕਾਰ ਪ੍ਰਾਪਤ ਹੋ ਰਿਹਾ ਹੈ, ਜੋ ਉਨ੍ਹਾਂ ਲਈ ਭਵਿੱਖ ਵਿੱਚ ਵੀ ਲਾਹੇਵੰਦ ਸਾਬਿਤ ਹੋਵੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਬੁਨਿਆਦੀ ਲੋੜਾਂ ਤੇ ਹੱਕਾਂ ਨੂੰ ਧਿਆਨ ਵਿੱਚ ਰੱਖ ਕੇ ਲੋਕ-ਪੱਖੀ ਫੈਸਲੇ ਲੈ ਰਹੀ ਹੈ।ਉਨ੍ਹਾਂ ਇਸ ਲੋਕ-ਹਿੱਤਕਾਰੀ ਯੋਜਨਾ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਆਮ ਪਰਵਾਰਾਂ ਲਈ ਵੱਡੀ ਰਾਹਤ ਤੇ ਸਹੂਲਤ ਦਾ ਸਾਧਨ ਬਣ ਰਹੀਆਂ ਹਨ।ਇਸ ਦੌਰਾਨ ਪ੍ਰਾਪਰਟੀ ਕਾਰਡ ਪ੍ਰਾਪਤ ਕਰਨ ਵਾਲੇ ਪਰਵਾਰਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਕਾਰਡਾਂ ਨਾਲ ਉਨ੍ਹਾਂ ਨੂੰ ਆਪਣੇ ਘਰਾਂ ਦੀ ਮਾਲਕੀ ਸਬੰਧੀ ਅਹਿਮ ਦਸਤਾਵੇਜ਼ ਮਿਲੇ ਹਨ।ਉਨ੍ਹਾਂ ਇਸ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਬਾਰ ਐਸੋਸੀਏਸ਼ਨ ਵੱਲੋਂ ਸਾਬਕਾ ਮੁੱਖ ਮੰਤਰੀ ਚੰਨੀ ਦਾ ਸਨਮਾਨ



ਤਲਵੰਡੀ ਸਾਬੋ (ਜਗਦੀਪ ਗਿੱਲ)-ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਸਾਬਕਾ ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ ਦੀ ਤਲਵੰਡੀ ਸਾਬੋ ਵਿਖੇ ਯਾਤਰਾ ਦੌਰਾਨ ਬਾਰ ਐਸੋਸੀਏਸ਼ਨ ਤਲਵੰਡੀ ਸਾਬੋ ਵੱਲੋਂ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਸੰਜੀਵ ਕੁਮਾਰ ਲਹਿਰੀ ਦੀ ਅਗਵਾਈ ਹੇਠ ਆਪਣੀਆਂ ਮੰਗਾਂ ਸਬੰਧੀ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਮੰਗ ਪੱਤਰ ਦਿੱਤਾ ਗਿਆ।ਇਸ ਮੌਕੇ ਬਾਰ ਐਸੋਸੀਏਸ਼ਨ ਵੱਲੋਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਸਨਮਾਨਤ ਵੀ ਕੀਤਾ ਗਿਆ।ਇਸ ਸਮੇਂ ਐਡਵੋਕੇਟ ਗੁਰਦੀਪ ਸਿੰਘ ਸਿੱਧੂ ਸੈਕਟਰੀ, ਐਡਵੋਕੇਟ ਅਮਰਿੰਦਰ ਸਿੰਘ ਸਿੱਧੂ ਵਾਇਸ ਪ੍ਰਧਾਨ, ਐਡਵੋਕੇਟ ਸੰਦੀਪ ਕੌਰ ਬਾਵਾ ਵਾਈਸ ਪ੍ਰਧਾਨ, ਐਡਵੋਕੇਟ ਪੂਨਮ ਗੋਇਲ ਜੁਆਇੰਟ ਸੈਕਟਰੀ, ਐਡਵੋਕੇਟ ਰਣਦੀਪ ਸਿੰਘ ਘਾਰੂ ਖਜ਼ਾਨਚੀ, ਐਡਵੋਕੇਟ ਜਗਦੀਪ ਸਿੰਘ ਪੂਨੀਆ ਸਾਬਕਾ ਪ੍ਰਧਾਨ, ਐਡਵੋਕੇਟ ਅਵਤਾਰ ਸਿੰਘ ਸਿੱਧੂ, ਐਡਵੋਕੇਟ ਹਰਦੇਵ ਸਿੰਘ ਗਿਆਨਾ, ਐਡਵੋਕੇਟ ਗੁਰਟੇਕ ਸਿੰਘ ਜਟਾਣਾ, ਐਡਵੋਕੇਟ ਫਤਿਹ ਸਿੰਘ ਬਰਾੜ, ਐਡਵੋਕੇਟ ਰੋਸ਼ਮ ਸਿੰਘ ਲਾਲੇਆਣਾ ਸਮੇਤ ਵੱਡੀ ਗਿਣਤੀ ਵਿੱਚ ਐਡਵੋਕੇਟ ਸਾਹਿਬ ਹਾਜ਼ਰ ਸਨ।

ਚੰਨੀ ਦੀ ਬਰਨਾਲਾ ਰੈਲੀ 2027 ਦੀਆਂ ਚੋਣਾਂ 'ਚ ਕਾਂਗਰਸ ਦੀ ਜਿੱਤ ਦਾ ਮੁੱਢ ਬੰਨ੍ਹੇਗੀ : ਗੁਰਮੇਲ ਮੌੜ



ਮਹਿਲ ਕਲਾਂ (ਪ੍ਰਦੀਪ ਸਿੰਘ ਲੌਂਗਡ਼)-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਤੇ ਕਾਂਗਰਸ ਪ੍ਰਚਾਰ ਕਮੇਟੀ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਹੇਠ ਕੱਢੀ ਜਾ ਰਹੀ 'ਜਵਾਨ ਸੰਭਾਲ ਯਾਤਰਾ' 18 ਨਵੰਬਰ ਨੂੰ ਬਰਨਾਲਾ ਵਿਖੇ ਪਹੁੰਚ ਰਹੀ ਹੈ।ਇਸ ਮੌਕੇ 16 ਏਕੜ ਵਿਖੇ ਵਿਸ਼ਾਲ ਰੈਲੀ ਕੀਤੀ ਜਾਵੇਗੀ, ਜੋ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਪਾਰਟੀ ਦੀਆਂ ਸਰਗਰਮੀਆਂ ਨੂੰ ਨਵੀਂ ਦਿਸ਼ਾ ਦੇਵੇਗੀ।ਇਹ ਰੈਲੀ ਜ਼ਿਲ੍ਹਾ ਬਰਨਾਲਾ ਦੇ ਤਿੰਨਾਂ ਵਿਧਾਨ ਸਭਾ ਹਲਕਿਆਂ ਬਰਨਾਲਾ, ਮਹਿਲ ਕਲਾਂ ਤੇ ਭਦੌੜ ਵਿੱਚ ਕਾਂਗਰਸ ਦੀ ਜਿੱਤ ਦਾ ਮੁੱਢ ਬੰਨ੍ਹੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਐੱਸ.ਸੀ. ਵਿਭਾਗ ਦੇ ਜ਼ਿਲ੍ਹਾ ਚੇਅਰਮੈਨ ਗੁਰਮੇਲ ਸਿੰਘ ਮੌੜ ਨੇ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਪਿੰਡ ਛਾਪਾ ਵਿਖੇ ਕਾਂਗਰਸ ਪਾਰਟੀ ਦੇ ਐੱਸ.ਸੀ. ਵਿਭਾਗ ਦੀ ਵਿਸ਼ੇਸ਼ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਸੂਬੇ ਦੇ ਲੋਕ ਨਿਰਾਸ਼ ਹੋ ਚੁੱਕੇ ਹਨ ਤੇ ਕਾਂਗਰਸ ਪਾਰਟੀ ਵੱਲ ਉਮੀਦ ਭਰੀਆਂ ਨਜ਼ਰਾਂ ਨਾਲ ਦੇਖ ਰਹੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਸ਼ਾਨਦਾਰ ਜਿੱਤ ਦਰਜ ਕਰੇਗੀ।ਇਸ ਮੌਕੇ ਗੁਰਮੇਲ ਸਿੰਘ ਮੌੜ ਨੇ ਪਾਰਟੀ ਪ੍ਰਤੀ ਨਿਭਾਈਆਂ ਸੇਵਾਵਾਂ ਨੂੰ ਦੇਖਦਿਆਂ ਬਾਰਾ ਸਿੰਘ ਨੂੰ ਐੱਸ.ਸੀ. ਵਿਭਾਗ ਦਾ ਜ਼ਿਲ੍ਹਾ ਜਨਰਲ ਸਕੱਤਰ ਨਿਯੁਕਤ ਕੀਤਾ ਤੇ ਉਨ੍ਹਾਂ ਨੂੰ ਰਸਮੀ ਤੌਰ 'ਤੇ ਨਿਯੁਕਤੀ ਪੱਤਰ ਸੌਂਪਿਆ।ਉਨ੍ਹਾਂ ਹਲਕਾ ਮਹਿਲ ਕਲਾਂ ਦੇ ਸਮੂਹ ਕਾਂਗਰਸੀ ਆਗੂਆਂ, ਵਰਕਰਾਂ ਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ 18 ਨਵੰਬਰ ਨੂੰ ਬਰਨਾਲਾ ਵਿਖੇ ਹੋਣ ਵਾਲੀ ਰੈਲੀ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਤੇ ਇਸ ਨੂੰ ਸਫ਼ਲ ਬਣਾਉਣ।

ਪੁਰਾਣੇ ਤੇ ਨਵੇਂ ਹੱਦ ਕਰਜ਼ੇ ਬੰਦ ਹੋਣ ਕਾਰਨ ਕਿਸਾਨਾਂ 'ਚ ਭਾਰੀ ਰੋਸ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਭਾਰਤੀ ਕਿਸਾਨ ਯੂਨੀਅਨ ਚੜੂਨੀ ਦੀ ਇੱਕ ਜ਼ਰੂਰੀ ਮਿਟਿੰਗ ਮੁੱਖ ਦਫਤਰ ਹੈਡ ਆਫਿਸ ਰਾਜਪੁਰਾ ਵਿਖੇ ਹੋਈ ਜਿਸ ਵਿਚ ਬੈਂਕਾਂ ਵੱਲੋਂ ਲਾਗੂ ਕੀਤੀ ਕੇ.ਸੀ.ਸੀ. ਸਕੀਮ ਦੇ ਵਿਰੋਧ ਦਾ ਐਲਾਨ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਪੰਜਾਬ ਦੀਆਂ ਸਹਿਕਾਰੀ ਬੈਂਕਾਂ ਵੱਲੋਂ ਸਹਿਕਾਰੀ ਸਭਾਵਾਂ ਦੇ ਪੁਰਾਣੇ ਅਤੇ ਨਵੇਂ ਹੱਦ ਕਰਜ਼ੇ ਬਣਾਉਣੇ ਬੰਦ ਕਰਨ, 5 ਏਕੜ ਵਾਲੇ ਕਿਸਾਨਾਂ ਦੀ ਹਿੱਸੇਦਾਰੀ 3 ਪ੍ਰਤੀਸ਼ਤ ਤੋਂ ਵਧਾ ਕੇ 6 ਫੀਸਦੀ ਕਰਨ ਅਤੇ 5 ਏਕੜ ਤੋਂ ਵੱਧ ਜ਼ਮੀਨ ਵਾਲੇ ਕਿਸਾਨਾਂ ਦੇ 3 ਲੱਖ ਰੁਪਏ ਦੇ ਹੱਦ ਕਰਜ਼ੇ 'ਚ ਹਿਸੇਦਾਰੀ 18 ਹਜ਼ਾਰ ਰੁਪਏ ਕੀਤੇ ਜਾਣ ਦੇ ਮਾਮਲੇ ਨੂੰ ਲੈ ਕੇ ਸਹਿਕਾਰੀ ਸਭਾਵਾਂ ਨਾਲ ਸਬੰਧਤ ਕਿਸਾਨਾਂ 'ਚ ਰੋਸ ਪਾਇਆ ਜਾ ਰਿਹਾ ਹੈ । ਇਹ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਚੜੂਨੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਹੈਪੀ, ਭਾਰਤੀ ਕਿਸਾਨ ਯੂਨੀਅਨ ਚੜੂਨੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਜਸਮੇਰ ਸਿੰਘ ਗਿੱਲ ਨੇ ਸਾਂਝੇ ਤੌਰ 'ਤੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਨਵੇਂ ਨਿਯਮਾਂ ਅਨੁਸਾਰ 2 ਲੱਖ ਰੁਪਏ ਤੋਂ ਵੱਧ ਕਰਜੇ ਲਈ ਹੁਣ ਜ਼ਮੀਨ ਰਹਿਣ ਕੀਤੀ ਜਾਵੇਗੀ ਜਦ ਕੀ ਪਹਿਲਾਂ ਅਜਿਹਾ ਕੋਈ ਨਿਯਮ ਨਹੀਂ ਸੀ ਹੁੰਦਾ। ਉਕਤ ਕਿਸਾਨ ਆਗੂਆਂ ਨੇ ਕਿਹਾ ਸਹਿਕਾਰੀ ਸਭਾਵਾਂ ਪੰਜਾਬ ਸਹਿਕਾਰੀ ਸੋਸਾਇਟੀ ਐਕਟ 1961 ਅਧੀਨ ਰਜਿਸਟਿਰਡ ਹਨ ਅਤੇ ਬੈਂਕ ਵੀ ਸਹਿਕਾਰੀ ਸੋਸਾਇਟੀ ਅਧੀਨ ਹਨ ਭਾਵ ਕਿ ਦੋਵਾਂ ਦੇ ਬੋਰਡ ਆਫ ਡਾਇਰੈਕਟਰ ਹਨ, ਜੋ ਨਿਯਮ ਬਣਾਉਂਦੇ ਅਤੇ ਲਾਗੂ ਕਰਦੇ ਹਨ। ਸੁਬਾਈ ਕਿਸਾਨ ਆਗੂਆਂ ਨੇ ਦੱਸਿਆ ਕਿ ਸਹਿਕਾਰੀ ਸਭਾਵਾਂ ਬੈਂਕਾਂ ਦੀਆਂ ਮੁਢਲੀਆਂ ਮੈਂਬਰ ਹਨ, ਭਾਵ ਮੈਂਬਰ ਹੋਲਡਰ ਹਨ ਜੇਕਰ ਸਰਕਾਰ ਕੇ . ਸੀ. ਸੀ. ਸਕੀਮ ਲਾਗੂ ਕਰਨਾ ਚਾਹੁੰਦੀ ਹੈ ਤਾ ਫਿਰ ਸਹਿਕਾਰੀ ਸੋਸਾਇਟੀ ਐਕਟ ਦਾ ਕੋਈ ਮਤਲਬ ਨਹੀਂ ਰਹਿ ਜਾਂਦਾ। ਕਿਸਾਨ ਆਗੂਆਂ ਨੇ ਸੂਬੇ ਦੇ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਸਹਿਕਾਰੀ ਬੈਂਕਾਂ ਦੇ ਇਸ ਫੈਸਲੇ ਦਾ ਡਟਕੇ ਵਿਰੋਧ ਕੀਤਾ ਜਾਵੇ । ਮੀਟਿੰਗ ਵਿਚ ਸੂਬਾ ਸਕੱਤਰ ਮਲਕੀਅਤ ਸਿੰਘ ਸੰਜਰਪੁਰ, ਸ਼ਰਨਜੀਤ ਸਿੰਘ ਸੋਨਾ ਸਿੱਧੂ ਮੀਤ ਪ੍ਰਧਾਨ ਪੰਜਾਬ,ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਸਤਿਨਾਮ ਸਿੰਘ ਆਕੜ

ਐੱਨ ਐੱਚ ਐੱਮ ਯੂਨੀਅਨ ਵੱਲੋਂ ਸਿਵਲ ਸਰਜਨ ਦਫਤਰ ਤਰਨ ਤਾਰਨ ਵਿਖੇ ਧਰਨਾ ਜਾਰੀ : ਪ੍ਰਧਾਨ ਸਨਦੀਪ ਸਿੰਘ

ਤਰਨ ਤਾਰਨ/ਚੋਹਲਾ ਸਾਹਿਬ (ਰਮਨ ਚੱਡਾ)- ਐਨ ਐਚ ਐਮ ਯੂਨੀਅਨ ਵੱਲੋਂ ਰੈਗੂਲਰ ਹੋਣ ਸੰਬੰਧੀ ਲਗਾਤਾਰ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ ਇਹ ਜਾਣਕਾਰੀ ਪੱਤਰਕਾਰਾਂ ਨੂੰ ਜਿਲ੍ਹਾ ਪ੍ਰਧਾਨ ਤਰਨਤਾਰਨ ਮਨਦੀਪ ਸਿੰਘ ਨੇ ਦਿੱਤੀ। ਉਹਨਾਂ



ਕਿਹਾ ਕਿ ਐਨ ਐਚ ਐਮ ਕਰਮਚਾਰੀ ਲੰਮੇ ਸਮੇਂ ਤੋਂ ਘੱਟ ਤਨਖਾਹਾਂ 'ਤੇ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਮਜਬੂਰ ਹਨ। ਉਹਨਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ, ਜਦ ਉਹਨਾਂ ਦੀ ਯੂਨੀਅਨ ਰਵਾਇਤੀ ਪਾਰਟੀਆਂ ਦੇ ਅੱਤਿਆਚਾਰ ਤੋਂ ਦੁਖੀ ਸਨ, ਉਸ ਸਮੇਂ ਉਹਨਾਂ ਨਾਲ ਪੱਕਾ ਵਾਅਦਾ ਕੀਤਾ ਸੀ ਕਿ ਪੰਜਾਬ ਵਿੱਚ ਸਰਕਾਰ ਆਉਣ 'ਤੇ ਐਨ ਐਚ ਐਮ ਕਰਮਚਾਰੀਆਂ ਨੂੰ ਤੁਰੰਤ ਪੱਕਾ ਕਰ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਬੜੇ ਅਫਸੋਸ ਦੀ ਗੱਲ ਹੈ ਕਿ ਲਗਪਗ ਪੰਜ ਸਾਲ ਬੀਤਣ ਵਾਲੇ ਹਨ ਅਤੇ ਮਾਨ ਸਰਕਾਰ ਉਹਨਾਂ ਨੂੰ ਲਾਰੇ ਤੇ ਲਾਰਾ ਲਗਾ ਰਹੀ ਹੈ ਅਤੇ ਪੱਕਾ ਨਹੀਂ ਕਰ ਰਹੀ ਹੈ। ਇਸ ਮੌਕੇ ਜੈਸਮੀਨ ਕੌਰ ਸੀ ਐਚ ਓ,ਰਵਿੰਦਰ ਕੌਰ ਸੀ ਐਚ ਓ, ਤਰਸੇਮ ਸਿੰਘ, ਸੰਦੀਪ ਬੀ ਐਸ ਏ, ਸੰਦੀਪ ਸਿੰਘ ਆਈ ਏ, ਰਮਨਦੀਪ ਕੌਰ ਸੀ.ਐਚ.ਓ. ਕੈਰੋਂ, ਜੁਗਰਾਜ ਸਿੰਘ, ਵਿਦਿਆ ਦੇਵੀ, ਅਮਰਜੀਤ ਕੌਰ ਸੀ.ਐਚ.ਓ ਖੇਮਕਰਨ, ਵਿਸ਼ਾਲ ਕੁਮਾਰ, ਕੁਲਵੰਤ ਕੌਰ, ਸੁਪ੍ਰੀਤ ਕੌਰ, ਨਵਜੋਤ ਕੌਰ ਸਰਹਾਲੀ, ਰਵਿੰਦਰ ਕੌਰ, ਜੀਵਨਜੋਤ ਸਿੰਘ, ਮਨਦੀਪ ਕੌਰ ਸੀ.ਐਚ.ਓ ਝਬਾਲ, ਮਨਜਿੰਦਰ ਸਿੰਘ,ਪ੍ਰਵੀਨ ਕੌਰ, ਪ੍ਰਭਜੀਤ ਕੌਰ ਸੁਰਸਿੰਘ, ਜਗਦੀਪ ਕੌਰ, ਗੁਰਪ੍ਰੀਤ ਕੌਰ, ਡਾ ਅਮਨ, ਯੋਗੇਸ਼ ਗਿੱਲ, ਡਾ ਸ਼ਰਨ ਕਸੇਲ, ਡਾ ਚੰਦਨ ਸ਼ਰਮਾ ਘਰਿਆਲਾ, ਡਾ ਗੁਰਸ਼ਰਨ ਸਿੰਘ, ਤਰੁਣ, ਸੰਦੀਪ ਸਿੰਘ ਸੀ.ਓ., ਕੰਵਲਜੀਤ ਕੌਰ ਡੀ.ਐਸ.ਏ., ਸਿਮਰਜੀਤ ਸਿੰਘ ਕੰਪਿਊਟਰ ਆਪ੍ਰੇਟਰ,ਜਤੇਸ਼ ਕੁਮਾਰ ਕੰਪਿਊਟਰ ਆਪ੍ਰੇਟਰ,ਕਰਮਜੀਤ ਕੌਰ ਕੰਪਿਊਟਰ ਆਪ੍ਰੇਟਰ, ਆਰੂਸ਼ ਭੱਲਾ, ਕੋਮਲਜੀਤ ਕੌਰ, ਸੁਮਨ ਸਿੱਧੂ, ਰਜਿੰਦਰ ਸਿੰਘ, ਪ੍ਰਗਟ ਸਿੰਘ, ਕਮਲਜੀਤ ਕੌਰ, ਮਨਿੰਦਰ ਕੌਰ ਆਦਿ ਐਨ.ਐਚ.ਐਮ ਕਰਮਚਾਰੀ ਹਾਜਰ ਸਨ।

ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਸਕੂਲ ਧਾਰੀਵਾਲ ਨੇ ਜਿੱਤੀ ਓਵਰਆਲ ਟਰਾਫ਼ੀ



ਧਾਰੀਵਾਲ (ਮਨਦੀਪ ਵਿੱਕੀ) - ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖ਼ਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਦੇ ਵਿਦਿਆਰਥੀਆਂ ਨੇ ਅੰਤਰ-ਸਕੂਲ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਵਰਆਲ ਟਰਾਫ਼ੀ ਜਿੱਤ ਕੇ ਸਕੂਲ ਅਤੇ ਆਪਣੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ। ਇਸ ਸਬੰਧੀ ਖੁਸ਼ੀ ਪ੍ਰਗਟ ਕਰਦਿਆਂ ਸਕੂਲ ਪ੍ਰਿੰਸੀਪਲ ਡਾ: ਗਗਨਜੀਤ ਕੌਰ ਨੇ ਦੱਸਿਆ ਬਾਬਾ ਅਜੈ ਸਿੰਘ ਖ਼ਾਲਸਾ ਕਾਲਜ ਗੁਰਦਾਸਨੰਗਲ ਵਿਖੇ ਕਰਵਾਏ ਗਏ ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਐਥਲੈਟਿਕਸ, ਬੈਡਮਿੰਟਨ ਅਤੇ ਵੱਖ-ਵੱਖ ਟੀਮ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਡਰ- 17 ਵਰਗ ਵਿੱਚ ਜਸਕੀਰਤ ਸਿੰਘ ਨੇ 200 ਮੀਟਰ ਦੌੜ ਵਿੱਚ ਦੂਜਾ ਅਤੇ ਲੰਬੀ ਛਾਲ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਸਾਹਿਬ ਸਿੰਘ ਨੇ ਸ਼ਾਟ ਪੁੱਟ ਵਿੱਚ ਪਹਿਲਾ ਅਤੇ ਅਰਪਨਪ੍ਰੀਤ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਤਿੰਨ ਟੰਗਾਂ ਵਾਲੀ ਦੌੜ ਵਿੱਚ ਗੁਰਬਖਸ਼ ਸਿੰਘ ਅਤੇ ਧਰੁਵ ਨੇ ਪਹਿਲਾ, ਦਮਨਪ੍ਰੀਤ ਸਿੰਘ ਅਤੇ ਸਾਹਿਬ ਸਿੰਘ ਨੇ ਤੀਜਾ ਜਦ ਕਿ ਲੜਕੀਆਂ ਵਿੱਚ ਸੋਨੀਆ ਅਤੇ ਮਨਰੀਤ ਨੇ ਪਹਿਲਾ ਸਥਾਨ ਹਾਸਲ ਕੀਤਾ। ਜਸਮੀਤ ਕੌਰ ਨੇ ਡਿਸਕਸ ਥਰੋ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਅੰਡਰ-19 ਵਰਗ ਵਿੱਚ ਮੋਹਿਤ ਨੇ 100 ਮੀਟਰ ਦੌੜ ਵਿੱਚ ਪਹਿਲਾ, ਮਨਜਿੰਦਰ ਸਿੰਘ ਨੇ ਦੂਜਾ, ਵੰਸ਼ ਨੇ 800 ਮੀਟਰ ਅਤੇ ਦਕਸ਼ ਨੇ 200 ਮੀਟਰ ਦੌੜ ਵਿੱਚ ਦੂਜਾ, ਜਦ ਕਿ ਰਾਜਬੀਰ ਸਿੰਘ ਨੇ 200 ਮੀਟਰ ਦੌੜ ਵਿੱਚ ਤੀਜਾ ਸਥਾਨ ਹਾਸਲ ਕੀਤਾ। 4 ਗੁਣਾ100 ਮੀਟਰ ਰਿਲੇਅ ਦੌੜ ਵਿੱਚ ਲੜਕਿਆਂ ਅਤੇ ਲੜਕੀਆਂ ਦੋਵਾਂ ਦੀਆਂ ਟੀਮਾਂ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਸ਼ਾਟ ਪੁੱਟ ਵਿੱਚ ਮਨਜਿੰਦਰ ਸਿੰਘ ਨੇ ਪਹਿਲਾ, ਗੁਰਸੇਵਕ ਸਿੰਘ ਨੇ ਦੂਜਾ ਅਤੇ ਪ੍ਰਭਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਰਾਜਬੀਰ ਸਿੰਘ ਨੇ ਡਿਸਕਸ ਥਰੋ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਬੈਡਮਿੰਟਨ ਵਿੱਚ ਲੜਕਿਆਂ ਦੀ ਟੀਮ (ਦਾਨਿਸ਼ ਖੋਸਲਾ ਅਤੇ ਦਾਨਿਸ਼ ਸ਼ਰਮਾ) ਅਤੇ ਲੜਕੀਆਂ ਦੀ ਟੀਮ (ਪੂਰਵਾ ਅਤੇ ਬਲੇਸੀ) ਨੇ ਪਹਿਲਾ ਸਥਾਨ ਹਾਸਲ ਕੀਤਾ। ਅੰਡਰ-19 ਵਾਲੀਬਾਲ ਟੀਮ ਨੇ ਤੀਜਾ ਅਤੇ ਅੰਡਰ-17 ਰੱਸਾਕਸ਼ੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਸਕੂਲ ਪਹੁੰਚਣ 'ਤੇ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੀ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਡਾ. ਗਗਨਜੀਤ ਕੌਰ ਨੇ ਜੇਤੂ ਵਿਦਿਆਰਥੀਆਂ, ਕੋਚਾਂ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ।

ਛੇ ਮਹੀਨਿਆਂ ਤੋਂ ਸਕੂਲਾਂ ਨੂੰ ਨਹੀਂ ਮਿਲੀ ਮਿੱਡ-ਡੇ-ਮੀਲ ਗ੍ਰਾਂਟ

ਵੇਰਕਾ (ਰਾਣਾ)- ਸਰਕਾਰ ਵੱਲੋਂ ਸਕੂਲਾਂ ਅੰਦਰ ਪੜ੍ਹਨ ਵਾਲੇ ਗਰੀਬ ਤੇ ਲੋੜਵੰਦ ਬੱਚਿਆਂ ਨੂੰ ਦਿੱਤੇ ਜਾਣ ਵਾਲੇ ਪੌਸ਼ਟਿਕ ਭੋਜਨ ਮਿੱਡ-ਡੇ-ਮੀਲ ਦੀ ਰਾਸ਼ੀ ਦੀ ਗ੍ਰਾਂਟ ਲੰਘੇ ਛੇ ਮਹੀਨਿਆਂ ਤੋਂ ਸਕੂਲਾਂ ਨੂੰ ਨਾ ਮਿਲਣ ਕਾਰਨ ਸਕੂਲ ਮੁੱਖੀ ਡਾਹਢੇ ਤੰਗ-ਪ੍ਰੇਸ਼ਾਨ ਹਨ। ਸਕੂਲ ਮੁੱਖੀ ਆਪਣੇ ਨਿੱਜੀ ਖਰਚ 'ਤੇ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਮਿੱਡ-ਡੇ-ਮੀਲ ਪਰੋਸਣ ਲਈ ਬੇਵੱਸ ਹਨ। ਹੁਣ ਸਕੂਲ ਮੁੱਖੀਆਂ ਨੇ ਵੀ ਮਿੱਡ-ਡੇ-ਮੀਲ ਦੀ ਰਾਸ਼ੀ ਆਪਣੀ ਜੇਬ 'ਚੋਂ ਖਰਚਣ ਤੋਂ ਨਾਂਹ ਕਰ ਦਿੱਤੀ ਹੈ। ਮਾਪਿਆਂ ਨੂੰ ਸੁਨੇਹਾ ਦਿੱਤਾ ਗਿਆ ਹੈ ਕਿ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਦੇ ਵਾਂਗੂੰ ਹੀ ਦੁਪਹਿਰ ਦਾ ਖਾਣਾ ਘਰ ਤੋਂ ਬਣਾ ਕੇ ਭੇਜਿਆ ਜਾਵੇ।ਮਾਪਿਆਂ ਵਿਚ ਸਿੱਖਿਆ ਮਹਿਕਮੇ ਪ੍ਰਤੀ ਭਾਰੀ ਰੋਸ ਅਤੇ ਨਰਾਜ਼ਗੀ ਪ੍ਰਗਟਾਈ ਜਾ ਰਹੀ ਹੈ। ਵਰਣਨਯੋਗ ਹੈ ਕਿ ਛੋਟੇ ਤੋਂ ਛੋਟੇ ਸਕੂਲ ਦੀ ਪਿਛਲੇ ਛੇ ਮਹੀਨਿਆਂ ਦੀ ਮਿੱਡ-ਡੇ-ਮੀਲ ਦੀ ਰਾਸ਼ੀ ਲਗਭਗ 50 ਹਜ਼ਾਰ ਅਤੇ ਵੱਡੇ ਸਕੂਲਾਂ ਦੀ ਰਾਸ਼ੀ ਲੱਖਾਂ ਰੁਪਏ ਬਕਾਇਆ ਹੈ। ਇਸ ਸੰਬੰਧ ਵਿੱਚ ਸਮਾਜਿਕ ਨਿਆਂ, ਸਸ਼ਕਤੀਕਰਨ ਵੈਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਜ਼ਿਲਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ, ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ, ਸਲਾਹਕਾਰ ਹਰਮਨਦੀਪ ਸਿੰਘ ਛੀਨਾ, ਸੀਨੀ: ਮੀਤ ਪ੍ਰਧਾਨ ਜਗਜੀਤ ਕੁਮਾਰ ਹਰੀਪੁਰਾ ਅਤੇ ਸਾਹਿਬ ਸਿੰਘ ਜ਼ਿਲਾ ਪ੍ਰਧਾਨ ਐਸ.ਐਲ.ਏ ਯੂਨੀਅਨ ਅੰਮ੍ਰਿਤਸਰ ਨੇ ਮੁੱਖ ਮੰਤਰੀ ਪੰਜਾਬ ਅਤੇ ਸਿੱਖਿਆ ਵਿਭਾਗ (ਸਕੂਲਜ) ਪੰਜਾਬ ਦੇ ਉੱਚ ਅਧਿਕਾਰੀਆਂ ਪਾਸੋਂ ਮਿੱਡ-ਡੇ-ਮੀਲ ਦੀ ਉਕਤ ਰਾਸ਼ੀ ਛੇਤੀ ਤੋਂ ਛੇਤੀ ਜਾਰੀ ਕਰਨ ਦੀ ਪੁਰਜ਼ੋਰ ਮੰਗ ਕੀਤੀ ਹੈ । ਇਸੇ ਦੌਰਾਨ ਡੀ.ਈ.ਓ (ਐ:) ਅੰਮ੍ਰਿਤਸਰ ਕਵਲਜੀਤ ਸਿੰਘ ਨੇ ਲੰਘੇ ਛੇ ਮਹੀਨਿਆਂ ਤੋਂ ਮਿੱਡ-ਡੇ-ਮੀਲ ਦੀ ਅਦਾਇਗੀ ਨਾ ਕੀਤੇ ਜਾਣ ਦੀ ਗੱਲ ਕਬੂਲਦੇ ਹੋਏ ਆਖਿਆ ਹੈ ਕਿ ਐੱਸ ਐੱਨ ਏ ਸਪਰਸ਼ ਐਪ ਕਾਰਨ ਥੋੜੀ ਮੁਸ਼ਕਿਲ ਪੇਸ਼ ਆਈ ਹੈ। ਬਿੱਲ ਅਪਡੇਟ ਹੋਣ ਤੋਂ ਬਾਅਦ ਤੁਰੰਤ ਹੀ ਮਿੱਡ-ਡੇ-ਮੀਲ ਰਾਸ਼ੀ ਜਾਰੀ ਕਰ ਦਿੱਤੀ ਜਾਵੇਗੀ।

ਵਿਧਾਇਕ ਕਲਸੀ ਨੇ ਪਿੰਡ ਅਠਵਾਲ ਵਿਖੇ ਲੋਕਾਂ ਨੂੰ ਵੰਡੇ ਪ੍ਰਾਪਰਟੀ ਕਾਰਡ

ਬਟਾਲਾ (ਡਾਕਟਰ ਮਲਵਿੰਦਰ ਸਿੰਘ) - ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਲਾਲ ਲਕੀਰ ਦੇ ਘੇਰੇ ਅੰਦਰ ਆਉਂਦੇ ਲੋਕਾਂ ਨੂੰ ਉਨ੍ਹਾਂ ਦਾ ਮਾਲਕੀ ਦਿਵਾਉਣ ਲਈ ਪੰਜਾਬ ਦੇ ਕਾਰਜਕਾਰੀ ਪ੍ਰਧਾਨ



ਅਤੇ ਵਿਧਾਇਕ ਸ਼ੈਰੀ ਕਲਸੀ ਵਲੋਂ ਪਿੰਡ ਅਠਵਾਲ ਵਿਖੇ ਲੋਕਾਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ। ਇਸ ਮੌਕੇ ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਇੱਕ ਵੱਡੀ ਸੌਗਾਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਲਾਲ ਲਕੀਰ ਦੇ ਘੇਰੇ ਵਿੱਚ ਆਉਂਦੇ ਲੋਕਾਂ ਦੀ ਪ੍ਰਾਪਰਟੀ ਉਨ੍ਹਾਂ ਦੇ ਨਾਮ ਨਹੀਂ ਸੀ, ਜਿਸ ਕਾਰਨ ਉਨ੍ਹਾਂ ਨੂੰ ਉਹਨਾਂ ਦੀ ਪ੍ਰਾਪਰਟੀ ਦਾ ਕਾਨੂੰਨੀ ਹੱਕ ਨਹੀਂ ਮਿਲਿਆ ਸੀ। ਉਨ੍ਹਾਂ ਕਿਹਾ ਕਿ ਇਸ ਨਾਲ ਲਾਲ ਲਕੀਰ ਦੇ ਵਸੀਆਂ ਦੀਆਂ ਦਹਾਕਿਆਂ ਪੁਰਾਣੀਆਂ ਚੁਣੌਤੀਆਂ ਦਾ ਹੱਲ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਹ ਪਹਿਲ ਕਦਮੀ ਇਨ੍ਹਾਂ ਲੋਕਾਂ ਦਾ ਮਾਣ-ਸਨਮਾਨ ਬਹਾਲ ਕਰਦੀ ਹੈ ਅਤੇ ਇਨ੍ਹਾਂ ਲਈ ਆਰਥਿਕ ਸੰਭਾਵਨਾਵਾਂ ਨੂੰ ਖੋਲ੍ਹਦੀ ਹੈ। ਉਨ੍ਹਾਂ ਨੇ ਕਿਹਾ ਇਹ ਯੋਜਨਾ ਨਾ ਸਿਰਫ਼ ਕਾਨੂੰਨੀ ਮਾਨਤਾ ਪ੍ਰਦਾਨ ਕਰਦੀ ਹੈ, ਸਗੋਂ ਲਾਲ ਲਕੀਰ ਦੇ ਵਾਸੀਆਂ ਨੂੰ ਆਰਥਿਕ ਤਰੱਕੀ ਲਈ ਆਪਣੀ ਜਾਇਦਾਦ ਦੀ ਵਰਤੋਂ ਕਰਨ ਦੇ ਸਾਧਨ ਵੀ ਦਿੰਦੀ ਹੈ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਸਮਾਜਿਕ- ਆਰਥਿਕ ਸੁਰੱਖਿਆ ਨੂੰ ਵਧਾਉਣ ਅਤੇ ਜਨਤਾ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਅਟੁੱਟ ਵਚਨਬੱਧਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇਸ ਯੋਜਨਾ ਦੇ ਤਹਿਤ ਹੋਰ ਵੀ ਪ੍ਰਾਪਰਟੀ ਕਾਰਡ ਵੰਡੇ ਜਾਣਗੇ।

ਪਹਿਲੇ ਵਿਸ਼ਵ ਯੱਧ ਦੇ ਸ਼ਹੀਦਾਂ ਨਮਿਤ ਸ਼ਰਧਾਂਜਲੀ ਸਮਾਗਮ ਹੋਇਆ

ਬਟਾਲਾ (ਤਰਲੋਕ ਬੱਗਾ)- ਯਾਦਗਾਰ ਪਹਿਲਾ ਵਿਸ਼ਵ ਯੁੱਧ, ਪਿੰਡ ਸਰਵਾਲੀ ਵਿਖੇ ਪਹਿਲੇ ਵਿਸ਼ਵ ਯੁੱਧ ਦੇ ਸ਼ਹੀਦਾਂ ; ਹਵਲਦਾਰ ਕਾਲਾ ਸਿੰਘ 45 ਰੈਟਰੇ ਸਿੱਖਸ ਦੇ 108ਵੇਂ ਸ਼ਹੀਦੀ ਦਿਵਸ ਅਤੇ ਸਿਪਾਹੀ ਹਜਾਰਾ ਸਿੰਘ,45 ਰੈਟਰੇ ਸਿੱਖ (ਹੁਣ 3 ਸਿੱਖ ਬਟਾਲੀਅਨ) ਦੇ 109ਵੇਂ ਸ਼ਹੀਦੀ ਦਿਵਸ ਮੌਕੇ ਪਹਿਲੇ ਵਿਸ਼ਵ ਯੁੱਧ ਦੇ ਸਮੂਹ ਸ਼ਹੀਦਾਂ ਦੀ ਨਿੱਘੀ ਯਾਦ ਨੂੰ ਸਮਰਪਿਤ ਸ਼ਰਧਾਂਜ਼ਲੀ ਸਮਾਗਮ ਅਤੇ ਪਹਿਲੀ ਸੰਸਾਰ ਜੰਗ ਦੇ 108ਵੇਂ ਜੰਗਬੰਦੀ ਦਿਵਸ ਸਬੰਧੀ ਪੁਸ਼ਪਾਂਜਲੀ ਭੇਟਾ ਅਤੇ ਸ਼ਰਧਾਂਜਲੀ ਸਮਾਰੋਹ ਕਰਵਾਇਆ ਗਿਆ।ਸ਼ਰਧਾਂਜਲੀ ਸਮਾਗਮ ਮੌਕੇ ਲੈਫਟੀਨੈਂਟ ਲੋਕੇਸ਼ ਸਿੰਘ ਦੀ ਕਮਾਂਡ ਹੇਠ ਵਿਸ਼ੇਸ਼ ਤੌਰ 'ਤੇ ਪਹੁੰਚੀ ਸਿੱਖ ਰੈਜੀਮੈਂਟ ਦੀ 25ਵੀਂ ਬਟਾਲੀਅਨ ਵੱਲੋਂ ਸੈਰੇਮੋਨੀਅਲ ਗਾਰਡ ਦਿੱਤਾ ਗਿਆ ਅਤੇ ਨਾਲ ਹੀ ਮਾਨਯੋਗ ਸਟੇਸ਼ਨ ਕਮਾਂਡਰ, ਤਿਬੜੀ ਕੈਂਟ ਵੱਲੋਂ ਪੁਸ਼ਪਾਂਜਲੀ ਭੇਟਾ ਕੀਤੀ ਗਈ।ਸ਼ਰਧਾਂਜਲੀ ਸਮਾਗਮ ਦੇ ਮੁੱਖ ਮਹਿਮਾਨ ਲੈਫਟੀਨੈਂਟ ਲੋਕੇਸ਼ ਸਿੰਘ ਨੇ ਆਪਣੇ ਸੰਬੋਧਨ ਵਿੱਚ ਪਹਿਲੀ ਸੰਸਾਰ ਜੰਗ ਵਿੱਚ ਸਿੱਖ ਰੈਜੀਮੈਂਟ ਦੇ ਸ਼ਾਨਾਮੱਤੇ ਇਤਿਹਾਸ ਅਤੇ ਸੂਰਬੀਰ ਸ਼ਹੀਦਾਂ ਦੀਆਂ ਕੁਰਬਾਨੀਆਂ ਦੇ ਵਡਮੁੱਲੇ ਇਤਿਹਾਸ ਨੂੰ ਯਾਦ ਕਰਦਿਆਂ ਕਿਹਾ ਕਿ ਪਹਿਲੀ ਸੰਸਾਰ ਜੰਗ ਵਿੱਚ ਭਾਰਤੀ ਫ਼ੌਜ ਲਈ ਸ਼ਹੀਦੀਆਂ ਪ੍ਰਾਪਤ ਕਰਨ ਵਾਲੇ ਮਹਾਨ ਸ਼ਹੀਦਾਂ ਨੂੰ ਉਹਨਾਂ ਦੇ ਪਿੰਡ ਵਿੱਚ ਸ਼ਰਧਾਂਜਲੀ ਭੇਟ ਕਰਦਿਆਂ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ ਅਤੇ ਸ਼ਹੀਦਾਂ ਦੇ ਵਾਰਸ ਪਰਿਵਾਰਾਂ, ਇੰਟੈਕ ਪੰਜਾਬ ਤੋਂ ਸਟੇਟ ਕਨਵੀਨਰ ਮਾਨਯੋਗ ਮੇਜਰ ਜਨਰਲ ਬਲਵਿੰਦਰ ਸਿੰਘ, ਵੀ ਐਸ ਐਮ (ਸੇਵਾਮੁਕਤ) ਦੀ ਅਗਵਾਈ ਹੇਠ ਇੰਟੈਕ ਗੁਰਦਾਸਪੁਰ ਚੈਪਟਰ, ਸਰਵਾਲੀ ਵੈਲਫੇਅਰ ਐਂਡ ਚੈਰੀਟੇਬਲ ਸੁਸਾਇਟੀ ਦੇ ਸਹਿਯੋਗ, ਪਿੰਡ ਸਰਵਾਲੀ ਦੇ ਮਾਨਯੋਗ ਸਰਪੰਚ ਸੁਖਵਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਪੰਚਾਇਤ ਦੇ ਸਹਿਯੋਗ ਸਦਕਾ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਹਰ ਸਾਲ ਯਾਦ ਕਰਨ ਦੇ ਉਪਰਾਲੇ ਸਦਕਾ ਅੱਜ ਦੀ ਨੌਜਵਾਨ ਪੀੜੀ ਨੂੰ ਭਾਰਤੀ ਫੌਜ ਵਿੱਚ ਸ਼ਾਮਿਲ ਹੋਣ ਲਈ ਉਤਸ਼ਾਹ ਮਿਲਦਾ ਹੈ। ਉਹਨਾਂ ਕਿਹਾ ਕਿ ਵੱਧ ਤੋਂ ਵੱਧ ਪੰਜਾਬੀ ਨੌਜਵਾਨਾਂ ਨੂੰ ਦੇਸ਼ ਦੀ ਸੇਵਾ ਕਰਨ ਲਈ ਭਾਰਤੀ ਫੌਜ ਵਿੱਚ ਭਰਤੀ ਹੋਣ ਲਈ ਪੁਰਜ਼ੋਰ ਕੋਸ਼ਿਸ਼ ਕਰਨੀ ਚਾਹੀਦੀ ਹੈ । ਸ਼ਰਧਾਂਜਲੀ ਸਮਾਗਮ ਦੀ ਸ਼ੁਰੂਆਤ ਸਕੂਲ ਆਫ ਐਮੀਨੈਂਸ, ਬਟਾਲਾ ਦੀ ਵਿਦਿਆਰਥਣ ਰਾਜਵਿੰਦਰ ਕੌਰ ਨੇ ਸ਼ਬਦ ਗਾਇਨ ਰਾਹੀਂ ਕੀਤੀ।ਇਸ ਮੌਕੇ ਸਿਡਨੀ, ਆਸਟਰੇਲੀਆ ਤੋਂ ਸੰਸਾਰ ਪ੍ਰਸਿੱਧ ਲੋਕ ਗਾਇਕ ਦਵਿੰਦਰ ਧਾਰੀਆ ਵੱਲੋਂ ਭੇਜੀ ਗਈ ਰਿਕਾਰਡਿੰਗ ਰਾਹੀਂ ਮੁੱਖਵਾਕ ਪਾਤਸ਼ਾਹੀ ਦਸਵੀਂ ਸ਼ਬਦ ਗਾਇਨ ਸਰਵਣ ਕੀਤਾ ਗਿਆ। ਸਰਧਾਂਜਲੀ ਸਮਾਗਮ ਮੌਕੇ ਬਤੌਰ ਵਿਸ਼ੇਸ਼ ਮਹਿਮਾਨ ਯੰਗ ਇਨੋਵੇਟਿਵ ਫਾਰਮਰ ਗਰੁੱਪ ਦੇ ਮੀਤ ਪ੍ਰਧਾਨ ਸ ਦਿਲਬਾਗ ਸਿੰਘ ਚੀਮਾ(ਰਣਜੀਤ ਬਾਗ) ਅਤੇ ਸਾਬਕਾ ਸੈਨਿਕ ਵੈਲਫੇਅਰ



ਕਮੇਟੀ ਵੱਲੋਂ ਸਾਬਕਾ ਸੂਬੇਦਾਰ ਹਰਪਾਲ ਸਿੰਘ ਵੱਲੋਂ ਆਪਣੇ ਸੰਬੋਧਨ ਵਿੱਚ ਸ਼ਰਧਾ

ਨਵਾਂ ਜ਼ਮਾਨਾ
ਬੁੱਧਵਾਰ, 18 ਨਵੰਬਰ 2026

ਬਿਲਕਿਸ ਬਾਨੋ ਫਿਰ ਦੁਖੀ

2002 ਦੇ ਗੁਜਰਾਤ ਦੰਗਿਆਂ ਦੌਰਾਨ ਸਮੂਹਿਕ ਬਲਾਤਕਾਰ ਦਾ ਸ਼ਿਕਾਰ ਹੋਈ ਅਤੇ ਆਪਣੇ ਪਰਵਾਰ ਦੇ 14 ਜੀਆਂ ਨੂੰ ਕਤਲ ਹੁੰਦੇ ਦੇਖਣ ਵਾਲੀ ਇੱਕ ਗਰਭਵਤੀ ਮੁਸਲਮ ਔਰਤ ਬਿਲਕਿਸ ਬਾਨੋ ਨੇ ਆਪਣੇ ਦੋ ਬਲਾਤਕਾਰੀਆਂ ਨੂੰ ਹਾਲ ਹੀ ਵਿੱਚ ਸੁਪਰੀਮ ਕੋਰਟ ਤੋਂ ਜ਼ਮਾਨਤ ਮਿਲਣ ਤੋਂ ਬਾਅਦ ਦਰਦ, ਸਦਮੇ ਅਤੇ ਅਵਿਸ਼ਵਾਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਹੈ ਕਿ ਉਹ ਇਸ ਹੁਕਮ ਦੇ ਖਿਲਾਫ ਲੜੇਗੀ। ਰਿਹਾਅ ਕੀਤੇ ਜਾਣ ਵਾਲੇ ਵਿਅਕਤੀ 11 ਦੋਸ਼ੀਆਂ ਦੇ ਗਰੁੱਪ 'ਚ ਸਨ, ਜਿਹੜਾ ਕਿ ਇੱਕ ਹਿੰਦੂ ਭੀੜ ਦਾ ਹਿੱਸਾ ਸੀ ਅਤੇ ਜਿਹੜਾ ਬਾਨੋ 'ਤੇ ਹਮਲੇ ਲਈ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਸੀ।

ਇਸ ਤੋਂ ਪਹਿਲਾਂ ਗੁਜਰਾਤ ਸਰਕਾਰ ਦੇ ਸਜ਼ਾ ਮੁਆਫੀ ਦੇ ਹੁਕਮ ਤੋਂ ਬਾਅਦ 2022 ਵਿੱਚ ਸਾਰੇ ਦੋਸ਼ੀਆਂ ਨੂੰ ਰਿਹਾਅ ਕਰ ਦਿੱਤਾ ਗਿਆ ਸੀ। ਉਸ ਫੈਸਲੇ ਅਤੇ ਜੇਲ੍ਹ ਤੋਂ ਬਾਹਰ ਆਉਣ 'ਤੇ ਜਸ਼ਨਾਂ ਨੇ ਵਿਸ਼ਵਵਿਆਪੀ ਰੋਸ ਪੈਦਾ ਕਰ ਦਿੱਤਾ, ਨਤੀਜੇ ਵਜੋਂ 2024 ਵਿੱਚ ਸੁਪਰੀਮ ਕੋਰਟ ਨੇ ਹੁਕਮ ਨੂੰ ਉਲਟਾਅ ਦਿੱਤਾ। ਹੁਣ 28 ਅਕਤੂਬਰ ਨੂੰ ਤਿੰਨ ਪੰਨਿਆਂ ਦੇ ਇੱਕ ਛੋਟੇ ਜਿਹੇ ਹੁਕਮ ਵਿੱਚ ਸੁਪਰੀਮ ਕੋਰਟ ਨੇ ਬਿਪਿਨ ਚੰਦ ਕਨ੍ਹੱਈਆ ਲਾਲ ਜੋਸ਼ੀ ਅਤੇ ਪ੍ਰਦੀਪ ਰਮਨ ਲਾਲ ਮੋਢੀਆ ਨੂੰ ਜ਼ਮਾਨਤ ਦੇ ਦਿੱਤੀ ਅਤੇ ਉਨ੍ਹਾਂ ਦੀਆਂ ਸਜ਼ਾਵਾਂ ਨੂੰ ਮੁਅੱਤਲ ਕਰ ਦਿੱਤਾ, ਜਦੋਂ ਕਿ 2017 ਦੇ ਬੰਬੇ ਹਾਈ ਕੋਰਟ ਦੇ ਹੁਕਮ ਨੂੰ ਚੁਣੌਤੀ ਦੇਣ ਵਾਲੀ ਉਨ੍ਹਾਂ ਦੀ ਪਟੀਸ਼ਨ 'ਤੇ ਸੁਣਵਾਈ ਚੱਲ ਰਹੀ ਹੈ। ਜੱਜਾਂ ਨੇ ਸਮਝਾਇਆ ਕਿ ਜਲਦੀ ਰਿਹਾਈ ਇਸ ਲਈ ਕੀਤੀ ਗਈ, ਕਿਉਂਕਿ ਦੋਵੇਂ ਦੋਸ਼ੀ 17 ਸਾਲਾਂ ਤੋਂ ਵੱਧ ਸਮੇਂ ਤੋਂ ਕੈਦ ਵਿੱਚ ਹਨ ਅਤੇ ਇੱਕ ਅਪੀਲਕਰਤਾ ਗੰਭੀਰ ਅਪਾਹਜ ਹੈ। ਇਸ ਫੈਸਲੇ ਨੇ ਬਿਲਕਿਸ ਦਾ ਦਿਲ ਤੋੜ ਦਿੱਤਾ ਹੈ। ਉਸ ਦਾ ਕਹਿਣਾ ਹੈ-ਇਹ ਲੋਕ ਉਨ੍ਹਾਂ ਨੂੰ ਜਿਊਣ ਨਹੀਂ ਦੇਣਗੇ। 17 ਸਾਲ ਤੱਕ ਲੁਕਦੇ ਰਹੇ ਤੇ 20 ਤੋਂ ਵੱਧ ਘਰ ਬਦਲੇ, ਤਦ ਜਾ ਕੇ 11 ਦੋਸ਼ੀਆਂ ਨੂੰ ਉਮਰ ਕੈਦ ਹੋਈ ਸੀ। ਥੋੜ੍ਹਾ ਜਿਹਾ ਸੈਟਲ ਹੋਣ ਲੱਗੇ ਸੀ ਕਿ ਕੋਰਟ ਨੇ ਨਵਾਂ ਹੁਕਮ ਸੁਣਾ ਦਿੱਤਾ ਹੈ। ਇਹ ਫੈਸਲਾ ਨਿਆਂਪਾਲਿਕਾ ਵਿੱਚ ਉਸ ਦੇ ਵਿਸ਼ਵਾਸ ਨੂੰ ਪ੍ਰਭਾਵਤ ਕਰ ਸਕਦਾ ਹੈ।

ਬਾਨੋ ਅਤੇ ਉਸ ਦੇ ਪਰਵਾਰ 'ਤੇ ਹਮਲਾ ਗੁਜਰਾਤ ਦੰਗਿਆਂ ਦੌਰਾਨ ਸਭ ਤੋਂ ਭਿਆਨਕ ਅਪਰਾਧਾਂ ਵਿੱਚੋਂ ਇੱਕ ਸੀ, ਜੋ ਗੋਧਰਾ ਕਸਬੇ ਵਿੱਚ ਇੱਕ ਯਾਤਰੀ ਰੇਲ ਗੱਡੀ ਵਿੱਚ ਅੱਗ ਲੱਗਣ ਨਾਲ 60 ਹਿੰਦੂ ਸ਼ਰਧਾਲੂਆਂ ਦੇ ਮਾਰੇ ਜਾਣ ਤੋਂ ਬਾਅਦ ਸ਼ੁਰੂ ਹੋਏ ਸਨ। ਹਿੰਦੂ ਭੀੜਾਂ ਨੇ ਮੁਸਲਮ ਮੁਹੱਲਿਆਂ 'ਤੇ ਹਮਲਾ ਕੀਤਾ। ਦੰਗੇ ਤਿੰਨ ਦਿਨ ਜਾਰੀ ਰਹੇ ਅਤੇ 1,000 ਤੋਂ ਵੱਧ ਲੋਕ ਮਾਰੇ ਗਏ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਮੁਸਲਮਾਨ ਸਨ। ਜਦੋਂ ਦੰਗਾਕਾਰੀਆਂ ਨੇ ਬਾਨੋ ਦੇ ਪਿੰਡ 'ਤੇ ਹਮਲਾ ਕੀਤਾ ਅਤੇ ਮੁਸਲਮ ਘਰਾਂ ਨੂੰ ਅੱਗ ਲਗਾਉਣੀ ਸ਼ੁਰੂ ਕਰ ਦਿੱਤੀ, ਤਾਂ ਉਹ ਅਤੇ 16 ਰਿਸ਼ਤੇਦਾਰ ਭੱਜ ਗਏ। ਉਹ ਉਦੋਂ 19 ਸਾਲਾਂ ਦੀ ਸੀ, ਉਸ ਦੀ ਤਿੰਨ ਸਾਲ ਦੀ ਧੀ ਸੀ ਅਤੇ ਉਹ ਆਪਣੇ ਦੂਜੇ ਬੱਚੇ ਨਾਲ ਗਰਭਵਤੀ ਸੀ। ਉਸ 'ਤੇ 3 ਮਾਰਚ 2002 ਦੀ ਸਵੇਰ ਨੂੰ ਕੁਝ ਆਦਮੀਆਂ ਨੇ ਤਲਵਾਰਾਂ ਅਤੇ ਡੰਡਿਆਂ ਨਾਲ ਹਮਲਾ ਕੀਤਾ ਸੀ। ਤਿੰਨ ਸਾਲ ਦੀ ਧੀ ਨੂੰ ਉਸ ਦੀ ਗੋਦੀ 'ਚੋਂ ਖੋਹ ਕੇ ਮਾਰ ਦਿੱਤਾ ਗਿਆ ਸੀ। ਹਮਲਾਵਰ ਉਸ ਦੇ ਗੁਆਂਢੀ ਸਨ, ਉਹ ਆਦਮੀ ਜਿਨ੍ਹਾਂ ਨੂੰ ਉਹ ਬਚਪਨ ਵਿੱਚ ਲੱਗਭੱਗ ਹਰ ਰੋਜ਼ ਦੇਖਦੀ ਸੀ। ਉਨ੍ਹਾਂ ਨੇ ਉਸ ਦੇ ਕੱਪੜੇ ਪਾੜ ਦਿੱਤੇ ਅਤੇ ਉਨ੍ਹਾਂ ਵਿੱਚੋਂ ਕਈਆਂ ਨੇ ਉਸ ਨਾਲ ਬਲਾਤਕਾਰ ਕੀਤਾ, ਉਸ ਦੀਆਂ ਰਹਿਮ ਦੀਆਂ ਬੇਨਤੀਆਂ ਨੂੰ ਨਜ਼ਰਅੰਦਾਜ਼ ਕੀਤਾ। ਉਸ ਦੀ ਚਚੇਰੀ ਭੈਣ, ਜਿਸ ਨੇ ਦੋ ਦਿਨ ਪਹਿਲਾਂ ਬੱਚੇ ਨੂੰ ਜਨਮ ਦਿੱਤਾ ਸੀ, ਦਾ ਬਲਾਤਕਾਰ ਕਰਕੇ ਕਤਲ ਕਰ ਦਿੱਤਾ ਗਿਆ ਅਤੇ ਉਸ ਦੇ ਨਵਜੰਮੇ ਬੱਚੇ ਨੂੰ ਵੀ ਮਾਰ ਦਿੱਤਾ ਗਿਆ। ਬਾਨੋ ਸਿਰਫ ਇਸ ਕਰਕੇ ਬਚੀ ਕਿਉਂਕਿ ਉਹ ਬੇਹੋਸ਼ ਹੋ ਗਈ ਸੀ ਅਤੇ ਉਸ ਦੇ ਹਮਲਾਵਰ ਇਹ ਸੋਚ ਕੇ ਚਲੇ ਗਏ ਕਿ ਉਹ ਮਰ ਗਈ ਹੈ। ਬਾਨੋ ਦੀ ਇਨਸਾਫ ਲਈ ਲੜਾਈ ਲੰਬੀ ਅਤੇ ਭਿਆਨਕ ਰਹੀ। ਪਹਿਲੀਆਂ ਗ੍ਰਿਫਤਾਰੀਆਂ 2004 ਵਿੱਚ ਹੀ ਹੋਈਆਂ, ਜਦੋਂ ਸੁਪਰੀਮ ਕੋਰਟ ਨੇ ਕੇਂਦਰੀ ਜਾਂਚਕਰਤਾਵਾਂ ਨੂੰ ਬੁਲਾਇਆ ਅਤੇ ਉਸ ਦਾ ਕੇਸ ਮੁੰਬਈ ਤਬਦੀਲ ਕਰ ਦਿੱਤਾ, ਇਹ ਕਹਿੰਦੇ ਹੋਏ ਕਿ ਗੁਜਰਾਤ ਦੀਆਂ ਅਦਾਲਤਾਂ ਉਸ ਨੂੰ ਇਨਸਾਫ ਨਹੀਂ ਦੇ ਸਕਦੀਆਂ।

ਸੁਪਰੀਮ ਕੋਰਟ ਦੇ ਨਵੇਂ ਫੈਸਲੇ 'ਤੇ ਬਾਨੋ ਨੇ ਕਿਹਾ ਹੈ, "ਮੈਨੂੰ ਅਜੇ ਵੀ ਵਿਸ਼ਵਾਸ ਨਹੀਂ ਹੋ ਰਿਹਾ ਕਿ ਇੱਕ ਵਾਰ ਫਿਰ ਸੁਪਰੀਮ ਕੋਰਟ ਨੇ ਮੈਨੂੰ ਬੁਲਾਏ ਬਿਨਾਂ ਅਤੇ ਮੇਰੀ ਗੱਲ ਸੁਣੇ ਬਿਨਾਂ ਹੁਕਮ ਪਾਸ ਕਰ ਦਿੱਤਾ ਹੈ। 24 ਸਾਲਾਂ ਤੋਂ ਮੈਂ ਇਨਸਾਫ ਲਈ ਵਾਰ-ਵਾਰ ਲੜਨ ਲਈ ਖੜ੍ਹੀ ਹਾਂ... ਫਿਰ ਵੀ ਅੱਜ, ਮੈਂ ਉਹ ਇਨਸਾਫ ਗੁਆਉਂਦੀ ਹੋਈ ਪਾਉਂਦੀ ਹਾਂ, ਜਿਸ ਨੂੰ ਹਾਸਲ ਕਰਨ ਲਈ ਮੈਂ ਬਹੁਤ ਸੰਘਰਸ਼ ਕੀਤਾ ਸੀ।" ਬਾਨੋ ਨੇ ਦ੍ਰਿੜ੍ਹਾਇਆ ਹੈ, "ਮੈਂ ਸੁਪਰੀਮ ਕੋਰਟ ਦੇ ਇਸ ਹੁਕਮ ਵਿਰੁੱਧ ਲੜਨ ਦੀ ਮੁੜ ਸਹੁੰ ਖਾਂਦੀ ਹਾਂ... ਆਪਣੇ ਬੱਚਿਆਂ ਲਈ, ਜੋ ਆਪਣੀ ਬਾਕੀ ਦੀ ਜ਼ਿੰਦਗੀ ਡਰ ਅਤੇ ਜ਼ਖਮਾਂ ਨਾਲ ਭਰੇ ਰਹਿਣ ਦੇ ਹੱਕਦਾਰ ਨਹੀਂ ਹਨ। ਮੈਂ ਇਹ ਲੜਾਈ ਪੂਰੀ ਦੁਨੀਆ ਦੀਆਂ ਔਰਤਾਂ ਲਈ ਲੜ ਰਹੀ ਹਾਂ। ਕਿਉਂਕਿ ਕਿਸੇ ਵੀ ਔਰਤ, ਕਿਸੇ ਪੀੜਤ, ਕਿਸੇ ਵੀ ਨਾਗਰਿਕ ਨੂੰ ਆਪਣੀ ਪਛਾਣ, ਆਪਣੇ ਅਧਿਕਾਰਾਂ ਅਤੇ ਆਪਣੀ ਸਮਾਨਤਾ ਲਈ ਇਸ ਬੇਅੰਤ ਅਜ਼ਮਾਇਸ਼ ਵਿੱਚੋਂ ਨਹੀਂ ਲੰਘਦੇ ਰਹਿਣਾ ਚਾਹੀਦਾ ਅਤੇ ਆਪਣੀ ਸਾਰੀ ਜ਼ਿੰਦਗੀ ਨਿਆਂ ਲਈ ਸੰਘਰਸ਼ ਨਹੀਂ ਕਰਦੇ ਰਹਿਣਾ ਚਾਹੀਦਾ।"

ਗੁਜਰਾਤ ਦੰਗਿਆਂ ਦੇ ਸਮੇਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਗੁਜਰਾਤ ਦੇ ਮੁੱਖ ਮੰਤਰੀ ਸਨ ਅਤੇ ਉਨ੍ਹਾ ਦੀ ਇਸ ਕਤਲੇਆਮ ਨੂੰ ਰੋਕਣ ਲਈ ਕਾਫੀ ਕੁਝ ਨਾ ਕਰਨ ਲਈ ਆਲੋਚਨਾ ਕੀਤੀ ਗਈ ਸੀ। ਉਨ੍ਹਾ ਨੇ ਹਮੇਸ਼ਾ ਗਲਤ ਕੰਮ ਕਰਨ ਤੋਂ ਇਨਕਾਰ ਕੀਤਾ ਹੈ ਅਤੇ ਦੰਗਿਆਂ ਲਈ ਮੁਆਫੀ ਨਹੀਂ ਮੰਗੀ। 2013 ਵਿੱਚ ਸੁਪਰੀਮ ਕੋਰਟ ਦੇ ਇੱਕ ਪੈਨਲ ਨੇ ਵੀ ਕਿਹਾ ਸੀ ਕਿ ਉਨ੍ਹਾ 'ਤੇ ਮੁਕੱਦਮਾ ਚਲਾਉਣ ਲਈ ਕਾਫੀ ਸਬੂਤ ਨਹੀਂ ਹਨ, ਪਰ ਆਲੋਚਕ ਉਨ੍ਹਾ ਦੀ ਨਿਗਰਾਨੀ ਹੇਠ ਹੋਏ ਦੰਗਿਆਂ ਲਈ ਉਨ੍ਹਾ ਨੂੰ ਦੋਸ਼ੀ ਠਹਿਰਾਉਂਦੇ ਰਹੇ ਹਨ। ਬਾਨੋ ਦੀ ਲੰਬੀ ਲੜਾਈ ਵਿੱਚ ਲੋਕਾਂ ਨੇ ਉਸ ਦਾ ਬਹੁਤ ਸਾਥ ਦਿੱਤਾ। ਹੁਣ ਬਾਨੋ ਨੂੰ ਫਿਰ ਲੋਕਾਂ ਦੇ ਸਾਥ ਦੀ ਲੋੜ ਹੈ।

ਦਿਮਾਗੀ ਨਕਸਲ ਦੇ ਨਾਂਅ 'ਤੇ ਸੀ ਆਰ ਪੀ ਐੱਫ ਦੇ ਜਵਾਨਾਂ ਨਾਲ ਸੰਵਾਦ

(ਸੀ ਆਰ ਪੀ ਐੱਫ ਵਰਗੇ ਸੁਰੱਖਿਆ ਬਲਾਂ ਨੂੰ ਰਾਜਨੀਤੀ ਤੋਂ ਉੱਪਰ ਰਹਿ ਕੇ ਸੰਵਿਧਾਨਕ ਜ਼ਿੰਮੇਵਾਰੀ ਨਿਭਾਉਣੀ ਹੁੰਦੀ ਹੈ। ਉਨ੍ਹਾਂ ਨੂੰ ਰਾਜਨੀਤਕ ਵਿਰੋਧੀਆਂ ਵਿਰੁੱਧ ਵਰਤਣ ਦੀ ਕੋਸ਼ਿਸ਼ ਲੋਕਤੰਤਰ ਲਈ ਗੰਭੀਰ ਖ਼ਤਰਾ ਹੈ।)


ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 8 ਨਵੰਬਰ, 2026 ਨੂੰ ਛੱਤੀਸਗੜ੍ਹ ਦੇ ਬਸਤਰ ਜ਼ਿਲ੍ਹੇ ਦੇ ਕਰਨਪੁਰ ਸਥਿਤ ਇੱਕ ਸੀ ਆਰ ਪੀ ਐੱਫ ਕੈਂਪ ਵਿੱਚ ਦੀਵਾਲੀ ਮਨਾਉਣ ਦੌਰਾਨ ਉੱਥੇ ਮੌਜੂਦ ਕਰਮਚਾਰੀਆਂ, ਜਿਨ੍ਹਾਂ ਵਿੱਚ ਮਹਿਲਾ ਅਧਿਕਾਰੀ ਅਤੇ ਜਵਾਨ ਵੀ ਸ਼ਾਮਲ ਸਨ, ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਸੰਬੋਧਨ ਕੀਤਾ।

ਸੰਬੋਧਨ ਕਰਦਿਆਂ ਕਿਹਾ ਕਿ 'ਦਿਮਾਗੀ ਨਕਸਲੀ' ਭਾਰਤ ਦੇ ਸੰਵਿਧਾਨ ਅਤੇ ਲੋਕਤੰਤਰੀ ਸੰਸਥਾਵਾਂ ਦੇ ਵਿਰੁੱਧ ਲੋਕਾਂ ਨੂੰ ਪ੍ਰਭਾਵਿਤ ਅਤੇ ਉਕਸਾਉਂਦੇ ਰਹਿੰਦੇ ਹਨ ਅਤੇ ਅਪੀਲ ਕੀਤੀ ਕਿ ਇਨ੍ਹਾਂ ਦੀ ਪਛਾਣ ਕਰਨ ਅਤੇ ਇਨ੍ਹਾਂ ਨੂੰ ਹਰਾਉਣ। ਇਸ ਦੌਰਾਨ ਸੀ ਆਰ ਪੀ ਐੱਫ ਦੀਆਂ ਮਹਿਲਾ ਜਵਾਨਾਂ ਨੇ ਉਨ੍ਹਾਂ ਦੇ ਸਾਹਮਣੇ ਨਾਚ ਪੇਸ਼ ਕੀਤਾ ਅਤੇ ਪ੍ਰਧਾਨ ਮੰਤਰੀ ਨੇ ਉਨ੍ਹਾਂ ਦੇ ਵਿਚਕਾਰ ਖੜ੍ਹੇ ਹੋ ਕੇ ਤਾੜੀਆਂ ਮਾਰੀਆਂ।

ਇਸ ਘਟਨਾ ਦਾ ਵਿਸ਼ਲੇਸ਼ਣ ਕਰਨਾ ਇਸ ਲਈ ਜ਼ਰੂਰੀ ਹੈ ਕਿ ਦੇਸ਼ ਦੇ ਪ੍ਰਧਾਨ ਮੰਤਰੀ ਵੱਲੋਂ ਸੁਰੱਖਿਆ ਦਸਤਿਆਂ ਦੇ ਜਵਾਨਾਂ ਵਿਚਕਾਰ ਇਸ ਤਰ੍ਹਾਂ ਦੀ ਭਾਸ਼ਾ ਵਰਤਣਾ ਸੰਵਿਧਾਨਕ, ਨੈਤਿਕ ਅਤੇ ਪੇਸ਼ੇਵਰ ਪੱਖੋਂ ਕਿੰਨਾ ਕੁ ਉਚਿਤ ਹੈ। ਕੀ ਦੇਸ਼ ਦੇ ਸੁਰੱਖਿਆ ਦਸਤਿਆਂ ਨੂੰ ਕਿਸੇ ਵਿਸ਼ੇਸ਼ ਵਿਚਾਰਧਾਰਾ ਦੇ ਵਿਰੁੱਧ ਖੜ੍ਹਾ ਕਰਨ ਦੀ ਕੋਸ਼ਿਸ਼ ਕਰਨਾ ਉਨ੍ਹਾਂ ਦੀ ਸੰਵਿਧਾਨਕ ਭੂਮਿਕਾ ਦੇ ਅਨੁਕੂਲ ਹੈ?

ਚੇਤੇ ਰਹੇ ਕਿ 15 ਅਗਸਤ ਨੂੰ ਲਾਲ ਕਿਲ੍ਹੇ ਤੋਂ ਆਪਣੇ ਭਾਸ਼ਣ ਦੌਰਾਨ ਪ੍ਰਧਾਨ ਮੰਤਰੀ ਨੇ 'ਦਿਮਾਗੀ ਨਕਸਲ' ਦਾ ਜ਼ਿਕਰ ਕਰਦਿਆਂ ਕਿਹਾ ਸੀ ਕਿ ਅਸੀਂ ਨਕਸਲਵਾਦ ਤਾਂ ਖ਼ਤਮ ਕਰ ਦਿੱਤਾ ਹੈ, ਪਰ ਅਜੇ ਵੀ ਦੇਸ਼ ਵਿੱਚ ਬਹੁਤ ਸਾਰੇ ਲੋਕ ਦਿਮਾਗੀ ਨਕਸਲ ਦੇ ਰੂਪ ਵਿੱਚ ਮੌਜੂਦ ਹਨ। ਉਨ੍ਹਾ ਦੇ ਇਸ ਬਿਆਨ ਤੋਂ ਇਹ ਪ੍ਰਭਾਵ ਮਿਲਦਾ ਸੀ ਕਿ ਸਰਕਾਰ ਨੂੰ ਹਥਿਆਰਬੰਦ ਵਿਰੋਧ ਨਾਲੋਂ ਵੀ ਵੱਧ ਚਿੰਤਾ ਉਨ੍ਹਾਂ ਲੋਕਾਂ ਤੋਂ ਹੈ, ਜੋ ਸਵਾਲ ਉਠਾਉਂਦੇ ਹਨ, ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕਰਦੇ ਹਨ ਅਤੇ ਸੱਤਾ ਤੋਂ ਜਵਾਬਦੇਹੀ ਦੀ ਮੰਗ ਕਰਦੇ ਹਨ।

ਪ੍ਰਧਾਨ ਮੰਤਰੀ ਦੀ ਰਾਜਨੀਤਕ ਕਾਰਜਸ਼ੈਲੀ ਲੰਮੇ ਸਮੇਂ ਤੋਂ ਇੱਕਤਰਫ਼ਾ ਸੰਵਾਦ ਵਾਲੀ ਰਹੀ ਹੈ। ਉਹ ਆਪਣੀ ਗੱਲ ਕਹਿਣਾ ਪਸੰਦ ਕਰਦੇ ਹਨ, ਪਰ ਆਲੋਚਨਾਤਮਕ ਸਵਾਲਾਂ ਦਾ ਸਾਹਮਣਾ ਕਰਨ ਤੋਂ ਬਚਦੇ ਹਨ। ਅਸਲ ਵਿੱਚ ਲੋਕਤੰਤਰ 'ਚ ਸਵਾਲ ਪੁੱਛਣਾ ਕੋਈ ਜੁਰਮ ਨਹੀਂ, ਸਗੋਂ ਨਾਗਰਿਕਾਂ ਦਾ ਸੰਵਿਧਾਨਕ ਅਧਿਕਾਰ ਅਤੇ ਲੋਕਤੰਤਰ ਦੀ ਬੁਨਿਆਦੀ ਸ਼ਰਤ ਹੈ। ਪਰ ਜਦੋਂ ਸਵਾਲ ਪੁੱਛਣ ਵਾਲਿਆਂ ਨੂੰ ਹੀ 'ਦਿਮਾਗੀ ਨਕਸਲ' ਵਰਗੇ ਲੇਬਲ ਦੇ ਦਿੱਤੇ ਜਾਣ ਤਾਂ ਇਹ ਸਿਰਫ਼ ਅਸਹਿਮਤੀ ਨੂੰ ਦਬਾਉਣ ਦੀ ਕੋਸ਼ਿਸ਼ ਨਹੀਂ ਰਹਿੰਦੀ, ਬਲਕਿ ਵਿਚਾਰਾਂ ਦੀ ਆਜ਼ਾਦੀ 'ਤੇ ਵੀ ਹਮਲਾ ਬਣ ਜਾਂਦੀ ਹੈ।


ਡਾ. ਅਰੁਣ ਮਿਤਰਾ

ਇਸ ਦੀ ਇੱਕ ਮਿਸਾਲ ਨਾਰਵੇ ਦੀ ਇੱਕ ਨੌਜਵਾਨ ਮਹਿਲਾ ਪੱਤਰਕਾਰ ਹੈਲੇ ਲਿੰਗ ਦਾ ਮਾਮਲਾ ਹੈ। ਉਸ ਨੇ ਭਾਰਤ ਵਿੱਚ ਪ੍ਰੈੱਸ ਦੀ ਆਜ਼ਾਦੀ ਬਾਰੇ ਪ੍ਰਧਾਨ ਮੰਤਰੀ ਤੋਂ ਸਵਾਲ ਪੁੱਛਣ ਦੀ ਕੋਸ਼ਿਸ਼ ਕੀਤੀ ਸੀ। ਇਸ ਤੋਂ ਬਾਅਦ ਉਸ ਨੂੰ ਵੀਜ਼ਾ ਹੋਣ ਦੇ ਬਾਵਜੂਦ ਹੈਦਰਾਬਾਦ ਵਿੱਚ ਇੱਕ ਕਾਨਫਰੰਸ ਵਿੱਚ ਸ਼ਾਮਲ ਹੋਣ ਤੋਂ ਰੋਕ ਦਿੱਤਾ ਗਿਆ। ਉਸ ਪੱਤਰਕਾਰ ਨੇ ਪੌਡਕਾਸਟ ਰਾਹੀਂ ਇਸ ਘਟਨਾ ਨੂੰ ਦੁਨੀਆ ਸਾਹਮਣੇ ਲਿਆਂਦਾ, ਜਿਸ ਨਾਲ ਭਾਰਤ ਵਿੱਚ ਪ੍ਰੈੱਸ ਦੀ ਆਜ਼ਾਦੀ ਅਤੇ ਸਵਾਲ ਪੁੱਛਣ ਵਾਲਿਆਂ ਪ੍ਰਤੀ ਸਰਕਾਰ ਦੇ ਰਵੱਈਏ ਬਾਰੇ ਮੁੜ ਚਰਚਾ ਸ਼ੁਰੂ ਹੋ ਗਈ ਹੈ।

ਇਹ ਵੀ ਗੌਰਤਲਬ ਹੈ ਕਿ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਆਪਣੇ ਲੰਮੇ ਕਾਰਜਕਾਲ ਤੋਂ ਲੈ ਕੇ ਦੇਸ਼ ਦੇ ਪ੍ਰਧਾਨ ਮੰਤਰੀ ਵਜੋਂ ਪਿਛਲੇ ਬਾਰਾਂ ਸਾਲਾਂ ਦੌਰਾਨ ਨਰਿੰਦਰ ਮੋਦੀ ਨੇ ਇੱਕ ਵੀ ਰਵਾਇਤੀ ਪ੍ਰੈੱਸ ਕਾਨਫਰੰਸ ਨਹੀਂ ਕੀਤੀ। ਇਸ ਦੇ ਕੀ ਕਾਰਨ ਹਨ, ਇਹ ਤਾਂ ਉਹ ਖ਼ੁਦ ਹੀ ਦੱਸ ਸਕਦੇ ਹਨ, ਪਰ ਇਹ ਸਵਾਲ ਜ਼ਰੂਰ ਉੱਠਦਾ ਹੈ ਕਿ ਦੇਸ਼ ਦਾ ਪ੍ਰਧਾਨ ਮੰਤਰੀ ਪੱਤਰਕਾਰਾਂ ਦੇ ਸਿੱਧੇ ਸਵਾਲਾਂ ਦਾ ਸਾਹਮਣਾ ਕਰਨ ਤੋਂ ਕਿਉਂ ਕਤਰਾਉਂਦਾ ਹੈ?

ਮਨੋਵਿਗਿਆਨ 'ਚ 'ਨਾਰਸਿਸਿਜ਼ਮ' (Narcissism) ਇੱਕ ਅਜਿਹੀ ਪ੍ਰਵਿਰਤੀ ਨੂੰ ਦਰਸਾਉਂਦਾ ਹੈ, ਜਿਸ ਵਿੱਚ ਵਿਅਕਤੀ ਆਪਣੇ ਆਪ ਨੂੰ ਦੂਜਿਆਂ ਨਾਲੋਂ ਉੱਤਮ ਸਮਝਦਾ ਹੈ, ਲਗਾਤਾਰ ਆਪਣੀ ਪ੍ਰਸੰਸਾ ਦੀ ਉਮੀਦ ਰੱਖਦਾ ਹੈ ਅਤੇ ਦੂਜਿਆਂ ਦੇ ਵਿਚਾਰਾਂ ਤੇ ਭਾਵਨਾਵਾਂ ਨੂੰ ਘੱਟ ਮਹੱਤਵ ਦਿੰਦਾ ਹੈ। ਕਈ ਮਨੋਵਿਗਿਆਨੀਆਂ ਨੇ ਇਸ ਕਿਸਮ ਦੀ ਮਾਨਸਿਕਤਾ, ਵਿਅਕਤੀ ਦੇ ਅੰਦਰੂਨੀ ਅਸੁਰੱਖਿਆ-ਬੋਧ ਅਤੇ ਲੋਕਾਂ ਨੂੰ ਆਪਣੇ ਪ੍ਰਭਾਵ ਹੇਠ ਲਿਆਉਣ ਦੀ ਸਮਰੱਥਾ ਦਾ ਵਿਸ਼ਲੇਸ਼ਣ ਕੀਤਾ ਹੈ।

ਅੱਜ ਤੋਂ ਲਗਭਗ 130 ਸਾਲ ਪਹਿਲਾਂ ਫਰਾਂਸੀਸੀ ਮਨੋਵਿਗਿਆਨੀ ਗੁਸਤਾਵ ਲੇ ਬੋਂ ਨੇ ਆਪਣੀ ਪ੍ਰਸਿੱਧ ਪੁਸਤਕ 'ਦ ਕਰਾਊਡ' (The Crowd) ਵਿੱਚ ਭੀੜ ਦੇ ਮਨੋਵਿਗਿਆਨ ਦਾ ਵਿਸ਼ਲੇਸ਼ਣ ਕੀਤਾ ਸੀ। ਉਸ ਅਨੁਸਾਰ, ਭੀੜ ਅਕਸਰ ਆਪਣੀ ਸੁਤੰਤਰ ਸੋਚ ਅਤੇ ਵਿਵੇਕ ਦੀ ਥਾਂ ਕਿਸੇ ਪ੍ਰਭਾਵਸ਼ਾਲੀ ਆਗੂ ਦੀ ਅਗਵਾਈ 'ਤੇ ਨਿਰਭਰ ਹੋ ਜਾਂਦੀ ਹੈ। ਅਜਿਹੀ ਸਥਿਤੀ ਵਿੱਚ ਤੱਥਾਂ ਅਤੇ ਤਰਕ ਨਾਲੋਂ ਭਾਵਨਾਵਾਂ, ਅਫ਼ਵਾਹਾਂ ਅਤੇ ਵਾਰ-ਵਾਰ ਦੁਹਰਾਏ ਜਾਣ ਵਾਲੇ ਪ੍ਰਚਾਰ ਦਾ ਵਧੇਰੇ ਅਸਰ ਹੁੰਦਾ ਹੈ। ਇੱਕ ਵਿਅਕਤੀ ਨਾਲ ਦਲੀਲ ਰਾਹੀਂ ਸੰਵਾਦ ਕਰਨਾ ਸੰਭਵ ਹੈ, ਪਰ ਜਦੋਂ ਭੀੜ ਕਿਸੇ ਅੰਧ-ਵਿਸ਼ਵਾਸ ਜਾਂ ਪੂਰਵ-ਧਾਰਨਾ ਦਾ ਸ਼ਿਕਾਰ ਹੋ ਜਾਵੇ ਤਾਂ ਉਸ ਨੂੰ ਤਰਕ ਨਾਲ ਸਮਝਾਉਣਾ ਕਾਫ਼ੀ ਮੁਸ਼ਕਲ ਹੋ ਜਾਂਦਾ ਹੈ।

ਇਸ ਤਰ੍ਹਾਂ ਦੇ ਮਾਹੌਲ ਵਿੱਚ ਕੋਈ ਆਗੂ ਆਪਣੇ ਵਿਚਾਰਾਂ ਨੂੰ ਹੀ ਅੰਤਮ ਸੱਚ ਵਜੋਂ ਪੇਸ਼ ਕਰਨ ਵਿੱਚ ਕਾਮਯਾਬ ਹੋ ਜਾਂਦਾ ਹੈ। ਉਹ ਜਿਸ ਨੂੰ ਦੇਸ਼ ਭਗਤੀ ਕਹਿੰਦਾ ਹੈ, ਉਸੇ ਨੂੰ ਦੇਸ਼ ਭਗਤੀ ਮੰਨਣ ਦਾ ਦਬਾਅ ਬਣਾਇਆ ਜਾਂਦਾ ਹੈ ਅਤੇ ਜੋ ਉਸ ਨਾਲ ਸਹਿਮਤ ਨਾ ਹੋਵੇ, ਉਸ ਨੂੰ ਦੇਸ਼ ਵਿਰੋਧੀ ਕਰਾਰ ਦੇ

ਮਾਤਾ ਨੈਣਾ ਦੇਵੀ ਤੋਂ ਮੱਥਾ ਟੇਕ ਕੇ ਪਰਤ ਰਹੇ ਸ਼ਰਧਾਲੂਆਂ ਦੀ ਜੀਪ ਟਿੱਪਰ ਨਾਲ ਟਕਰਾਈ

ਔਰਤ ਸਮੇਤ ਦੋ ਨਾਬਾਲਗਾਂ ਨੇ ਤੋੜਿਆ ਦਮ, 25 ਤੋਂ ਵੱਧ ਜ਼ਖ਼ਮੀ; ਡਰਾਈਵਰ ਦੀ ਹਾਲਤ ਵੀ ਨਾਜ਼ੁਕ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਕੇ ਘਰ ਵਾਪਸ ਆ ਰਹੇ ਸ਼ਰਧਾਲੂਆਂ ਦੀ ਖੁਸ਼ੀ ਉਸ ਸਮੇਂ ਮਾਤਮ ਵਿੱਚ ਬਦਲ ਗਈ, ਜਦੋਂ ਪਵਾਤ ਪੁਲ ਨੇੜੇ ਉਨ੍ਹਾਂ ਦੀ ਮਹਿੰਦਰਾ ਪਿਕਅਪ ਜੀਪ ਸੜਕ ਕਿਨਾਰੇ ਖੜ੍ਹੇ ਇੱਕ ਟਿੱਪਰ ਨਾਲ ਜਾ ਟਕਰਾਈ। ਦੇਰ ਰਾਤ ਵਾਪਰੇ ਇਸ ਭਿਆਨਕ ਹਾਦਸੇ 'ਚ ਇੱਕ ਔਰਤ ਤੇ ਦੋ ਨਾਬਾਲਗ ਲੜਕਿਆਂ ਦੀ ਜਾਨ ਚਲੀ ਗਈ, ਜਦਕਿ 25 ਤੋਂ ਵੱਧ ਸਵਾਰੀਆਂ ਜ਼ਖ਼ਮੀ ਹੋ ਗਈਆਂ। ਮਿਲੀ ਜਾਣਕਾਰੀ ਮੁਤਾਬਕ ਮ੍ਰਿਤਕਾਂ ਦੀ ਪਛਾਣ ਮਧੂ ਦੇਵੀ (35), ਗੌਰਵ (17) ਤੇ ਮੁੰਨਾ (13) ਵਜੋਂ ਹੋਈ ਹੈ। ਤਿੰਨੇ ਗੁਰੂਂ ਕਾਲੋਨੀ ਦੇ ਰਹਿਣ ਵਾਲੇ ਸਨ। ਦੱਸਿਆ ਜਾ ਰਿਹਾ ਹੈ ਕਿ ਛੱਠ ਪੂਜਾ ਦੇ ਮੌਕੇ ਇਲਾਕੇ 'ਚ ਰਹਿੰਦੇ ਪ੍ਰਵਾਸੀ ਪਰਵਾਰਾਂ ਦੇ ਮੈਂਬਰ ਸਵੇਰੇ ਗੜ੍ਹੀ ਪੁਲ ਤੋਂ ਪੂਜਾ-ਅਰਚਨਾ ਤੇ ਵਰਤ ਦੀਆਂ ਰਸਮਾਂ ਪੂਰੀਆਂ ਕਰਨ ਉਪਰੰਤ ਮਾਤਾ ਨੈਣਾ ਦੇਵੀ ਦੇ ਦਰਸ਼ਨਾਂ ਲਈ ਰਵਾਨਾ ਹੋਏ ਸਨ। ਜੀਪ ਵਿੱਚ 30 ਤੋਂ ਵੱਧ ਵਿਅਕਤੀ ਸਵਾਰ ਸਨ। ਰਾਤ ਕਰੀਬ 10 ਵਜੇ ਤੋਂ ਬਾਅਦ ਜਦੋਂ ਇਹ ਜੱਥਾ ਮਾਛੀਵਾੜਾ ਵੱਲ ਵਾਪਸ ਆ ਰਿਹਾ ਸੀ ਤਾਂ ਪਵਾਤ ਪੁਲ ਦੇ ਨੇੜੇ ਸੜਕ 'ਤੇ ਖੜ੍ਹੇ ਟਿੱਪਰ ਨਾਲ ਪਿਕਅੱਪ ਦੀ ਜ਼ੋਰਦਾਰ ਟੱਕਰ ਹੋ ਗਈ। ਟੱਕਰ ਇੰਨੀ ਭਿਆਨਕ ਸੀ ਕਿ ਕਈ ਸਵਾਰੀਆਂ ਜੀਪ 'ਚੋਂ ਬਾਹਰ ਜਾ ਡਿੱਗੀਆਂ, ਜਦਕਿ ਹੋਰ ਸਵਾਰੀਆਂ ਵਾਹਨ ਅੰਦਰ ਹੀ ਇੱਕ-ਦੂਜੇ ਨਾਲ ਟਕਰਾ ਕੇ ਗੰਭੀਰ ਜ਼ਖ਼ਮੀ ਹੋ ਗਈਆਂ। ਹਾਦਸੇ ਦੌਰਾਨ ਜੀਪ ਦੇ ਅਗਲੇ ਹਿੱਸੇ ਵਿਚ ਬੈਠੀ ਮਧੂ ਦੇਵੀ ਨੇ ਮੌਕੇ 'ਤੇ ਹੀ ਦਮ ਤੋੜ ਦਿੱਤਾ। ਉਸ ਨਾਲ ਬੈਠੇ ਗੌਰਵ ਤੇ ਮੁੰਨਾ ਨੂੰ ਗੰਭੀਰ ਹਾਲਤ 'ਚ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਇਲਾਜ ਦੌਰਾਨ ਦੋਵਾਂ ਦੀ ਮੌਤ ਹੋ ਗਈ।

ਜੀਪ ਚਲਾ ਰਿਹਾ ਕਮਲੇਸ਼ ਵੀ ਗੰਭੀਰ ਰੂਪ ਵਿੱਚ ਜ਼ਖ਼ਮੀ ਦੱਸਿਆ ਜਾ ਰਿਹਾ ਹੈ ਅਤੇ ਉਸ ਦਾ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਪੁਲਸ ਤੇ ਰਾਹਤ ਕਾਰਜਾਂ ਨਾਲ ਜੁੜੇ ਲੋਕ ਮੌਕੇ 'ਤੇ ਪਹੁੰਚੇ। ਜ਼ਖ਼ਮੀਆਂ ਨੂੰ ਵੱਖ-ਵੱਖ ਹਸਪਤਾਲਾਂ ਵਿੱਚ ਦਾਖ਼ਲ ਕਰਵਾਇਆ ਗਿਆ। ਪੁਲਸ ਨੇ ਮ੍ਰਿਤਕਾਂ ਦੀਆਂ ਲਾਸ਼ਾਂ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤੀਆਂ ਹਨ ਤੇ ਮਾਮਲੇ ਦੀ ਜਾਂਚ ਦੇ ਨਾਲ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਹਾਦਸੇ ਨੇ ਗੁਰੂਂ ਕਾਲੋਨੀ ਵਿੱਚ ਸੋਗ ਦੀ ਲਹਿਰ ਫੈਲਾਅ ਦਿੱਤੀ ਹੈ। ਮ੍ਰਿਤਕ ਤੇ ਜ਼ਖ਼ਮੀ ਆਪਸ 'ਚ ਗੁਆਂਢੀ ਦੱਸੇ ਜਾਂਦੇ ਹਨ, ਜਿਸ ਕਾਰਨ ਪੂਰੇ ਇਲਾਕੇ ਵਿੱਚ ਦੁੱਖ ਤੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ।

ਹਾਦਸੇ 'ਚ ਜ਼ਖ਼ਮੀ ਹੋਣ ਵਾਲਿਆਂ ਦੇ ਨਾਂਅ

ਹਾਦਸੇ ਵਿੱਚ ਜ਼ਖ਼ਮੀ ਹੋਣ ਵਾਲਿਆਂ ਵਿੱਚ ਲਕਸ਼ਮੀ, ਨੀਲਮ ਦੇਵੀ, ਗੁੱਡੂ ਦੇਵੀ, ਚੰਦਾ ਦੇਵੀ, ਕੁਮਕੁਮ, ਮਨਾਰੀ ਦੇਵੀ, ਚਾਂਦਨੀ, ਰਾਜਾ, ਕ੍ਰਿਸ਼ਨ, ਸ਼ਸ਼ੀ, ਪਿੰਕੀ, ਨੀਲਮ, ਫੂਲਾ ਦੇਵੀ, ਚੰਚਲ ਕੁਮਾਰੀ, ਸਾਨਵੀ ਤੇ ਜੀਪ ਚਾਲਕ ਕਮਲੇਸ਼ ਦੇ ਨਾਂ ਸ਼ਾਮਲ ਹਨ। ਇਸ ਤੋਂ ਇਲਾਵਾ ਕਈ ਹੋਰ ਜ਼ਖ਼ਮੀਆਂ ਨੂੰ ਵੀ ਵੱਖ-ਵੱਖ ਹਸਪਤਾਲਾਂ ਵਿੱਚ ਇਲਾਜ ਲਈ ਭੇਜਿਆ ਗਿਆ।

ਲੁਟੇਰੇ ਦਿਨ-ਦਿਹਾੜੇ ਔਰਤ ਦਾ ਪਰਸ ਖੋਹ ਕੇ ਫ਼ਰਾਰ, ਵੀਡੀਓ ਵਾਇਰਲ



ਮਲੋਟ (ਰਜਿੰਦਰ ਜੁਨੇਜਾ) ਸ਼ਹਿਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਹੈ ਤੇ ਲੁਟੇਰਿਆਂ ਦੇ ਹੌਸਲੇ ਇਸ ਕਦਰ ਬੁਲੰਦ ਹੋ ਗਏ ਹਨ ਕਿ ਉਹ ਦਿਨ-ਦਿਹਾੜੇ ਭੀੜ-ਭੜੱਕੇ ਵਾਲੇ ਇਲਾਕਿਆਂ ਵਿੱਚ ਵੀ ਵਾਰਦਾਤਾਂ ਨੂੰ ਅੰਜਾਮ ਦੇਣ ਤੋਂ ਨਹੀਂ ਡਰਦੇ।ਅਜਿਹਾ ਹੀ ਇੱਕ ਮਾਮਲਾ ਮਲੋਟ ਦੇ ਬੱਸ ਸਟੈਂਡ ਦੇ ਬਾਹਰ ਸਾਹਮਣੇ ਆਇਆ ਹੈ, ਜਿੱਥੇ ਨੰਗੇ ਮੂੰਹ ਮੋਟਰਸਾਈਕਲ 'ਤੇ ਆਏ ਦੋ ਝਪਟਮਾਰ ਇੱਕ ਔਰਤ ਦਾ ਪਰਸ ਖੋਹ ਕੇ ਫ਼ਰਾਰ ਹੋ ਗਏ।ਇਸ ਘਟਨਾ ਦੀ ਫੋਟੋ ਤੇ ਪਿੱਛਾ ਕਰਦੇ ਨੌਜਵਾਨਾਂ ਵੱਲੋਂ ਬਣਾਈ ਗਈ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਪੀੜਤ ਮਨਪ੍ਰੀਤ ਕੌਰ ਵਾਸੀ ਅਬੋਹਰ ਨੇ ਦੱਸਿਆ ਕਿ ਉਹ ਦੁਪਹਿਰ ਕਰੀਬ ਸਾਢੇ ਤਿੰਨ ਵਜੇ ਆਪਣੀ ਭੈਣ ਨਾਲ ਮਲੋਟ ਬੱਸ ਸਟੈਂਡ ਦੇ ਬਾਹਰ ਖੜ੍ਹੀ ਸੀ।ਇਸੇ ਦੌਰਾਨ ਸਪਲੈਂਡਰ ਪਲੱਸ ਮੋਟਰਸਾਈਕਲ (ਨੰਬਰ ਪੀ ਬੀ-30 ਪੀ-3254) 'ਤੇ ਸਵਾਰ ਦੋ ਨੌਜਵਾਨ ਆਏ ਤੇ ਉਸ ਦੇ ਹੱਥੋਂ ਪਰਸ ਝਪਟ ਕੇ ਫ਼ਰਾਰ ਹੋ ਗਏ।ਪੀੜਤਾ ਅਨੁਸਾਰ ਪਰਸ ਵਿੱਚ 8 ਤੋਲੇ ਚਾਂਦੀ ਦਾ ਕੜਾ, ਕਰੀਬ 8,400 ਰੁਪਏ ਨਗਦੀ, ਆਧਾਰ ਕਾਰਡ, ਪੈਨ ਕਾਰਡ ਤੇ ਹੋਰ ਜ਼ਰੂਰੀ ਦਸਤਾਵੇਜ਼ ਮੌਜੂਦ ਸਨ।ਵਾਰਦਾਤ ਤੋਂ ਤੁਰੰਤ ਬਾਅਦ ਔਰਤ ਵੱਲੋਂ ਰੌਲਾ ਪਾਉਣ 'ਤੇ ਮੌਕੇ 'ਤੇ ਮੌਜੂਦ ਕੁਝ ਨੌਜਵਾਨਾਂ ਨੇ ਬਹਾਦਰੀ ਦਿਖਾਉਂਦੇ ਹੋਏ ਲੁਟੇਰਿਆਂ ਦੇ ਪਿੱਛੇ ਆਪਣਾ ਮੋਟਰਸਾਈਕਲ ਲਗਾ ਲਿਆ ਤੇ ਇਸ ਦੀ ਵੀਡੀਓ ਵੀ ਬਣਾਈ।ਸਾਹਮਣੇ ਆਈ ਵੀਡੀਓ ਵਿੱਚ ਸਾਫ਼ ਦੇਖਿਆ ਜਾ ਸਕਦਾ ਹੈ ਕਿ ਬਠਿੰਡਾ ਚੌਕ ਵਿੱਚ ਭਾਰੀ ਟ੍ਰੈਫਿਕ ਜਾਮ ਲੱਗਾ ਹੋਇਆ ਸੀ, ਜਿਸ ਕਾਰਨ ਚਾਰ-ਪਹੀਆ ਵਾਹਨ ਰੁਕੇ ਹੋਏ ਸਨ, ਪਰ ਲੁਟੇਰੇ ਮੋਟਰਸਾਈਕਲ 'ਤੇ ਹੋਣ ਕਾਰਨ ਭੀੜ ਵਿੱਚੋਂ ਨਿਕਲ ਕੇ ਬਠਿੰਡਾ ਰੋਡ ਰਾਹੀਂ ਹੁੰਦੇ ਹੋਏ ਦਾਣਾ ਮੰਡੀ ਵੱਲ ਫ਼ਰਾਰ ਹੋਣ ਵਿੱਚ ਕਾਮਯਾਬ ਹੋ ਗਏ।

ਪੀੜਤ ਔਰਤ ਨੇ ਲੁਟੇਰਿਆਂ ਦੀਆਂ ਤਸਵੀਰਾਂ ਤੇ ਵੀਡੀਓ ਪੁਲਸ ਤੇ ਪੱਤਰਕਾਰਾਂ ਨੂੰ ਸੌਂਪਦਿਆਂ ਮੁਲਜ਼ਮਾਂ ਦੀ ਜਲਦ ਗ੍ਰਿਫ਼ਤਾਰੀ ਦੀ ਮੰਗ ਕੀਤੀ ਹੈ।

ਢੁੱਡੀਕੇ 'ਚ ਲਾਲਾ ਲਾਜਪਤ ਰਾਏ ਜੀ ਦਾ ਬਲੀਦਾਨ ਦਿਵਸ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ

ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਦੇ ਜੀਵਨ, ਸੰਘਰਸ਼ ਤੇ ਕੁਰਬਾਨੀ ਤੋਂ ਨਵੀਂ ਪੀੜ੍ਹੀ ਨੂੰ ਪ੍ਰੇਰਨਾ ਲੈਣ ਦੀ ਲੋੜ : ਡਾ. ਗੁਰਪ੍ਰੀਤ ਕੌਰ



ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਕੇਸਰੀ ਵਜੋਂ ਜਾਣੇ ਜਾਂਦੇ ਮਹਾਨ ਆਜ਼ਾਦੀ ਘੁਲਾਟੀਏ ਤੇ ਕੌਮੀ ਨਾਇਕ ਲਾਲਾ ਲਾਜਪਤ ਰਾਏ ਜੀ ਦਾ ਬਲੀਦਾਨ ਦਿਵਸ ਅੱਜ ਉਨ੍ਹਾਂ ਦੇ ਜਨਮ ਅਸਥਾਨ ਪਿੰਡ ਢੁੱਡੀਕੇ ਵਿਖੇ ਪੂਰੀ ਸ਼ਰਧਾ, ਸਤਿਕਾਰ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਸੁਪਤਨੀ ਡਾ. ਗੁਰਪ੍ਰੀਤ ਕੌਰ ਨੇ ਸ਼ਹੀਦ ਲਾਲਾ ਲਾਜਪਤ ਰਾਏ ਨੂੰ ਸ਼ਰਧਾਂਜਲੀ ਭੇਟ ਕੀਤੀ।ਵਿਧਾਇਕ ਨਿਹਾਲ ਸਿੰਘ ਵਾਲਾ ਸ੍ਰ. ਮਨਜੀਤ ਸਿੰਘ ਬਿਲਾਸਪੁਰ, ਐੱਸ.ਡੀ.ਐੱਮ. ਸਤਵਿੰਦਰ ਪਾਲ ਸਿੰਘ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਲਾਲਾ ਲਾਜਪਤ ਰਾਏ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਦੇਸ਼ ਦੀ ਆਜ਼ਾਦੀ ਲਈ ਉਨ੍ਹਾਂ ਵੱਲੋਂ ਕੀਤੇ ਗਏ ਮਹਾਨ ਸੰਘਰਸ਼ ਤੇ ਕੁਰਬਾਨੀ ਨੂੰ ਯਾਦ ਕੀਤਾ।ਇਸ ਮੌਕੇ ਆਪਣੇ ਸੰਬੋਧਨ ਵਿੱਚ ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਲਾਲਾ ਲਾਜਪਤ ਰਾਏ ਜੀ ਦਾ ਭਾਰਤ ਦੇ ਆਜ਼ਾਦੀ ਸੰਗਰਾਮ ਵਿੱਚ ਯੋਗਦਾਨ ਬੇਹੱਦ ਮਹੱਤਵਪੂਰਨ ਤੇ ਪ੍ਰੇਰਨਾਦਾਇਕ ਹੈ।ਉਨ੍ਹਾਂ ਆਪਣੀ ਸਾਰੀ ਜ਼ਿੰਦਗੀ ਦੇਸ਼ ਦੀ ਆਜ਼ਾਦੀ, ਸਵੈਮਾਣ ਤੇ ਸਵਦੇਸ਼ੀ ਲਹਿਰ ਨੂੰ ਸਮਰਪਤ ਕੀਤੀ।ਉਨ੍ਹਾਂ ਦਾ ਸੰਘਰਸ਼, ਦ੍ਰਿੜ੍ਹ ਇਰਾਦਾ ਤੇ ਦੇਸ਼ ਪ੍ਰਤੀ ਸਮਰਪਣ ਅੱਜ ਵੀ ਹਰ ਭਾਰਤੀ ਲਈ ਪ੍ਰੇਰਨਾ ਦਾ ਸਰੋਤ ਹੈ।ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਮਹਾਨ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਨੂੰ ਸਿਰਫ਼ ਯਾਦ ਹੀ ਨਹੀਂ ਕਰਨਾ ਚਾਹੀਦਾ, ਸਗੋਂ ਉਨ੍ਹਾਂ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਵੀ ਅਪਣਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਪਿੰਡ ਢੁੱਡੀਕੇ ਦੀ ਧਰਤੀ ਨੂੰ ਇਹ ਮਾਣ ਹਾਸਲ ਹੈ ਕਿ ਇੱਥੇ ਲਾਲਾ ਲਾਜਪਤ ਰਾਏ ਜੀ ਵਰਗੇ ਮਹਾਨ ਦੇਸ਼ ਭਗਤ ਨੇ ਜਨਮ ਲਿਆ।ਪੰਜਾਬ ਦੀ ਇਸ ਧਰਤੀ ਨੇ ਗ਼ਦਰੀ ਬਾਬਿਆਂ, ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ ਤੇ ਹੋਰ ਅਨੇਕਾਂ ਸੂਰਬੀਰਾਂ ਨੂੰ ਜਨਮ ਦਿੱਤਾ, ਜਿਨ੍ਹਾਂ ਨੇ ਦੇਸ਼ ਨੂੰ ਗੁਲਾਮੀ ਦੀਆਂ ਜ਼ੰਜੀਰਾਂ ਤੋਂ ਮੁਕਤ ਕਰਵਾਉਣ ਲਈ ਆਪਣੀਆਂ ਜਾਨਾਂ ਤੱਕ ਨਿਛਾਵਰ ਕਰ ਦਿੱਤੀਆਂ।ਉਨ੍ਹਾਂ ਕਿਹਾ ਕਿ ਅੱਜ ਅਸੀਂ ਜਿਸ ਆਜ਼ਾਦ ਮਾਹੌਲ ਵਿੱਚ ਸਾਹ ਲੈ ਰਹੇ ਹਾਂ, ਉਹ ਇਨ੍ਹਾਂ ਮਹਾਨ ਸ਼ਹੀਦਾਂ ਤੇ ਆਜ਼ਾਦੀ ਘੁਲਾਟੀਆਂ ਦੀਆਂ ਅਣਥੱਕ ਘਾਲਣਾਵਾਂ ਤੇ ਕੁਰਬਾਨੀਆਂ ਦਾ ਨਤੀਜਾ ਹੈ।ਇਸ ਮੌਕੇ ਉਨ੍ਹਾਂ ਪਿੰਡ ਢੁੱਡੀਕੇ ਦੇ ਵਿਕਾਸ ਸਬੰਧੀ ਗੱਲ ਕਰਦਿਆਂ ਭਰੋਸਾ ਦਿੱਤਾ ਕਿ ਪਿੰਡ ਦੀਆਂ ਲੋੜਾਂ ਤੇ ਵਿਕਾਸ ਕਾਰਜਾਂ ਲਈ ਜਿਹੜੇ ਵੀ ਫੰਡਾਂ ਦੀ ਜ਼ਰੂਰਤ ਹੋਵੇਗੀ, ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਉਣ ਲਈ ਯਤਨ ਕੀਤੇ ਜਾਣਗੇ।ਉਨ੍ਹਾਂ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦਾ ਜ਼ਿਕਰ ਕਰਦਿਆਂ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਵੱਲੋਂ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ ਤੇ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਇਸ ਮੌਕੇ ਦੋਵੇਂ ਵਿਧਾਇਕਾਂ ਨੇ ਕਿਹਾ ਕਿ ਪਿੰਡ ਢੁੱਡੀਕੇ ਦੀ ਧਰਤੀ ਇਤਿਹਾਸਕ ਮਹੱਤਤਾ ਰੱਖਦੀ ਹੈ, ਜਿੱਥੇ ਲਾਲਾ ਲਾਜਪਤ ਰਾਏ ਜੀ ਵਰਗੇ ਮਹਾਨ ਦੇਸ਼ ਭਗਤ ਨੇ ਜਨਮ ਲਿਆ।ਉਨ੍ਹਾਂ ਕਿਹਾ ਕਿ ਆਜ਼ਾਦੀ ਦੇ ਸੰਘਰਸ਼ ਵਿੱਚ ਪੰਜਾਬ ਦੇ ਸੂਰਬੀਰਾਂ ਵੱਲੋਂ ਪਾਏ ਯੋਗਦਾਨ ਤੇ ਦਿੱਤੀਆਂ ਕੁਰਬਾਨੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਸਮਾਗਮ ਦੀ ਸ਼ੁਰੂਆਤ ਮੌਕੇ ਡਾ. ਗੁਰਪ੍ਰੀਤ ਕੌਰ, ਵਿਧਾਇਕ ਸ੍ਰ. ਮਨਜੀਤ ਸਿੰਘ ਬਿਲਾਸਪੁਰ, ਐੱਸ.ਡੀ.ਐੱਮ. ਸ੍ਰ. ਸਤਵਿੰਦਰ ਪਾਲ ਸਿੰਘ ਤੇ ਹੋਰ ਹਾਜ਼ਰੀਨ ਨੇ ਲਾਲਾ ਲਾਜਪਤ ਰਾਏ ਜੀ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ।ਉਪਰੰਤ ਉਨ੍ਹਾਂ ਯਾਦਗਾਰ ਵਿਖੇ ਸਥਿਤ ਲਾਇਬ੍ਰੇਰੀ ਤੇ ਹੋਰ ਇਤਿਹਾਸਕ ਸਥਾਨਾਂ ਦਾ ਦੌਰਾ ਕਰਕੇ ਇਸ ਅਮੀਰ ਵਿਰਾਸਤ ਨੂੰ ਦੇਖਿਆ।ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ ਤੇ ਸਮੂਹ ਗਾਇਨ ਪੇਸ਼ ਕਰਕੇ ਸਮਾਗਮ ਨੂੰ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ।ਉਪਰੰਤ ਸਮੂਹ ਸ਼ਖ਼ਸੀਅਤਾਂ ਨੇ ਪਿੰਡ ਦੇ ਹੋਰ ਸ਼ਹੀਦਾਂ ਦੀ ਯਾਦ ਵਿੱਚ ਬਣੇ ਸਮਾਰਕ ਵਿਖੇ ਵੀ ਫੁੱਲ ਮਾਲਾਵਾਂ ਭੇਟ ਕਰਕੇ ਸ਼ਰਧਾਂਜਲੀ ਦਿੱਤੀ।ਅਖੀਰ ਵਿੱਚ ਲਾਲਾ ਲਾਜਪਤ ਰਾਏ ਜਨਮ ਅਸਥਾਨ ਯਾਦਗਾਰ ਕਮੇਟੀ ਵੱਲੋਂ ਸਮਾਗਮ ਵਿੱਚ ਸ਼ਾਮਲ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ।

ਕਾਤਰਾਂ

22 ਨਵੰਬਰ ਨੂੰ ਮਨਾਇਆ ਜਾਵੇਗਾ 'ਸਾਈ ਸਰਬ ਧਰਮ ਦਿਵਸ'

ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)-ਸ੍ਰੀ ਸੱਤਿਆ ਸਾਈ ਸੇਵਾ ਸੰਮਤੀ ਧੂਰੀ ਵੱਲੋਂ ਸ੍ਰੀ ਸੱਤਿਆ ਸਾਈ ਬਾਬਾ ਜੀ ਦੇ ਸ਼ਤਾਬਦੀ ਸਮਾਗਮਾਂ ਦੀ ਲੜੀ ਤਹਿਤ 22 ਨਵੰਬਰ ਨੂੰ ਮੰਗਲਾ ਆਸ਼ਰਮ (ਗਊਸ਼ਾਲਾ) ਵਿਖੇ 'ਸਾਈ ਸਰਬ ਧਰਮ ਦਿਵਸ' ਮਨਾਇਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਮਤੀ ਦੇ ਬੁਲਾਰੇ ਐਡਵੋਕੇਟ ਸੀ.ਪੀ. ਭਾਟੀਆ ਨੇ ਦੱਸਿਆ ਕਿ ਇਹ ਸਮਾਗਮ ਦੁਪਹਿਰ 1.30 ਵਜੇ ਤੋਂ ਸ਼ਾਮ 5 ਵਜੇ ਤੱਕ ਕਰਵਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ ਸ਼ਰਮਾ, ਕੌਂਸਲਰ ਸੰਦੀਪ ਬਾਂਸਲ ਅਤੇ ਪੰਜਾਬ ਰਾਈਸ ਇੰਡਸਟਰੀ ਦੇ ਜ਼ਿਲ੍ਹਾ ਪ੍ਰਧਾਨ ਅਸ਼ੋਕ ਕੁਮਾਰ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ।

ਰਿੰਕੂ ਮਹਿਣਾ ਭਾਜਪਾ ਜਨਤਾ ਯੁਵਾ ਮੋਰਚਾ ਦੇ ਜ਼ਿਲ੍ਹਾ ਵਾਈਸ ਪ੍ਰਧਾਨ ਨਿਯੁਕਤ



ਮਲੋਟ (ਰਜਿੰਦਰ ਜੁਨੇਜਾ)-ਭਾਰਤੀ ਜਨਤਾ ਪਾਰਟੀ (ਭਾਜਪਾ) ਵੱਲੋਂ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਦਿਆਂ ਨੌਜਵਾਨ ਆਗੂ ਮਨਦੀਪ ਸਿੰਘ ਰਿੰਕੂ ਮਹਿਣਾ ਨੂੰ ਭਾਜਪਾ ਜਨਤਾ ਯੁਵਾ ਮੋਰਚਾ ਦਾ ਜ਼ਿਲ੍ਹਾ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਭਾਜਪਾ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਭੰਗੇਵਾਲਾ ਵੱਲੋਂ ਜਾਰੀ ਕੀਤੀ ਗਈ ਸੂਚੀ ਅਨੁਸਾਰ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲੜਨ ਵਾਲੇ ਸਰਗਰਮ ਨੌਜਵਾਨ ਆਗੂ ਮਨਦੀਪ ਸਿੰਘ ਰਿੰਕੂ ਮਹਿਣਾ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਦੇਖਦਿਆਂ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ।ਆਪਣੀ ਇਸ ਨਿਯੁਕਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਰਿੰਕੂ ਮਹਿਣਾ ਨੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਭੰਗੇਵਾਲਾ, ਯੁਵਾ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ

ਧਾਰਮਿਕ ਗੀਤ 'ਆਏ ਸਤਿਗੁਰ ਨਾਨਕ ਦੇਵ ਜੀ' ਦੀ ਸ਼ੂਟਿੰਗ ਮੁਕੰਮਲ



ਦੋਰਾਹਾ (ਹਰਮਿੰਦਰ ਸੇਠ)-ਸ੍ਰੀ ਗੁਰੂ ਨਾਨਕ ਦੇਵ ਦੀ ਉਸਤਤ, ਮਹਿਮਾ ਅਤੇ ਪਾਵਨ ਸਿੱਖਿਆਵਾਂ ਨੂੰ ਸਮਰਪਿਤ ਧਾਰਮਿਕ ਗੀਤ 'ਆਏ ਸਤਿਗੁਰ ਨਾਨਕ ਦੇਵ ਜੀ', ਜੋ ਕਿ ਐੱਸ ਕੇ ਜੀ ਬੈਨਰ ਹੇਠ ਰਿਲੀਜ਼ ਕੀਤਾ ਜਾਵੇਗਾ, ਦੀ ਵੀਡੀਓ ਸ਼ੂਟਿੰਗ ਸਫਲਤਾਪੂਰਵਕ ਮੁਕੰਮਲ ਹੋ ਗਈ ਹੈ। ਇਸ ਧਾਰਮਿਕ ਗੀਤ ਨੂੰ ਪ੍ਰਸਿੱਧ ਗਾਇਕਾ ਸੁਖਵਿੰਦਰ ਕੌਰ ਗਰੇਵਾਲ ਨੇ ਆਪਣੀ ਸੁਰੀਲੀ ਆਵਾਜ਼ ਵਿੱਚ ਗਾਇਆ ਹੈ। ਗੀਤ ਦੀ ਵੀਡੀਓ ਸ਼ੂਟਿੰਗ ਦੋਰਾਹਾ, ਸਾਹਨੇਵਾਲ ਅਤੇ ਇਨ੍ਹਾਂ ਦੇ ਆਸ-ਪਾਸ ਦੇ ਵੱਖ-ਵੱਖ ਸਥਾਨਾਂ 'ਤੇ ਕੀਤੀ ਗਈ। ਇਸ ਪ੍ਰੋਜੈਕਟ ਦਾ ਨਿਰਦੇਸ਼ਨ ਨਰਿੰਦਰ ਪੋਰਟਰੇਟ ਵੱਲੋਂ ਕੀਤਾ ਗਿਆ ਹੈ। ਵੀਡੀਓ ਵਿੱਚ ਬੀਬੀ ਗੁਰਮੀਤ ਕੌਰ ਖ਼ਾਲਸਾ, ਮੀਰੀ-ਪੀਰੀ ਢਾਡੀ ਜਥਾ (ਸ੍ਰੀ ਅੰਮ੍ਰਿਤਸਰ ਸਾਹਿਬ), ਬੀਬੀ ਜੋਗਿੰਦਰ ਕੌਰ, ਬੀਬੀ ਨਵਜੋਤ ਕੌਰ ਅਤੇ ਸਾਰੰਗੀ ਮਾਸਟਰ ਨਾਇਬ ਸਿੰਘ ਨੇ ਵੀ ਆਪਣੀ ਅਹਿਮ ਸੇਵਾ ਨਿਭਾਈ। ਗੀਤ ਦੇ ਬੋਲ ਰਮੇਸ਼ ਚੌਹਾਨ ਨੇ ਲਿਖੇ ਹਨ ਅਤੇ ਸੰਗੀਤ ਪਵਨ ਡੰਮਾ ਵੱਲੋਂ ਤਿਆਰ ਕੀਤਾ ਗਿਆ ਹੈ।

ਸਾਬਕਾ ਵਿਧਾਇਕ ਰਾਜਿੰਦਰ ਨੇ ਖਿਡਾਰੀਆਂ ਦੇ ਹੱਕ 'ਚ ਉਠਾਈ ਆਵਾਜ਼



ਪਟਿਆਲਾ/ਡਾਕਾਲਾ (ਰਾਜਿੰਦਰ ਸਿੰਘ ਥਿੰਦ)-ਪਿੰਡ ਪਹਾੜਪੁਰ ਵਿਖੇ ਹੋਏ ਵਿਸ਼ਾਲ ਖੇਡ ਮੇਲੇ 'ਚ ਖੇਡਾਂ ਦਾ ਜੋਸ਼ ਵੀ ਦੇਖਣ ਨੂੰ ਮਿਲਿਆ ਤੇ ਸਿਆਸਤ ਦੀ ਗਰਮੀ ਵੀ। ਇਸ ਖੇਡ ਮੇਲੇ 'ਚ ਮੁੱਖ ਮਹਿਮਾਨ ਵਜੋਂ ਪਹੁੰਚੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਅਤੇ ਖੇਡਾਂ ਤੇ ਖਿਡਾਰੀਆਂ ਦੇ ਹੱਕਾਂ ਲਈ ਅਵਾਜ਼ ਬੁਲੰਦ ਕੀਤੀ। ਉਨ੍ਹਾਂ ਨੇ ਮੰਚ ਤੋਂ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖੇ ਹਮਲੇ ਕੀਤੇ। ਸਾਬਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਦੀ ਮਿੱਟੀ 'ਚੋਂ ਹਮੇਸ਼ਾ ਵੱਡੇ-ਵੱਡੇ ਖਿਡਾਰੀ ਪੈਦਾ ਹੋਏ ਹਨ ਪਰ ਅੱਜ ਪੰਜਾਬ ਦਾ ਖਿਡਾਰੀ ਆਪਣੇ ਆਪ ਨੂੰ ਅਣਗੌਲਿਆ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਖਿਡਾਰੀਆਂ ਲਈ ਨਾ ਤਾਂ ਸਹੀ ਸਟੇਡੀਅਮ ਬਣਾਏ ਹਨ, ਨਾ ਹੀ ਸਹੀ ਸਹੂਲਤਾਂ ਦਿੱਤੀਆਂ ਹਨ। ਪਿੰਡਾਂ ਦੇ ਗਰਾਊਂਡ ਖਤਮ ਹੋ ਰਹੇ ਹਨ, ਕੋਚਾਂ ਦੀ ਘਾਟ ਹੈ, ਖੇਡਾਂ ਲਈ ਬਜਟ ਨਹੀਂ ਮਿਲ ਰਿਹਾ। ਉਨ੍ਹਾਂ ਕਿਹਾ ਕਿ ਖਿਡਾਰੀ ਨੂੰ ਸਿਰਫ਼ ਟਰਾਫੀ ਨਹੀਂ, ਸਨਮਾਨ ਤੇ ਰੁਜ਼ਗਾਰ ਚਾਹੀਦਾ ਹੈ। ਉਨ੍ਹਾਂ ਮੰਗ ਕੀਤੀ ਕਿ ਹਰ ਪਿੰਡ 'ਚ ਖੇਡ ਸਟੇਡੀਅਮ ਬਣਾਇਆ ਜਾਵੇ, ਖਿਡਾਰੀਆਂ ਨੂੰ ਸਰਕਾਰੀ ਨੌਕਰੀਆਂ 'ਚ ਰਾਖਵਾਂਕਰਨ ਮਿਲੇ, ਖੇਡ ਜਿੱਤਣ ਵਾਲੇ ਖਿਡਾਰੀਆਂ ਨੂੰ ਨਕਦ ਇਨਾਮ ਤੇ ਸਨਮਾਨ ਮਿਲੇ। ਉਨ੍ਹਾਂ ਨੇ ਆਪਣੇ ਵੱਲੋਂ ਖੇਡ ਮੇਲੇ ਲਈ ਵੱਡੀ ਰਾਸ਼ੀ ਦੇਣ ਦਾ ਐਲਾਨ ਵੀ ਕੀਤਾ ਅਤੇ ਜੇਤੂ ਟੀਮਾਂ ਨੂੰ ਸਨਮਾਨਿਤ ਕੀਤਾ! ਇਸ ਮੌਕੇ ਕਾਂਗਰਸ ਦੇ ਬਲਾਕ ਪ੍ਰਧਾਨ ਨਾਇਬ ਸਿੰਘ ਭਾਨਰੀ, ਧਰਮ ਸਿੰਘ ਪਹਾੜਪੁਰ, ਡਾ ਰਾਜ ਕੁਮਾਰ ਡਾਕਾਲਾ, ਮਲਕੀਤ ਬੈਠੇਈ ਸਿੱਪੀ ਧਾਲੀਵਾਲ ਵੀ ਹਾਜ਼ਰ ਸਨ!

ਵਿਧਾਇਕ ਸੇਖੋਂ ਵੱਲੋਂ ਸਵੈ-ਗਣਨਾ ਮੁਹਿੰਮ 'ਚ ਵਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ



ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਐੱਮ.ਐੱਲ.ਏ ਫ਼ਰੀਦਕੋਟ ਸ੍ਰ. ਗੁਰਦਿੱਤ ਸਿੰਘ ਸੇਖੋਂ ਨੇ ਜਨਗਣਨਾ-2027 ਤਹਿਤ ਸ਼ੁਰੂ ਕੀਤੀ ਗਈ ਸਵੈ-ਗਣਨਾ (ਸੈਲਫ ਇਨਿਊਮਰੇਸ਼ਨ) ਮੁਹਿੰਮ ਵਿੱਚ ਖੁਦ ਸ਼ਮੂਲੀਅਤ ਕਰਦਿਆਂ ਲੋਕਾਂ ਨੂੰ ਵੀ ਇਸ ਪ੍ਰਕਿਰਿਆ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ।ਉਨ੍ਹਾਂ ਫ਼ਰੀਦਕੋਟ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ।ਹਲਕਾ ਵਿਧਾਇਕ ਨੇ ਕਿਹਾ ਕਿ ਜਨਗਣਨਾ-2027 ਦੀ ਸਵੈ-ਗਣਨਾ 16 ਨਵੰਬਰ ਤੋਂ 30 ਨਵੰਬਰ ਤੱਕ ਸਰਕਾਰ ਵੱਲੋਂ ਆਨਲਾਈਨ ਪੋਰਟਲ ਖੋਲ੍ਹਿਆ ਗਿਆ ਹੈ, ਜਿਸ ਤਹਿਤ ਲੋਕ ਪੋਰਟਲ https://se.census.gov.in/ 'ਤੇ ਲਾਗਇਨ ਕਰਕੇ ਆਪਣੀ ਤੇ ਆਪਣੇ ਪਰਵਾਰ ਦੀ ਜਾਣਕਾਰੀ ਖੁਦ ਭਰ ਸਕਦੇ ਹਨ।ਉਨ੍ਹਾਂ ਕਿਹਾ ਕਿ ਇਸ ਪ੍ਰਕਿਰਿਆ ਨਾਲ ਲੋਕਾਂ ਨੂੰ ਆਪਣੀ ਜਾਣਕਾਰੀ ਸਹੀ ਤੇ ਸੁਵਿਧਾਜਨਕ ਢੰਗ ਨਾਲ ਦਰਜ ਕਰਨ ਦਾ ਮੌਕਾ ਮਿਲੇਗਾ, ਜਿਸ ਰਾਹੀਂ ਨਾਗਰਿਕ ਆਪਣੀ ਸਾਰੀ ਜਾਣਕਾਰੀ ਸਾਂਝੀ ਕਰ ਸਕਦੇ ਹਨ।ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਜਨਗਣਨਾ ਕਰਮਚਾਰੀ ਘਰ-ਘਰ ਜਾ ਕੇ ਜਾਣਕਾਰੀ ਇਕੱਤਰ ਕਰਨਗੇ।ਉਨ੍ਹਾਂ ਫ਼ਰੀਦਕੋਟ ਵਾਸੀਆਂ ਨੂੰ ਅਪੀਲ ਕੀਤੀ ਕਿ ਲੋਕ ਵੱਧ ਤੋਂ ਵੱਧ ਇਸ ਸਹੂਲਤ ਦਾ ਲਾਭ ਲੈਣ।ਉਨ੍ਹਾਂ ਸਮੂਹ ਜ਼ਿਲ੍ਹਾ ਨਿਵਾਸੀਆਂ ਨੂੰ ਖ਼ਾਸ ਅਪੀਲ ਕਰਦਿਆਂ ਕਿਹਾ ਕਿ ਮਾਂ-ਬੋਲੀ ਸਬੰਧੀ ਜਾਣਕਾਰੀ ਭਰਨ ਸਮੇਂ ਪੰਜਾਬੀ ਨੂੰ ਆਪਣੀ ਮਾਂ-ਬੋਲੀ ਵਜੋਂ ਜ਼ਰੂਰ ਦਰਜ ਕਰਵਾਇਆ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬੀ ਸਾਡੀ ਪਛਾਣ ਤੇ ਸੱਭਿਆਚਾਰਕ ਵਿਰਾਸਤ ਦਾ ਅਟੁੱਟ ਹਿੱਸਾ ਹੈ ਅਤੇ ਇਸ ਦੀ ਸਹੀ ਦਰਜਾਬੰਦੀ ਸਾਡੀ ਭਾਸ਼ਾ ਦੀ ਮਜ਼ਬੂਤੀ ਲਈ ਬਹੁਤ ਜ਼ਰੂਰੀ ਹੈ।

ਸਿਲਵਰ ਪਾਮ ਦੇ ਐੱਮ ਡੀ ਮਨੀਸ਼ ਗਗਨੇਜਾ ਦਾ ਦਿਹਾਂਤ



ਮਲੋਟ (ਰਜਿੰਦਰ ਜੁਨੇਜਾ)-ਸ਼ਹਿਰ ਦੇ ਉੱਘੇ ਕਾਰੋਬਾਰੀ, ਸਿਲਵਰ ਪਾਮ ਹੋਟਲ ਦੇ ਮੈਨੇਜਿੰਗ ਡਾਇਰੈਕਟਰ ਤੇ ਪ੍ਰਮੁੱਖ ਸਮਾਜ ਸੇਵੀ ਮਨੀਸ਼ ਗਗਨੇਜਾ ਦਾ ਅੱਜ ਅਚਾਨਕ ਦੇਹਾਂਤ ਹੋ ਗਿਆ।ਉਨ੍ਹਾਂ ਦੇ ਦਿਹਾਂਤ ਦੀ ਖ਼ਬਰ ਸੁਣਦਿਆਂ ਹੀ ਪੂਰੇ ਮਲੋਟ ਸ਼ਹਿਰ ਤੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਜਾਣਕਾਰੀ ਅਨੁਸਾਰ ਮਨੀਸ਼ ਗਗਨੇਜਾ ਪਿਛਲੇ ਕੁਝ ਸਮੇਂ ਤੋਂ ਇੱਕ ਨਾਮੁਰਾਦ ਬਿਮਾਰੀ ਨਾਲ ਜੂਝ ਰਹੇ ਸਨ ਅਤੇ ਜ਼ੇਰੇ ਇਲਾਜ ਸਨ, ਪਰ ਅੱਜ ਉਹ ਜ਼ਿੰਦਗੀ ਦੀ ਜੰਗ ਹਾਰ ਗਏ।ਮਨੀਸ਼ ਗਗਨੇਜਾ ਆਪਣੇ ਮਿਲਣਸਾਰ ਸੁਭਾਅ ਤੇ ਸਮਾਜ ਸੇਵਾ ਦੇ ਕਾਰਜਾਂ ਕਰਕੇ ਇਲਾਕੇ ਵਿੱਚ ਕਾਫ਼ੀ ਹਰਮਨ ਪਿਆਰੇ ਸਨ। ਉਨ੍ਹਾਂ ਦੀ ਸਰਪ੍ਰਸਤੀ ਹੇਠ ਲਾਇਨਜ਼ ਕਲੱਬ ਨੇ ਲਗਾਤਾਰ ਸਤਾਈ ਕੈਂਪ ਲਗਾ ਕੇ ਸੈਂਕੜੇ ਲੋਕਾਂ ਦੀਆਂ ਅੱਖਾਂ ਦਾ ਮੁਫ਼ਤ ਇਲਾਜ ਕੀਤਾ।ਉਨ੍ਹਾਂ ਦੇ ਬੇਵਕਤੀ ਵਿਛੋੜੇ ਨੂੰ ਸਮਾਜ ਤੇ ਕਾਰੋਬਾਰੀ ਜਗਤ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਜਾ ਰਿਹਾ ਹੈ।ਉਨ੍ਹਾਂ ਦੇ ਅਕਾਲ ਚਲਾਣੇ 'ਤੇ ਇਲਾਕੇ ਦੀਆਂ ਵੱਖ-ਵੱਖ ਰਾਜਨੀਤਕ, ਸਮਾਜਿਕ, ਧਾਰਮਿਕ ਤੇ ਵਪਾਰਕ ਜਥੇਬੰਦੀਆਂ ਦੇ ਆਗੂਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੀੜਤ ਪਰਿਵਾਰ ਨਾਲ ਹਮਦਰਦੀ ਸਾਂਝੀ ਕੀਤੀ ਹੈ ਤੇ ਵਿੱਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕੀਤੀ।

ਡੀ ਬੀ ਯੂ 'ਚ ਵਿਸ਼ਵ ਰੇਡੀਓਗ੍ਰਾਫੀ ਦਿਵਸ ਮਨਾਇਆ



ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਯੂਨੀਵਰਸਿਟੀ ਦੇ ਫੈਕਲਟੀ ਆਫ਼ ਅਲਾਇਡ ਐਂਡ ਹੈਲਥਕੇਅਰ ਸਾਇੰਸਿਜ਼ ਵੱਲੋਂ ਵਿਸ਼ਵ ਰੇਡੀਓਗ੍ਰਾਫੀ ਦਿਵਸ ਬੜੇ ਉਤਸ਼ਾਹ ਤੇ ਜੋਸ਼ ਨਾਲ ਮਨਾਇਆ ਗਿਆ।ਇਸ ਸਾਲ ਦਾ ਵਿਸ਼ਾ ਮਰੀਜ਼ਾਂ ਦੀ ਦੇਖਭਾਲ, ਸੁਰੱਖਿਆ ਤੇ ਅਤਿ-ਆਧੁਨਿਕ ਇਮੇਜਿੰਗ ਵਿੱਚ ਰੇਡੀਓਗ੍ਰਾਫਰਾਂ ਦੀ ਭੂਮਿਕਾ ਦਾ ਸਨਮਾਨ ਰੱਖਿਆ ਗਿਆ।ਇਸ ਸਮਾਗਮ ਵਿੱਚ ਦੇਸ਼ ਭਰ ਤੋਂ ਪ੍ਰਸਿੱਧ ਰੇਡੀਓਲੋਜੀ ਮਾਹਰਾਂ, ਅਕਾਦਮਿਕ ਵਿਦਵਾਨਾਂ ਤੇ ਸਿਹਤ ਖੇਤਰ ਦੇ ਪੇਸ਼ੇਵਰਾਂ ਨੇ ਸ਼ਿਰਕਤ ਕੀਤੀ।ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤੇਜਿੰਦਰ ਕੌਰ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਤੋਂ ਇਲਾਵਾ ਬਾਰਕ, ਮੁੰਬਈ ਤੋਂ ਡਾ. ਸੁਰਿਤਾ ਕੰਥਾਰੀਆ ਤੇ ਯੂ.ਪੀ.ਐੱਸ.ਏ.ਐੱਚ.ਆਈ.ਸੀ., ਪੀ.ਜੀ.ਆਈ.ਐੱਮ.ਈ.ਆਰ. ਚੰਡੀਗੜ੍ਹ ਤੇ ਕਾਜ਼ੀਰੰਗਾ ਯੂਨੀਵਰਸਿਟੀ ਤੋਂ ਪਹੁੰਚੇ ਪ੍ਰਸਿੱਧ ਮਾਹਰਾਂ ਨੇ ਮੈਡੀਕਲ ਇਮੇਜਿੰਗ ਦੀਆਂ ਨਵੀਆਂ ਤਕਨੀਕਾਂ, ਮਰੀਜ਼ਾਂ ਦੀ ਸੁਰੱਖਿਆ ਤੇ ਰੇਡੀਓਗ੍ਰਾਫਰਾਂ ਦੀ ਬਦਲਦੀ ਭੂਮਿਕਾ ਬਾਰੇ ਆਪਣੇ ਕੀਮਤੀ ਵਿਚਾਰ ਸਾਂਝੇ ਕੀਤੇ।ਇਸ ਮੌਕੇ ਮਾਹਰਾਂ ਵੱਲੋਂ ਵਿਸ਼ੇਸ਼ ਲੈਕਚਰ, ਵਿਚਾਰ-ਵਟਾਂਦਰੇ ਤੇ ਆਪਸੀ ਸੰਵਾਦ ਸੈਸ਼ਨ ਕਰਵਾਏ ਗਏ।ਇਸ ਦੇ ਨਾਲ ਹੀ ਵਿਸ਼ੇਸ਼ ਮਹਿਮਾਨਾਂ ਦਾ ਸਨਮਾਨ ਵੀ ਕੀਤਾ ਗਿਆ।ਸਮਾਗਮ ਵਿੱਚ ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਸਮਾਗਮ ਦੀ ਸਮਾਪਤੀ ਮਰੀਜ਼ਾਂ ਦੀ ਸੁਰੱਖਿਆ ਨੂੰ ਪਹਿਲ ਦੇਣ, ਰੇਡੀਓਲੋਜੀ ਵਿਗਿਆਨ ਨੂੰ ਹੋਰ ਅੱਗੇ ਵਧਾਉਣ ਤੇ ਆਧੁਨਿਕ ਸਿਹਤ ਸੇਵਾਵਾਂ ਵਿੱਚ ਰੇਡੀਓਗ੍ਰਾਫਰਾਂ ਦੇ ਅਹਿਮ ਯੋਗਦਾਨ ਨੂੰ ਮਾਨਤਾ ਦੇਣ ਦੇ ਸੰਕਲਪ ਨਾਲ ਹੋਈ।

ਰੋਟਰੀ ਕਲੱਬ ਵੱਲੋਂ ਅੱਖਾਂ ਦਾ ਵਿਸ਼ਾਲ ਮੁਫ਼ਤ ਮੈਡੀਕਲ ਕੈਂਪ

200 ਤੋਂ ਵੱਧ ਮਰੀਜ਼ਾਂ ਦੀ ਜਾਂਚ ਤੇ 65 ਦੇ ਮੁਫ਼ਤ ਆਪ੍ਰੇਸ਼ਨ ਕੀਤੇ



ਮਾਲੇਰਕੋਟਲਾ (ਅਸਗਰ ਪਰਿਹਾਰ)-ਰੋਟਰੀ ਕਲੱਬ ਮਾਲੇਰਕੋਟਲਾ ਵੱਲੋਂ ਸਮਾਜ ਸੇਵਾ ਅੰਮਾਨਵਤਾ ਦੀ ਭਲਾਈ ਦੇ ਕਾਰਜਾਂ ਨੂੰ ਅੱਗੇ ਵਧਾਉਂਦਿਆਂ ਸਥਾਨਕ 'ਸਕੂਲ ਫਾਰ ਬਲਾਈਂਡ' ਵਿਖੇ ਅੱਖਾਂ ਦਾ ਇੱਕ ਵਿਸ਼ਾਲ ਮੁਫ਼ਤ ਮੈਡੀਕਲ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ।ਇਸ ਕੈਂਪ ਦੌਰਾਨ 200 ਤੋਂ ਵੱਧ ਮਰੀਜ਼ਾਂ ਦੀਆਂ ਅੱਖਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ ਤੇ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਤੇ ਐਨਕਾਂ ਵੰਡੀਆਂ ਗਈਆਂ।ਇਸ ਤੋਂ ਇਲਾਵਾ ਜਾਂਚ ਉਪਰੰਤ ਚੁਣੇ ਗਏ 65 ਲੋੜਵੰਦ ਮਰੀਜ਼ਾਂ ਦੇ ਅੱਖਾਂ ਦੇ ਮੁਫ਼ਤ ਆਪ੍ਰੇਸ਼ਨ ਕਰਕੇ ਉਨ੍ਹਾਂ ਦੀਆਂ ਅੱਖਾਂ ਵਿੱਚ ਵਧੀਆ ਕੁਆਲਿਟੀ ਦੇ ਲੈਂਜ਼ ਵੀ ਪਾਏ ਗਏ।ਕੈਂਪ ਵਿੱਚ ਮੁੰਬਈ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਉੱਘੇ ਉਦਯੋਗਪਤੀ ਸ਼੍ਰੀ ਮੁਹੰਮਦ ਸ਼ਕੀਲ ਜਮਖਾਨੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਕਲੱਬ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਕੈਂਪ ਦੌਰਾਨ ਮਾਹਰ ਡਾਕਟਰਾਂ ਦੀ ਟੀਮ ਡਾ. ਰਮੇਸ਼ ਸ਼ਰਮਾ, ਡਾ. ਰਾਹੁਲ ਸ਼ਰਮਾ, ਡਾ. ਸਾਈਂਦੀਪ ਢੰਡ ਤੇ ਡਾ. ਕਮਲਦੀਪ ਨੇ ਆਪਣੀਆਂ ਸੇਵਾਵਾਂ ਨਿਭਾਉਂਦਿਆਂ ਮਰੀਜ਼ਾਂ ਦਾ ਨਿਰੀਖਣ ਤੇ ਸਫਲ ਆਪ੍ਰੇਸ਼ਨ ਕੀਤੇ। ਕੈਂਪ ਇੰਚਾਰਜ ਡਾ. ਮੁਹੰਮਦ ਸ਼ਬੀਰ ਨੇ ਆਪ੍ਰੇਸ਼ਨ ਕਰਵਾਉਣ ਵਾਲੇ ਮਰੀਜ਼ਾਂ ਨੂੰ ਆਪ੍ਰੇਸ਼ਨ ਤੋਂ ਬਾਅਦ ਰੱਖੀਆਂ ਜਾਣ ਵਾਲੀਆਂ ਸਾਵਧਾਨੀਆਂ, ਦਵਾਈਆਂ ਦੀ ਵਰਤੋਂ ਤੇ ਅੱਖਾਂ ਦੀ ਸਹੀ ਦੇਖਭਾਲ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਸੰਬੋਧਨ ਕਰਦਿਆਂ ਰੋਟਰੀ ਕਲੱਬ ਮਲੇਰਕੋਟਲਾ ਦੇ ਪ੍ਰਧਾਨ ਐਡਵੋਕੇਟ ਇਕਬਾਲ ਅਹਿਮਦ ਨੇ ਕਿਹਾ ਕਿ ਕਲੱਬ ਦਾ ਮੁੱਖ ਉਦੇਸ਼ ਸਮਾਜ ਦੇ ਲੋੜਵੰਦ ਵਰਗਾਂ ਦੀ ਸੇਵਾ ਕਰਨਾ ਅਤੇ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਅਜਿਹੇ ਲੋਕ ਭਲਾਈ ਦੇ ਕਾਰਜ ਨਿਰੰਤਰ ਜਾਰੀ ਰਹਿਣਗੇ।ਸਮਾਗਮ ਦੌਰਾਨ ਪੀ.ਡੀ.ਜੀ. ਸ਼੍ਰੀ ਅਮਜਦ ਅਲੀ ਤੇ ਸਕੂਲ ਫਾਰ ਬਲਾਈਂਡ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸ਼੍ਰੀ ਰਾਸ਼ਿਦ ਸ਼ੇਖ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ, ਜਦਕਿ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਕਲੱਬ ਦੇ ਸੈਕਟਰੀ ਡਾ. ਸਈਅਦ ਤਨਵੀਰ ਹੁਸੈਨ ਨੇ ਬੜੇ ਸੁਚੱਜੇ ਢੰਗ ਨਾਲ ਨਿਭਾਈ।

ਸ਼ਹੀਦ ਸਰਾਭਾ ਦੀ ਸ਼ਹਾਦਤ ਤੇ ਕੌਮੀ ਪ੍ਰੈੱਸ ਦਿਵਸ ਮਨਾਇਆ

ਸ਼ਹੀਦਾਂ ਦੇ ਸੁਫ਼ਨਿਆਂ ਦਾ ਦੇਸ਼ ਉਸਾਰਨ ਤੇ ਪ੍ਰੈੱਸ ਦੀ ਆਜ਼ਾਦੀ ਦੀ ਰਾਖੀ ਲਈ ਪੱਤਰਕਾਰਾਂ ਨੂੰ ਇੱਕਜੁੱਟ ਹੋਣ ਦਾ ਸੱਦਾ



ਰਾਏਕੋਟ (ਸੰਤੋਖ ਗਿੱਲ)-ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਸੱਦੇ 'ਤੇ ਯੂਨੀਅਨ ਦੀ ਲੁਧਿਆਣਾ (ਦਿਹਾਤੀ) ਜ਼ਿਲ੍ਹਾ ਇਕਾਈ ਤੇ ਪ੍ਰੈੱਸ ਕਲੱਬ ਤਹਿਸੀਲ ਰਾਏਕੋਟ ਵੱਲੋਂ ਗ਼ਦਰ ਲਹਿਰ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਉਨ੍ਹਾਂ ਦੇ ਸਾਥੀਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਕੌਮੀ ਪ੍ਰੈੱਸ ਦਿਵਸ ਵੀ ਮਨਾਇਆ ਗਿਆ। ਇਸ ਮੌਕੇ ਯੂਨੀਅਨ ਦੇ ਸੂਬਾਈ ਸਕੱਤਰ ਜਨਰਲ ਸੰਤੋਖ ਗਿੱਲ, ਜ਼ਿਲ੍ਹਾ ਜਨਰਲ ਸਕੱਤਰ ਅਮਰਜੀਤ ਧੰਜਲ, ਪ੍ਰੈੱਸ ਕਲੱਬ ਦੇ ਚੇਅਰਮੈਨ ਕੰਵਰਪਾਲ ਸਿੰਘ ਆਹਲੂਵਾਲੀਆ, ਪ੍ਰਧਾਨ ਹਰਪ੍ਰੀਤ ਸਿੰਘ ਸਿੱਧੂ ਤੇ ਜਨਰਲ ਸਕੱਤਰ ਦਲਵਿੰਦਰ ਸਿੰਘ ਰਛੀਨ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਉਨ੍ਹਾਂ ਦੇ ਸਾਥੀਆਂ ਦੀਆਂ ਲਾਮਿਸਾਲ ਕੁਰਬਾਨੀਆਂ ਸਦਕਾ ਹਾਸਲ ਕੀਤੀ ਆਜ਼ਾਦੀ ਅੱਜ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਨੇ ਜਿਸ ਆਜ਼ਾਦ, ਬਰਾਬਰੀ ਤੇ ਨਿਆਂਪੂਰਨ ਸਮਾਜ ਦਾ ਸੁਫ਼ਨਾ ਦੇਖਿਆ ਸੀ, ਉਸ ਦੀ ਸਿਰਜਣਾ ਲਈ ਲੋਕਾਂ ਦੀ ਏਕਤਾ ਤੇ ਜਥੇਬੰਦਕ ਤਾਕਤ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਉਨ੍ਹਾਂ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਕਾਰਪੋਰੇਟ ਘਰਾਣਿਆਂ ਤੇ ਸਾਮਰਾਜੀ ਤਾਕਤਾਂ ਵੱਲੋਂ

ਘਨੌਰ 'ਚ ਦਲਬੀਰ ਯੂ ਕੇ ਨੂੰ ਮਿਲ ਰਿਹੈ ਲੋਕਾਂ ਦਾ ਭਰਵਾਂ ਹੁੰਗਾਰਾ

2027 ਦੀਆਂ ਚੋਣਾਂ 'ਚ ਭਗਵੰਤ ਮਾਨ ਬਣਨਗੇ ਮੁੜ ਮੁੱਖ ਮੰਤਰੀ : ਦਲਬੀਰ ਯੂ ਕੇ



ਪਟਿਆਲਾ, (ਰਾਜਿੰਦਰ ਸਿੰਘ ਥਿੰਦ)-ਹਲਕਾ ਘਨੌਰ 'ਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਦਲਬੀਰ ਸਿੰਘ ਯੂ.ਕੇ. ਨੂੰ ਲੋਕਾਂ ਵੱਲੋਂ ਲਗਾਤਾਰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਪਿਛਲੇ ਕਈ ਦਿਨਾਂ ਤੋਂ ਉਹ ਆਪਣੀ ਟੀਮ ਸਮੇਤ ਘਨੌਰ ਹਲਕੇ ਦੇ ਪਿੰਡ-ਪਿੰਡ, ਵਾਰਡ-ਵਾਰਡ, ਗਲੀ-ਗਲੀ ਤੇ ਘਰ-ਘਰ ਜਾ ਰਹੇ ਹਨ।ਉਨ੍ਹਾਂ ਦੀ 'ਘਰ-ਘਰ ਗੱਲ' ਮੁਹਿੰਮ ਨੂੰ ਲੋਕਾਂ ਦਾ ਇੰਨਾ ਪਿਆਰ ਮਿਲ ਰਿਹਾ ਹੈ ਕਿ ਹਰ ਪਿੰਡ 'ਚ ਸੈਂਕੜੇ ਲੋਕ ਉਨ੍ਹਾਂ ਨੂੰ ਮਿਲਣ ਲਈ ਇਕੱਠੇ ਹੋ ਰਹੇ ਹਨ।ਜਿੱਥੇ ਵੀ ਦਲਬੀਰ ਸਿੰਘ ਯੂ.ਕੇ. ਜਾਂਦੇ ਹਨ, ਲੋਕ ਘਰਾਂ ਤੋਂ ਬਾਹਰ ਨਿਕਲ ਕੇ ਉਨ੍ਹਾਂ ਦਾ ਫੁੱਲਾਂ ਦੇ ਹਾਰਾਂ ਨਾਲ ਸਵਾਗਤ ਕਰਦੇ ਹਨ।ਬਜ਼ੁਰਗ ਉਨ੍ਹਾਂ ਨੂੰ ਅਸੀਸਾਂ ਦਿੰਦੇ ਹਨ, ਔਰਤਾਂ ਆਪਣੇ ਦੁੱਖ-ਸੁੱਖ ਸਾਂਝੇ ਕਰਦੀਆਂ ਹਨ ਤੇ ਨੌਜਵਾਨ ਉਨ੍ਹਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਨਜ਼ਰ ਆਉਂਦੇ ਹਨ।ਪਿੰਡਾਂ 'ਚ ਹੋ ਰਹੀਆਂ ਮੀਟਿੰਗਾਂ 'ਚ ਲੋਕਾਂ ਦੀ ਭੀੜ ਇਹ ਦੱਸ ਰਹੀ ਹੈ ਕਿ ਘਨੌਰ ਦੇ ਲੋਕਾਂ ਦਾ ਦਲਬੀਰ ਸਿੰਘ ਯੂ.ਕੇ. 'ਤੇ ਪੂਰਾ ਭਰੋਸਾ ਹੈ।ਦਲਬੀਰ ਸਿੰਘ ਯੂ.ਕੇ. ਨੇ ਦੱਸਿਆ ਕਿ ਉਨ੍ਹਾਂ ਦੀ ਮੁਹਿੰਮ ਦਾ ਮੁੱਖ ਮਕਸਦ ਸਿਰਫ਼ ਮਿਲਣਾ ਨਹੀਂ, ਸਗੋਂ ਲੋਕਾਂ ਦੇ ਮਸਲੇ ਹੱਲ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਹਰ ਪਿੰਡ 'ਚ ਲੋਕਾਂ ਦੇ ਮਸਲੇ ਲਿਖੇ ਜਾ ਰਹੇ ਹਨ ਤੇ ਉਨ੍ਹਾਂ ਨੂੰ ਅਧਿਕਾਰੀਆਂ ਨਾਲ ਗੱਲ ਕਰਕੇ ਮੌਕੇ 'ਤੇ ਹੀ ਹੱਲ ਕਰਵਾਇਆ ਜਾ ਰਿਹਾ ਹੈ।ਦਲਬੀਰ ਸਿੰਘ ਯੂ. ਕੇ. ਨੇ ਕਿਹਾ ਕਿ ਮੇਰਾ ਵਾਅਦਾ ਹੈ ਕਿ ਘਨੌਰ ਦੇ ਹਰ ਘਰ ਦਾ ਮਸਲਾ ਹੱਲ ਹੋਵੇਗਾ।ਸਰਕਾਰ ਸਭ ਦੇ ਮਸਲੇ ਹੱਲ ਕਰੇਗੀ।ਘਨੌਰ ਨੂੰ ਨਸ਼ਾ ਮੁਕਤ, ਵਿਕਾਸ 'ਚ ਨੰਬਰ-1 ਤੇ ਸਾਫ਼-ਸੁਥਰਾ ਹਲਕਾ ਬਣਾਇਆ ਜਾਵੇਗਾ।ਉਨ੍ਹਾਂ ਕਿਹਾ ਕਿ 26 ਨਵੰਬਰ ਨੂੰ ਮੋਗਾ ਰੈਲੀ 'ਚ ਘਨੌਰ ਤੋਂ ਹਜ਼ਾਰਾਂ ਲੋਕ ਜਾਣਗੇ ਤੇ ਘਨੌਰ ਦਾ ਨਾਂ ਸਭ ਤੋਂ ਉੱਪਰ ਰਹੇਗਾ।ਇਸ ਮੌਕੇ ਉਨ੍ਹਾਂ ਨਾਲ ਬਲਾਕ ਪ੍ਰਧਾਨ, ਸਰਕਲ ਇੰਚਾਰਜ, ਸਰਪੰਚ, ਪੰਚ, ਮਹਿਲਾ ਵਿੰਗ ਤੇ ਯੂਥ ਵਿੰਗ ਦੇ ਵਰਕਰ ਵੱਡੀ ਗਿਣਤੀ 'ਚ ਹਾਜ਼ਰ ਸਨ।

ਵਿਸ਼ੇਸ਼ ਲੋਕ ਅਦਾਲਤ ਅਤੇ ਨੈਸ਼ਨਲ ਲੋਕ ਅਦਾਲਤ ਸੰਬੰਧੀ ਮੀਟਿੰਗ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਸ਼੍ਰੀਮਤੀ ਜਤਿੰਦਰ ਕੌਰ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਅਗਵਾਈ ਹੇਠ ਮੰਗਲਵਾਰ ਨੂੰ ਜ਼ਿਲ੍ਹਾ ਕਚਹਿਰੀ ਕੰਪਲੈਕਸ, ਅੰਮ੍ਰਿਤਸਰ ਵਿਖੇ ਸ਼੍ਰੀ ਅਮਰਦੀਪ ਸਿੰਘ ਬੈਂਸ, ਸੀ.ਜੇ.ਐਮ.-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਇੱਕ ਅਹਿਮ ਤਾਲਮੇਲ ਅਤੇ ਤਿਆਰੀ ਮੀਟਿੰਗ ਕੀਤੀ ਗਈ। ਇਹ ਮੀਟਿੰਗ 21 ਨਵੰਬਰ 2026 ਨੂੰ ਲੱਗਣ ਵਾਲੀ ਸਪੈਸ਼ਲ ਲੋਕ ਅਦਾਲਤ ਅਤੇ 12 ਦਸੰਬਰ 2026 ਨੂੰ ਲੱਗਣ ਵਾਲੀ ਨੈਸ਼ਨਲ ਲੋਕ ਅਦਾਲਤ ਦੇ ਵਿਆਪਕ ਪ੍ਰਚਾਰ ਅਤੇ ਵੱਧ ਤੋਂ ਵੱਧ ਕੇਸਾਂ ਦੇ ਨਿਪਟਾਰੇ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਬੁਲਾਈ ਗਈ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ ਵਿਭਾਗ, ਬੀਮਾ ਕੰਪਨੀਆਂ, ਭਾਰਤ ਸੰਚਾਰ ਨਿਗਮ ਲਿਮਟਿਡ (ਬੀ. ਐੱਸ. ਐੱਨ.ਐੱਲ.) ਅਤੇ ਸਥੀ ਵਨ ਸਟਾਪ ਸੈਂਟਰ ਸਮੇਤ ਵੱਖ-ਵੱਖ ਸਬੰਧਤ ਵਿਭਾਗਾਂ ਦੇ ਨੁਮਾਇੰਦਿਆਂ ਅਤੇ ਸੀਨੀਅਰ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ।

ਖਾਲਸਾ ਕਾਲਜ ਵਿਖੇ ਵਰਕਸ਼ਾਪ ਕਰਵਾਈ



ਅੰ ਮ੍ਰ ਿ ਤ ਸ ਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਖਾਲਸਾ ਕਾਲਜ ਦੇ ਕਾਮਰਸ ਅਤੇ ਫ ਬ ਜ਼ ਨ ਸ ਐ ਡ ਮਿ ਨਿ ਸ ਟ੍ ਸ਼ਨ ਵਿਭਾਗ ਵੱਲੋਂ "ਐਸ. ਪੀ. ਐਸ. ਐਸ. ਰਾਹੀਂ ਮਲਟੀਪਲ ਰਿਗ੍ਰੈਸ਼ਨ ਵਿਸ਼ਲੇਸ਼ਣ" ਵਿਸ਼ੇ 'ਤੇ ਵਰਕਸ਼ਾਪ ਕਰਵਾਈ ਗਈ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ—ਨਿਰਦੇਸ਼ਾਂ 'ਤੇ ਕਰਵਾਈ ਗਈ ਉਕਤ ਵਰਕਸ਼ਾਪ ਮੌਕੇ ਮੁੱਖ ਬੁਲਾਰੇ ਵਜੋਂ ਜੀ. ਐਨ. ਡੀ. ਯੂ. ਕਾਲਜ, ਚੁੰਗ, ਤਰਨ ਤਾਰਨ ਤੋਂ ਐਸੋਸੀਏਟ ਪ੍ਰੋਫੈਸਰ ਡਾ. ਮਨਜਿੰਦਰ ਕੌਰ ਨੇ ਸ਼ਿਰਕਤ ਕੀਤੀ। ਇਸ ਮੌਕੇ ਵਿਭਾਗ ਮੁਖੀ ਡਾ. ਸਵਰਾਜ ਕੌਰ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਵਿਦਿਆਰਥੀਆਂ ਦੇ ਵਿਹਾਰਕ ਗਿਆਨ 'ਚ ਵਾਧਾ ਕਰਨ ਅਤੇ ਉਨ੍ਹਾਂ ਦੇ ਵਿੱਦਿਅਕ ਹੁਨਰਾਂ ਨੂੰ ਨਿਖਾਰਨ 'ਚ ਅਜਿਹੇ ਪ੍ਰੋਗਰਾਮਾਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਵਿਦਿਆਰਥੀਆਂ ਨੂੰ ਆਪਣੇ ਅਕਾਦਮਿਕ ਵਿਕਾਸ ਲਈ ਅਜਿਹੇ ਪ੍ਰੋਗਰਮਾਂ 'ਚ ਵੱਧ—ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। । ਇਸ ਮੌਕੇ ਡਾ. ਪੂਨਮ ਸ਼ਰਮਾ ਨੇ ਬੁਲਾਰੇ ਨਾਲ ਜਾਣ—ਪਛਾਣ ਕਰਵਾਈ ਅਤੇ ਵਰਕਸ਼ਾਪ ਦੇ ਮੁੱਖ ਉਦੇਸ਼ਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਦਾ ਮਕਸਦ ਵਿਦਿਆਰਥੀਆਂ ਨੂੰ ਐਸ. ਪੀ. ਐਸ. ਐਸ. ਸਾਫਟਵੇਅਰ ਦੀ ਵਰਤੋਂ ਸਬੰਧੀ ਵਿਹਾਰਕ ਗਿਆਨ ਪ੍ਰਦਾਨ ਕਰਨਾ ਹੈ। ਇਸ ਦੌਰਾਨ ਡਾ. ਮਨਜਿੰਦਰ ਕੌਰ ਨੇ ਮਲਟੀਪਲ ਲੀਨੀਅਰ ਰਿਗ੍ਰੈਸ਼ਨ ਦੇ ਵੱਖ—ਵੱਖ ਪਹਿਲੂਆਂ ਨੂੰ ਵਿਹਾਰਕ ਉਦਾਹਰਣਾਂ ਰਾਹੀਂ ਸਮਝਾਇਆ। ਉਨ੍ਹਾਂ ਨੇ ਐਸ. ਪੀ. ਐਸ. ਐਸ. ਸਾਫਟਵੇਅਰ ਦੀ ਮਦਦ ਨਾਲ ਪ੍ਰਭਾਵਸ਼ਾਲੀ ਰਿਗ੍ਰੈਸ਼ਨ ਮਾਡਲ ਤਿਆਰ ਕਰਨ ਦੀਆਂ ਵਿਧੀਆਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਵਰਕਸ਼ਾਪ 'ਚ ਲਗਭਗ 300 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਮੰਚ ਸੰਚਾਲਨ ਪ੍ਰੋ. ਸ਼ੀਤਲ ਵੱਲੋਂ ਅਤੇ ਧੰਨਵਾਦ ਮਤਾ ਪ੍ਰੋ. ਕੋਮਲ ਤ੍ਰੇਹਨ ਨੇ ਪੇਸ਼ ਕੀਤਾ। ਇਸ ਮੌਕੇ ਡਾ. ਏ. ਕੇ. ਕਾਹਲੋਂ, ਡਾ. ਦੀਪਕ ਦੇਵਗਨ, ਡਾ. ਸਾਮੀਆ, ਪ੍ਰੋ. ਪੂਜਾ ਪੁਰੀ, ਡਾ. ਹਰਪ੍ਰੀਤ ਕੌਰ, ਡਾ. ਨਵਪ੍ਰੀਤ ਕੌਰ, ਪ੍ਰੋ. ਪੂਨਮ, ਪ੍ਰੋ. ਸ਼ਸ਼ਨੀਤ ਕੌਰ, ਪ੍ਰੋ. ਮਹਿਕਦੀਪ ਕੌਰ, ਡਾ. ਅਨਮੋਲਕਦੀਪ ਕੌਰ, ਪ੍ਰੋ. ਸੁਾਚੀ ਸ਼ਰਮਾ, ਪ੍ਰੋ. ਜਸਲੀਨ ਕੌਰ ਅਤੇ ਹੋਰ ਫੈਕਲਟੀ ਮੈਂਬਰ ਹਾਜ਼ਰ ਸਨ।

ਪਬਲਿਕ ਨੋਟਿਸ

ਇਸ ਰਾਹੀਂ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਹਰਜੀਤ ਕੌਰ ਪਤਨੀ ਪਰਮਜੀਤ ਸਿੰਘ ਅਤੇ ਪਰਮਜੀਤ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ # 5039, ਗਲੀ ਨੰ. 17, ਨਿਊ ਸ਼ਿਮਲਾਪੁਰੀ, ਲੁਧਿਆਣਾ ਸਿਟੀ, ਪੰਜਾਬ-141003 ਇਸ ਸਮੇਂ ਹਰਜੀਤ ਕੌਰ ਜਾਇਦਾਦ 100 ਵਰਗ ਗਜ਼, ਖਸਰਾ ਨੰ, 8069/71/32, ਖਾਤਾ ਨੰ. 2362, 3047, ਜਮਾਂਬੰਦੀ ਸਾਲ 2010-2011, ਵਾਕਿਆ ਪਿੰਡ ਗਲੀ ਨੰ.2, ਹੱਦਬਸਤ ਨੰ. 263, ਅਬਾਦੀ ਨਿਊ ਸ਼ਿਮਲਾਪੁਰੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਮੌਜੂਦਾ ਤਬਾਦਲਾ ਬੈਨਾਮਾ ਵਸੀਕਾ ਨੰ. 18490 ਮਿਤੀ 24/03/2025 ਦੀ ਮਾਲਕ ਹੈ, ਅਸੀਂ ਦੋਵੇਂ ਪਤੀ-ਪਤਨੀ ਸ਼ੁਭਮ ਹਾਊਸਿੰਗ ਡਿਵੈਲਪਮੈਂਟ ਫਾਇਨਾਂਸ ਕੰਪਨੀ ਲਿਮਟਿਡ ਤੋਂ ਕਰਜ਼ਾ ਲੈ ਰਹੇ ਹਾਂ। ਬਦਕਿਸਮਤੀ ਨਾਲ ਇਸ ਤੋਂ ਪਹਿਲਾਂ ਮਨਜੀਤ ਕੌਰ ਵਿਧਵਾ ਹਰਚਰਨ ਸਿੰਘ ਦੇ ਨਾਂਅ ਅਸਲ ਜਨਰਲ ਪਾਵਰ ਆਫ ਅਟਾਰਨੀ, ਜਿਸ ਦਾ ਵਸੀਕਾ ਨੰ. 60 ਮਿਤੀ 20/01/2000, ਜੋ ਕਿ ਪਰਮਜੀਤ ਸਿੰਘ ਪੁੱਤਰ ਸੁਰਜੀਤ ਸਿੰਘ ਦੇ ਪੱਖ 'ਚ ਸੀ, ਕਿਧਰੇ ਗੁਆਚ ਗਈ ਹੈ ਅਤੇ ਉਕਤ ਦਸਤਾਵੇਜ਼ ਦੇ ਗੁੰਮ ਹੋਣ ਸੰਬੰਧੀ ਪੀ ਐੱਸ ਓ ਸੀ ਸ਼ਿਮਲਾਪੁਰੀ, ਲੁਧਿਆਣਾ ਵਿਖੇ ਡੀ ਡੀ ਆਰ ਨੰ. ਐੱਲ ਏ ਆਰ 2026-ਐੱਲ ਡੀ ਐੱਚ ਸੀ-822451 ਵਿਖੇ ਦਰਜ ਕਰਵਾਈ ਗਈ ਹੈ। ਉਕਤ ਪਹਿਲਾਂ ਵਾਲੀ ਅਸਲ ਜਨਰਲ ਪਾਵਰ ਆਫ ਅਟਾਰਨੀ ਸਾਡੇ ਕੋਲ ਉਪਲੱਬਧ ਨਹੀਂ ਹੈ, ਪਰ ਕਰਜ਼ਾ ਲੈਣ ਦੇ ਮੰਤਵ ਲਈ ਸ਼ੁਭਮ ਹਾਊਸਿੰਗ ਡਿਵੈਲਪਮੈਂਟ ਫਾਇਨਾਂਸ ਕੰਪਨੀ ਨੂੰ ਇਸ ਦੀ ਲੋੜ ਹੈ। ਇਸ ਲਈ, ਹੁਣ ਅਸੀਂ ਦੋਵੇਂ ਪਤੀ-ਪਤਨੀ ਅਖਬਾਰ ਰਾਹੀਂ ਇਸ ਦੀ ਗੁੰਮਸ਼ੁਦਗੀ ਬਾਰੇ ਜਾਣਕਾਰੀ ਦੇ ਰਹੇ ਹਾਂ। ਜੇਕਰ ਕਿਸੇ ਵੀ ਵਿਅਕਤੀ ਨੂੰ ਇਸ 'ਤੇ ਕੋਈ ਇਤਰਾਜ਼ ਹੈ ਜਾਂ ਕਿਸੇ ਨੂੰ ਵੀ ਇਹ ਮਿਲਦੀ ਹੈ ਤਾਂ ਕਿਰਪਾ ਕਰਕੇ ਸੱਤ ਦਿਨਾਂ ਦੇ ਅੰਦਰ-ਅੰਦਰ ਹੇਠਾਂ ਦਿੱਤੇ ਗਏ ਪਤੇ 'ਤੇ ਸੂਚਿਤ ਕਰੇ। ਨਿਰਧਾਰਤ ਸਮੇਂ ਤੋਂ ਬਾਅਦ ਇਸ 'ਤੇ ਕੀਤਾ ਦਾਅਵਾ ਸਵੀਕਾਰ ਨਹੀਂ ਕੀਤਾ ਜਾਵੇਗਾ।

ਸੰਪਰਕ : ਐਡਵੋਕੇਟ ਕੰਵਲਜੀਤ ਸਿੰਘ
ਚੈਂਬਰ ਨੰ. 7039, 7ਵੀਂ ਮੰਜ਼ਲ, ਐਡਵੋਕੇਟ ਚੈਂਬਰ ਕੰਪਲੈਕਸ ਭਾਗ-II, ਲੁਧਿਆਣਾ।
ਮੋਬਾਈਲ : 99145-29912

ਨਿਲਾਮੀ ਸੂਚਨਾ

ਸਰਕਾਰੀ ਪ੍ਰਾਇਮਰੀ ਸਕੂਲ ਸਮਾਧ ਭਾਈ (ਮੋਗਾ) ਵਿਖੇ ਪੁਰਾਣੀਆਂ ਇੱਟਾਂ ਅਤੇ ਕਬਾੜ ਦੀ ਨਿਲਾਮੀ 23.11.2026 ਦਿਨ ਸੋਮਵਾਰ ਨੂੰ ਹੋਵੇਗੀ। ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।
ਮੋਬਾ. 98768-24159

ਨਿਲਾਮੀ ਨੋਟਿਸ

ਗਰਾਮ ਪੰਚਾਇਤ ਬਮਾਲ, ਬਲਾਕ ਧੂਰੀ ਦੁਆਰਾ ਪਿੰਡ ਵਿੱਚ ਮੱਛੀ ਦੇ ਛੱਪੜ ਦੀ ਨਿਲਾਮੀ ਮਿਤੀ 24.11.2026 ਨੂੰ ਸਵੇਰੇ 10:00 ਵਜੇ ਐੱਸ.ਸੀ. ਧਰਮਸ਼ਾਲਾ ਬਮਾਲ ਵਿਖੇ ਕੀਤੀ ਜਾਵੇਗੀ। ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ। ਸਹੀ/- ਸਰਪੰਚ, ਗਰਾਮ ਪੰਚਾਇਤ, ਬਮਾਲ, ਬਲਾਕ ਧੂਰੀ (ਸੰਗਰੂਰ)
ਸੰਪਰਕ ਨੰਬਰ 81948-27845

ਜਨਤਕ ਨੋਟਿਸ

ਇਹ ਆਮ ਜਨਤਾ ਦੇ ਧਿਆਨ ਲਈ ਹੈ ਕਿ ਇਕ ਰਾਜਨੀਤਿਕ ਪਾਰਟੀ ਨੂੰ ਉਦੈ ਪੰਜਾਬ ਪਾਰਟੀ ਦੇ ਨਾਂਅ ਨਾਲ ਰਜਿਸਟਰ ਕਰਨ ਦਾ ਪ੍ਰਸਤਾਵ ਹੈ। ਪਾਰਟੀ ਦਾ ਦਫਤਰ ਵਾਰਡ ਨੰ: 18, ਸਟ੍ਰੀਟ ਨੰ. 6, ਨੇੜੇ ਜੱਤਾਂ ਵਾਲਾ ਮੰਦਰ, ਕਲੇਰ ਨਗਰ, ਮਹਿਮੇ ਵਾਲਾ ਰੋਡ, ਮੋਗਾ 142001 ਵਿਖੇ ਸਥਿਤ ਹੈ। ਜ਼ਿਲ੍ਹਾ ਮੋਗਾ, ਪੰਜਾਬ, ਭਾਰਤ । ਪਾਰਟੀ ਨੇ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 294 ਦੇ ਤਹਿਤ ਇੱਕ ਰਾਸ਼ਨੀਤਕ ਪਾਰਟੀ ਵਜੋਂ ਆਪਣੀ ਰਜਿਸਟ੍ਰੇਸ਼ਨ ਲਈ ਭਾਰਤ ਦੇ ਚੋਣ ਕਮਿਸ਼ਨ, ਨਵੀਂ ਦਿੱਲੀ ਨੂੰ ਇਕ ਅਰਜ਼ੀ ਸੌਂਪੀ ਹੈ। ਪਾਰਟੀ ਦੇ ਅਹੁਦੇਦਾਰਾਂ ਦਾ ਨਾਮ/ਪਤਾ ਹੇਠ ਲਿਖੇ ਅਨੁਸਾਰ ਹੈ:

ਪ੍ਰਧਾਨ: ਇੰਦਰਜੀਤ ਕੌਰ ਪਤਨੀ ਜੋਗਿੰਦਰ ਸਿੰਘ, ਵਾਰਡ ਨੰ: 18, ਗਲੀ ਨੰ. 6, ਨੇੜੇ ਜੱਤਾਂ ਵਾਲਾ ਮੰਦਿਰ, ਕਲੇਰ ਨਗਰ, ਮਹਿਮੇ ਵਾਲਾ ਰੋਡ, ਮੋਗਾ 142001, ਜ਼ਿਲ੍ਹਾ ਮੋਗਾ, ਪੰਜਾਬ, ਭਾਰਤ।

ਉਪ ਪ੍ਰਧਾਨ : ਸੁਖਵੀਰ ਸਿੰਘ ਪੁੱਤਰ ਪਾਲ ਸਿੰਘ, ਮਕਾਨ ਨੰ: 24, ਨਡੱਤਰ ਸਿੰਘ ਟੀਚਰ ਕਾਲੋਨੀ, ਨੇੜੇ ਬਰੇਨਾ ਚੌਕ, ਮੋਗਾ, ਪੰਜਾਬ, ਭਾਰਤ

ਸਕੱਤਰ : ਅਮਰਜੀਤ ਕੌਰ ਪਤਨੀ ਬਲਵੰਤ ਸਿੰਘ, ਮਕਾਨ ਨੰ: 430, ਭਾਨਾ ਤਲਵੰਡੀ ਜ਼ੈਦ ਪੱਤੀ ਪਿੰਡ ਸਿਘਾਂਵਾਲਾ, ਜ਼ਿਲ੍ਹਾ ਮੋਗਾ, ਪੰਜਾਬ

ਖਜ਼ਾਨਚੀ : ਜ਼ਿਦਾ ਪੁੱਤਰ ਮੋਹਨ ਲਾਲ, ਮਕਾਨ ਨੰ: 47, ਵਾਰਡ ਨੰ. 21, ਮੁਹੱਲਾ ਦਿਦਰ ਸਿੰਘ, ਬੁੱਕਣਵਾਲਾ ਰੋਡ, ਮੋਗਾ ਜ਼ਿਲ੍ਹਾ ਮੋਗਾ, ਪੰਜਾਬ

ਜੇਕਰ ਕਿਸੇ ਨੂੰ "ਉਦੈ ਪੰਜਾਬ ਪਾਰਟੀ" ਦੀ ਰਜਿਸਟ੍ਰੇਸ਼ਨ 'ਤੇ ਕੋਈ ਇਤਰਾਜ਼ ਹੈ ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੇ 30 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਕਾਰਨਾਂ ਸਮੇਤ ਸਕੱਤਰ, ਭਾਰਤੀ ਚੋਣ ਕਮਿਸ਼ਨ, ਨਿਰਵਾਚਨ ਸਦਨ, ਅਸ਼ੋਕਾ ਰੋਡ, ਨਵੀਂ ਦਿੱਲੀ-110011 ਨੂੰ ਭੇਜ ਸਕਦੇ ਹਨ।

ABC INDUSTRIES INDIA LIMITED

(Formerly known as A B Cotspin India Limited)
CIN : L17111PB1997PLC020118,
Registered Address : Bathinda Road, Jaitu, Faridkot, Punjab-151202,
Website : www.abcotspin.co.in, Email : info@abcotspin.in, Ph. : 01635-232670

ਪੋਸਟਲ ਬੈਲੇਟ ਦਾ ਨੋਟਿਸ ਅਤੇ ਈ-ਵੋਟਿੰਗ ਜਾਣਕਾਰੀ

ਮੈਂਬਰਾਂ ਨੂੰ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਕੰਪਨੀਜ਼ ਐਕਟ, 2013 ਦੇ ਸੈਕਸ਼ਨ 110, 108 ਅਤੇ ਹੋਰ ਲਾਗੂ ਵਿਵਸਥਾਵਾਂ, ਜੇਕਰ ਕੋਈ ਹਨ, ਕੰਪਨੀਜ਼ (ਪ੍ਰਬੰਧਨ ਅਤੇ ਪ੍ਰਸ਼ਾਸਨ) ਰੂਲਜ਼ 2014 (''ਦਾ ਰੂਲਜ਼'') ਦੇ ਰੂਲਜ਼ 20 ਅਤੇ 22 ਨਾਲ ਪੜ੍ਹੇ ਜਾਂਦੇ, ਸਿਕਿਉਰਿਟੀ ਐਂਡ ਐਕਸਚੇਂਜ ਬੋਰਡ ਆਫ ਇੰਡੀਆ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਿਮੈਂਟਸ) ਰੈਗੂਲੇਸ਼ਨਜ਼ 2015 ਦੇ ਰੈਗੂਲੇਸ਼ਨ 44 (ਇਸ ਸਮੇਂ ਲਾਗੂ ਹੋਣ ਵਾਲੇ ਕਿਸੇ ਕਾਨੂੰਨੀ ਸੋਧ (ਸੋਧਾਂ) ਸਮੇਤ ਜਨਰਲ ਸਰਕੂਲਰ ਨੰ: 14/2020 ਮਿਤੀ 08 ਅਪ੍ਰੈਲ 2020, ਜਨਰਲ ਸਰਕੂਲਰ ਨੰ: 17/2020 ਮਿਤੀ 13 ਅਪ੍ਰੈਲ 2020, ਜਨਰਲ ਸਰਕੂਲਰ ਨੰ: 22/2020 ਮਿਤੀ 15 ਜੂਨ 2020, ਜਨਰਲ ਸਰਕੂਲਰ ਨੰ. 33/2020 ਮਿਤੀ 28 ਸਤੰਬਰ 2020, ਜਨਰਲ ਸਰਕੂਲਰ ਨੰ. 39/2020 ਮਿਤੀ 31 ਦਸੰਬਰ 2020, ਜਨਰਲ ਸਰਕੂਲਰ ਨੰ: 10/2021 ਮਿਤੀ 23 ਜੂਨ 2021, ਜਨਰਲ ਸਰਕੂਲਰ ਨੰ. 20/2021 ਮਿਤੀ 08 ਦਸੰਬਰ 2021, ਜਨਰਲ ਸਰਕੂਲਰ ਨੰ. 3/2022 ਮਿਤੀ 05 ਮਈ 2022, ਜਨਰਲ ਸਰਕੂਲਰ ਨੰ. 11/2022 ਮਿਤੀ 28 ਦਸੰਬਰ 2022, ਜਨਰਲ ਸਰਕੂਲਰ ਨੰ. 09/2023 ਮਿਤੀ 25 ਸਤੰਬਰ 2023, ਜਨਰਲ ਸਰਕੂਲਰ ਨੰ. 09 /2024 ਮਿਤੀ 19 ਸਤੰਬਰ 2024 ਅਤੇ ਜਨਰਲ ਸਰਕੂਲਰ ਨੰ. 03/2025 ਮਿਤੀ 22 ਸਤੰਬਰ 2025 ਕਾਰਪੋਰੇਟ ਮਾਮਲੇ ਮੰਤਰਾਲਾ ਦੁਆਰਾ ਜਾਰੀ (ਇਸ ਤੋਂ ਬਾਅਦ ਸਮੂਹਿਕ ਤੌਰ 'ਤੇ 'ਐੱਮ ਸੀ ਏ ਸਰਕੂਲਰਜ਼' ਵਜੋਂ ਜਾਣੇ ਜਾਂਦੇ (ਇਸ ਸੰਬੰਧ ਵਿੱਚ ਸੇਬੀ ਦੁਆਰਾ ਜਾਰੀ ਕੀਤੇ ਗਏ ਸੰਬੰਧਤ ਸਰਕੂਲਰਜ਼ (ਇਸ ਤੋਂ ਬਾਅਦ ਸਮੂਹਿਕ ਤੌਰ 'ਤੇ ''ਸੇਬੀ ਸਰਕੂਲਰਜ਼'' ਵਜੋਂ ਜਾਣੇ ਜਾਂਦੇ) ਅਤੇ ਇਸਟੀਚਿਊਟ ਆਫ ਕੰਪਨੀ ਸੈਕਰੇਟਰੀਜ਼ ਆਫ ਇੰਡੀਆ (''ਆਈ ਸੀ ਐੱਸ ਆਈ-2'') ਦੁਆਰਾ ਜਾਰੀ ਜਨਰਲ ਮੀਟਿੰਗਾਂ 'ਤੇ ਸੈਕਰੇਟਰੀਅਲ ਸਟੈਂਡਰਡਜ਼ ਅਤੇ ਹੋਰ ਲਾਗੂ ਕਾਨੂੰਨਾਂ ਅਤੇ ਨਿਯ

ਬੰਗਾ ਤੋਂ ਕਾਂਗਰਸ ਦੀ ਟਿਕਟ ਲਈ ਕਈ ਦਾਅਵੇਦਾਰ ਮੈਦਾਨ ਵਿੱਚ



ਬੰਗਾ (ਅਵਤਾਰ ਕਲੇਰ)- ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਜਿਵੇਂ ਜਿਵੇਂ ਨੇੜੇ ਆ ਰਹੀਆਂ ਹਨ ਸਿਆਸੀ ਪਾਰਟੀਆਂ ਵਲੋਂ ਸਰਗਰਮੀਆਂ ਸ਼ੁਰੂ ਕਰ ਦਿੱਤੀਆਂ ਹਨ। ਰਾਜਨੀਤਿਕ ਪਾਰਟੀਆਂ ਦੇ ਆਗੂਆਂ ਵਲੋਂ ਆਪਣੇ ਆਪਣੇ ਹਲਕੇ 'ਚ ਵੋਟਰਾਂ ਨਾਲ ਸੰਪਰਕ ਕਰਨਾ ਸ਼ੁਰੂ ਕਰ ਦਿੱਤਾ ਹੈ।ਹਲਕਾ ਬੰਗਾ ਵਿੱਚ ਕਾਂਗਰਸ ਪਾਰਟੀ ਵੱਲੋਂ ਆਉਣ ਵਾਲੀਆਂ ਚੋਣਾਂ ਲਈ ਟਿਕਟਾਂ ਦੀ ਵੰਡ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ ਹੋਣ ਲੱਗੀਆਂ ਹਨ। ਹਲਕਾ ਬੰਗਾ ਤੋਂ ਕਾਂਗਰਸ ਪਾਰਟੀ ਦੀ ਟਿਕਟ ਹਾਸਲ ਕਰਨ ਲਈ ਕਈ ਉਮੀਦਵਾਰ ਆਪਣੀ ਦਾਅਵੇਦਾਰੀ ਪੇਸ਼ ਕਰ ਰਹੇ ਹਨ। ਇਨ੍ਹਾਂ ਵਿੱਚ ਪ੍ਰਮੁੱਖ ਤੌਰ ਤੇ ਕਮਲਜੀਤ ਬੰਗਾ, ਬੀਬੀ ਮੀਨਾ ਸੁੰਢ, ਡਾ. ਬਖਸ਼ੀਸ਼ ਸਿੰਘ, ਹੁਸਨ ਲਾਲ ਆਈ ਏ ਐਸ, ਸਾਬਕਾ ਡੀ ਜੀ ਪੀ ਸੁਦੇਸ਼ ਕੁਮਾਰ, ਕਰਮਜੀਤ ਸਿੰਘ ਬਿੱਟੂ ਅਤੇ ਸਾਬਕਾ ਐਸ ਪੀ ਪਰਮਜੀਤ ਸਿੰਘ ਦੇ ਨਾਂਅ ਚਰਚਾ ਵਿੱਚ ਹਨ।ਵੱਖ-ਵੱਖ ਖੇਤਰਾਂ ਨਾਲ ਸਬੰਧਤ ਇਨ੍ਹਾਂ ਸ਼ਖਸੀਅਤਾਂ ਵੱਲੋਂ ਕਾਂਗਰਸ ਪਾਰਟੀ ਦੀ ਟਿਕਟ ਲਈ ਵਾਅਦੇਦਾਰੀ ਕੀਤੀ ਜਾ ਰਹੀ ਹੈ।ਟਿਕਟ ਦੀ ਚੋਣ ਨੂੰ ਲੈ ਕੇ ਸਿਆਸੀ ਹਲਕਿਆਂ ਵਿੱਚ ਚਰਚਾ ਦਾ ਮਾਹੌਲ ਬਣਿਆ ਹੋਇਆ ਹੈ। ਹੁਣ ਸਭ ਦੀਆਂ ਨਜ਼ਰਾਂ ਕਾਂਗਰਸ ਪਾਰਟੀ ਦੀ ਹਾਈਕਮਾਂਡ 'ਤੇ ਟਿਕੀਆਂ ਹੋਈਆਂ ਹਨ ਕਿ ਉਹ ਇਨ੍ਹਾਂ ਦਾਅਦੇਦਾਰਾਂ ਵਿੱਚੋਂ ਕਿਸ ਦੇ ਨਾਅ ਤੇ ਆਪਣੀ ਮੋਹਰ ਲਗਾਉਂਦੀ ਹੈ।ਚਾਹਵਾਨ ਉਮੀਦਵਾਰਾਂ ਦੀ ਗੱਲ ਕਰੀਏ ਤਾਂ ਸਭ ਤੋਂ ਪਹਿਲਾਂ ਗੱਲ ਕਰਦੇ ਹਾਂ ਕਮਲਜੀਤ ਬੰਗਾ ਦੀ। ਕਮਲਜੀਤ ਬੰਗਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰਹਿ ਚੁੱਕੇ ਹਨ। ਇਸ ਵੇਲੇ ਵੀ ਕਮਲਜੀਤ ਬੰਗਾ ਦੀ ਧਰਮਪਤਨੀ ਬੀਬੀ ਬਿਮਲਾ ਦੇਵੀ ਬੰਗਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਨ। ਕਮਲਜੀਤ ਬੰਗਾ ਹਰ ਵੇਲੇ ਲੋਕਾਂ ਦੇ ਦੁੱਖ ਸੁੱਖ ਵਿੱਚ ਨਜ਼ਰ ਆਉਂਦੇ ਹਨ ਅਤੇ ਉਹ ਲੰਮੇ ਸਮੇਂ ਤੋਂ ਹਲਕੇ ਵਿੱਚ ਮਿਹਨਤ ਕਰ ਰਹੇ ਹਨ। ਬੀਬੀ ਮੀਨਾ ਸੁੰਢ ਦੀ ਗੱਲ ਕਰੀਏ ਤਾਂ ਉਹ ਮਰਹੂਮ ਸਾਬਕਾ ਵਿਧਾਇਕ ਬੰਗਾ ਚੌਧਰੀ ਤਰਲੋਚਨ ਸਿੰਘ ਸੁੰਢ ਦੀ ਧਰਮ ਪਤਨੀ ਹਨ। ਉਹ ਪਾਰਟੀ ਵਲੋਂ ਹਲਕਾ ਇੰਚਾਰਜ ਵੀ ਹਨ ਉਹ ਹਲਕੇ ਦੇ ਸਾਰੇ ਲੋਕਾਂ ਦੇ ਦੁੱਖ ਸੁੱਖ ਵਿੱਚ ਜਾਂਦੇ ਹਨ ਅਤੇ ਵੋਟਰਾਂ ਨਾਲ ਸੰਪਰਕ ਵੀ ਕਰ ਰਹੇ ਹਨ। ਇਸੇ ਤਰ੍ਹਾਂ ਡਾ. ਬਖਸ਼ੀਸ਼ ਸਿੰਘ ਜੋ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਦੀ ਲਾਮਬੰਦੀ ਮੀਟਿੰਗ ਕੀਤੀ ਗਈ। ਬ੍ਰਾਂਚ ਸਕੱਤਰ ਸ਼ਾਮ ਸਿੰਘ ਦੀ ਅਗਵਾਈ ਹੇਠ ਵੱਖ ਵੱਖ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਆਗੂਆਂ ਨੇ ਸਰਕਾਰ 'ਤੇ ਉਨ੍ਹਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆਂ ਕਰਨ ਦੇ ਦੋਸ਼ ਲਗਾਏ। ਸਰਕਾਰ ਦੀਆਂ ਨੀਤੀਆਂ ਤੋਂ ਮੁਲਾਜ਼ਮ ਅਤੇ ਪੈਨਸ਼ਨਰ ਖਫ਼ਾ ਹਨ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੋਰਚੇ ਦੌਰਾਨ ਵੀ ਉਨ੍ਹਾਂ ਦੀਆਂ ਮੰਗਾਂ ਦਾ ਕੋਈ ਠੋਸ ਹੱਲ ਨਹੀਂ ਕੱਢਿਆ ਤਾਂ ਪਹਿਲੀ ਤੋਂ 5 ਦਸੰਬਰ ਤੱਕ ਪੰਜਾਬ ਦੇ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਅੱਗੇ ਅਰਥੀ ਫੂਕ ਪ੍ਰਦਰਸ਼ਨ ਕੀਤੇ ਜਾਣਗੇ। 6 ਤਾਰੀਕ ਨੂੰ ਅਰਥੀਆਂ ਦੇ ਫੁੱਲ ਚੁਗ ਕੇ ਲੁਧਿਆਣਾ ਵਿਖੇ ਸਥਿਤ ਪੰਜਾਬ ਦੇ ਸਭ ਤੋਂ ਵਧ ਪਲੀਤ ਬੁੱਢਾ ਦਰਿਆ ਵਿੱਚ ਜਲ ਪ੍ਰਵਾਹ ਕੀਤੇ ਜਾਣਗੇ। ਇਸ ਮੌਕੇ ਜਸਵੀਰ ਤਲਵਾੜਾ, ਅਮਰੀਕ ਚੰਦ, ਅਪੂਰਬ ਸ਼ਰਮਾ, ਦਵਿੰਦਰ ਸਿੰਘ, ਸ਼ਮਸ਼ੇਰ ਸਿੰਘ, ਅਵਤਾਰ ਸਿੰਘ, ਮਿਲਾਪ ਚੰਦ, ਜਗਦੀਸ਼ ਸਿੰਘ ਆਦਿ ਹਾਜ਼ਰ ਸਨ।

ਜਲੰਧਰ ਸੈਂਟਰਲ 'ਚ ਵੱਡੇ ਫਰਕ ਨਾਲ ਜਿੱਤ ਦਰਜ ਕਰਨ ਦਾ ਟੀਚਾ : ਨਿਤਿਨ ਕੋਹਲੀ

ਜਲੰਧਰ (ਸ਼ੈਲੀ ਐਲਬਰਟ)- ਪੰਜਾਬ ਵਿਧਾਨ ਸਭਾ ਚੋਣਾਂ 2027 ਦੀਆਂ ਤਿਆਰੀਆਂ ਨੂੰ ਲੈ ਕੇ ਆਮ ਆਦਮੀ ਪਾਰਟੀ ਵੱਲੋਂ ਜਲੰਧਰ ਸੈਂਟਰਲ ਸਥਿਤ ਪਾਰਟੀ ਦੇ ਮੁੱਖ ਦਫ਼ਤਰ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੀ ਅਗਵਾਈ ਜਲੰਧਰ ਸੈਂਟਰਲ ਤੋਂ 2027 ਵਿਧਾਨ ਸਭਾ ਚੋਣਾਂ ਲਈ ਪਾਰਟੀ ਦੇ ਐਲਾਨੇ ਗਏ ਉਮੀਦਵਾਰ ਨਿਤਿਨ ਕੋਹਲੀ ਨੇ ਕੀਤੀ। ਇਸ ਮੀਟਿੰਗ ਵਿੱਚ ਹਲਕੇ ਦੇ ਬਲਾਕ ਪ੍ਰਧਾਨਾਂ, ਕੌਂਸਲਰਾਂ ਅਤੇ ਵਾਰਡ ਇੰਚਾਰਜਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਮਿਸ਼ਨ 2027 ਦੀਆਂ ਤਿਆਰੀਆਂ, ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ, ਵਾਰਡ ਪੱਧਰ 'ਤੇ ਸਰਗਰਮੀਆਂ ਤੇਜ਼ ਕਰਨ, ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣ ਅਤੇ ਹਲਕੇ ਦੇ ਵੱਖ-ਵੱਖ ਜਨਤਕ ਮੁੱਦਿਆਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਸਾਰੇ ਅਹੁਦੇਦਾਰਾਂ ਨੇ ਆਪਣੇ-ਆਪਣੇ ਖੇਤਰਾਂ ਵਿੱਚ ਪਾਰਟੀ ਦੀਆਂ ਸਰਗਰਮੀਆਂ ਅਤੇ ਆਉਣ ਵਾਲੀਆਂ ਚੋਣਾਂ ਦੀਆਂ ਤਿਆਰੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਮੌਜੂਦ ਸੀਨੀਅਰ ਆਗੂਆਂ, ਕੌਂਸਲਰਾਂ ਅਤੇ ਪਾਰਟੀ ਅਹੁਦੇਦਾਰਾਂ ਨੇ ਨਿਤਿਨ ਕੋਹਲੀ ਨੂੰ ਜਲੰਧਰ ਸੈਂਟਰਲ ਤੋਂ ਉਮੀਦਵਾਰ ਐਲਾਨਣ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਆਗੂਆਂ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਨਿਤਿਨ



ਕੋਹਲੀ 'ਤੇ ਭਰੋਸਾ ਜਤਾਉਣ ਨਾਲ ਹਲਕੇ ਦੇ ਪਾਰਟੀ ਸੰਗਠਨ ਵਿੱਚ ਨਵਾਂ ਉਤਸ਼ਾਹ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਸਾਰੇ ਆਗੂ ਅਤੇ ਵਰਕਰ ਇਕਜੁੱਟ ਹੋ ਕੇ ਮਿਸ਼ਨ 2027 ਲਈ ਕੰਮ ਕਰਨਗੇ। ਇਸ ਮੌਕੇ ਨਿਤਿਨ ਕੋਹਲੀ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਕਰਦਿਆਂ ਕਿਹਾ, ਮੈਂ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦਾ ਦਿਲੋਂ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਮੇਰੇ 'ਤੇ ਭਰੋਸਾ ਜਤਾਉਂਦਿਆਂ ਜਲੰਧਰ ਸੈਂਟਰਲ ਦੀ ਸੇਵਾ ਕਰਨ ਦੀ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਹੈ। ਇਹ ਸਨਮਾਨ ਸਿਰਫ਼ ਮੇਰਾ ਨਹੀਂ, ਸਗੋਂ ਉਨ੍ਹਾਂ ਸਾਰੇ ਵਰਕਰਾਂ ਅਤੇ ਸਾਥੀਆਂ ਦਾ ਹੈ, ਜਿਨ੍ਹਾਂ ਨੇ ਹਮੇਸ਼ਾ ਲੋਕਾਂ ਵਿੱਚ ਰਹਿ ਕੇ ਪਾਰਟੀ ਲਈ ਮਿਹਨਤ ਕੀਤੀ ਹੈ। 2027 ਦੀਆਂ ਚੋਣਾਂ ਬਾਰੇ ਗੱਲ ਕਰਦਿਆਂ ਨਿਤਿਨ ਕੋਹਲੀ ਨੇ ਕਿਹਾ ਕਿ ਜਲੰਧਰ ਸੈਂਟਰਲ ਦੇ ਲੋਕਾਂ ਦਾ ਪਿਆਰ, ਵਿਸ਼ਵਾਸ ਅਤੇ ਸਮਰਥਨ ਸਾਡੀ ਸਭ ਤੋਂ ਵੱਡੀ ਤਾਕਤ ਹੈ। ਸਾਨੂੰ ਪੂਰਾ ਭਰੋਸਾ ਹੈ ਕਿ ਲੋਕ ਸਾਡੇ ਨਾਲ ਹਨ। ਪਾਰਟੀ ਦੇ ਸਾਰੇ ਆਗੂਆਂ, ਅਹੁਦੇਦਾਰਾਂ ਅਤੇ ਸਮਰਪਤ ਵਰਕਰਾਂ ਦੇ ਸਹਿਯੋਗ ਨਾਲ ਅਸੀਂ ਹਰ ਵਾਰਡ ਅਤੇ ਹਰ ਘਰ ਤੱਕ ਪਹੁੰਚ ਕਰਾਂਗੇ। ਸਾਡਾ ਟੀਚਾ ਜਲੰਧਰ ਸੈਂਟਰਲ ਤੋਂ ਵੱਡੇ ਫਰਕ ਨਾਲ ਜਿੱਤ ਦਰਜ ਕਰਨਾ ਹੈ। ਮੀਟਿੰਗ ਵਿੱਚ ਸੀਨੀਅਰ ਡਿਪਟੀ ਮੇਅਰ ਬਲਬੀਰ ਸਿੰਘ ਢਿੱਲੋਂ, ਮਨਮੋਹਨ ਸਿੰਘ ਰਾਜੂ, ਜਗਦੀਸ਼ ਰਾਜ ਰਾਜਾ, ਸ਼ਿਵਮ ਸ਼ਰਮਾ, ਵਿੱਕੀ ਤੁਲਸੀ, ਅਮਰਦੀਪ ਕੀਨੂ, ਲਗਨਦੀਪ, ਪਰਵੀਨ ਪਹਿਲਵਾਨ, ਤ੍ਰਿਲੋਕ ਸਿੰਘ ਸਰਨ, ਅਜੇ ਚੋਪੜਾ, ਨਰੇਸ਼ ਸ਼ਰਮਾ, ਰਾਜੇਸ਼ ਬਾਬਰ, ਜਸਵਿੰਦਰ ਸਿੰਘ ਬਿੱਲਾ, ਲਵ ਗੌਬਨ, ਨਿਖਿਲ ਅਰੋੜਾ, ਗੁਰਪ੍ਰੀਤ ਕੌਰ, ਵਿਜੇ ਵਾਸਨ, ਜਤਿਨ ਗੁਲਾਟੀ, ਰਾਜੀਵ ਗਿੱਲ, ਸਮੀਰ ਮਰਵਾਹਾ, ਮਨੀਸ਼ ਸ਼ਰਮਾ ਅਤੇ ਸੁਭਾਸ਼ ਸ਼ਰਮਾ ਸਮੇਤ ਹੋਰ ਪਾਰਟੀ ਆਗੂ ਅਤੇ ਅਹੁਦੇਦਾਰ ਮੌਜੂਦ ਸਨ।

ਟਰੈਕਟਰ ਤੇ ਮੋਟਰਸਾਈਕਲ ਦੀ ਟੱਕਰ, ਮੋਟਰ ਸਾਈਕਲ ਚਾਲਕ ਜ਼ਖ਼ਮੀ

ਬਲਾਚੌਰ (ਜਸਵਿੰਦਰ ਬੈਂਸ)- ਬਲਾਚੌਰ-ਰੋਪੜ ਨੈਸ਼ਨਲ ਹਾਈਵੇ 'ਤੇ ਪਿੰਡ ਪਨਿਆਲੀ ਨੇੜੇ ਟਰੈਕਟਰ ਅਤੇ ਮੋਟਰਸਾਈਕਲ ਵਿਚਕਾਰ ਟੱਕਰ ਹੋਣ ਕਾਰਨ ਮੋਟਰਸਾਈਕਲ ਚਾਲਕ ਜ਼ਖ਼ਮੀ ਹੋ ਗਿਆ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਹਾਦਸੇ ਸਬੰਧੀ ਜਾਣਕਾਰੀ ਇਕੱਠੀ ਕੀਤੀ। ਮੌਕੇ 'ਤੇ ਪਹੁੰਚੀ ਸੜਕ ਸੁਰੱਖਿਆ ਫੋਰਸ ਦੀ ਟੀਮ ਅਨੁਸਾਰ ਮੋਟਰਸਾਈਕਲ



ਗਲਤ ਸਾਈਡ ਤੋਂ ਆ ਰਿਹਾ ਸੀ, ਜਿਸ ਦੌਰਾਨ ਉਸ ਦੀ ਟਰੈਕਟਰ ਨਾਲ ਟੱਕਰ ਹੋ ਗਈ। ਇਸ ਹਾਦਸੇ ਵਿੱਚ ਮੋਟਰਸਾਈਕਲ ਚਾਲਕ ਜ਼ਖ਼ਮੀ ਹੋ ਗਿਆ। ਸੜਕ ਸੁਰੱਖਿਆ ਫੋਰਸ ਦੀ ਟੀਮ ਵੱਲੋਂ ਤੁਰੰਤ ਨੈਸ਼ਨਲ ਹਾਈਵੇਅ ਦੀ ਐਂਬੂਲੈਂਸ ਰਾਹੀਂ ਜ਼ਖ਼ਮੀ ਨੂੰ ਇਲਾਜ ਲਈ ਸਿਵਲ ਹਸਪਤਾਲ ਬਲਾਚੌਰ ਵਿਖੇ ਦਾਖ਼ਲ ਕਰਵਾਇਆ ਗਿਆ।ਪ੍ਰਾਪਤ ਜਾਣਕਾਰੀ ਅਨੁਸਾਰ ਟਰੈਕਟਰ ਦਾ ਨੰਬਰ ਪੀ.ਬੀ.-20-9853 ਹੈ, ਜਿਸ ਨੂੰ ਚਰਨਜੀਤ ਸਿੰਘ ਪੁੱਤਰ ਰਾਮ ਕ੍ਰਿਸ਼ਨ, ਵਾਸੀ ਬੇਲਾ ਤਾਜਾਵਾਲ ਚਲਾ ਰਿਹਾ ਸੀ। ਜਦਕਿ ਮੋਟਰਸਾਈਕਲ ਦਾ ਨੰਬਰ ਪੀ.ਬੀ.-32-ਐੱਮ-00434 ਹੈ, ਜਿਸ ਨੂੰ ਗੁਰਦੀਪ ਸਿੰਘ ਪੁੱਤਰ ਚਰਨਜੀਤ ਸਿੰਘ, ਵਾਸੀ ਜਮੀਤਗੜ੍ਹ ਭੱਲਾ ਚਲਾ ਰਿਹਾ ਸੀ। ਹਾਦਸੇ ਸਬੰਧੀ ਚੌਕੀ ਕਾਠਗੜ੍ਹ ਦੀ ਪੁਲਸ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ।

ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਪੱਕਾ ਮੋਰਚਾ ਜਾਰੀ



ਗੁਜ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਅਤੇ ਸਾਂਝੇ ਮੰਚ ਵੱਲੋਂ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਸੰਗਰੂਰ ਵਿਖੇ 19 ਨਵੰਬਰ ਤੱਕ ਦਿਨ ਰਾਤ ਦਾ ਪੱਕਾ ਮੋਰਚਾ ਲਾਇਆ ਹੋਇਆ ਹੈ। ਜਿਸ ਵਿੱਚ ਜ਼ਿਲ੍ਹਾ ਗੁਜ਼ਿਆਰਪੁਰ ਦੀ ਵਾਰੀ 19 ਨਵੰਬਰ ਨੂੰ ਹੈ। ਦਿਨ ਰਾਤ ਦੇ ਮੋਰਚੇ 'ਚ ਗੁਜ਼ਿਆਰਪੁਰ ਅਤੇ ਵਿਸ਼ੇਸ਼ ਤੌਰਤੇ ਤਲਵਾੜਾ ਤੋਂ ਵੱਡੀ ਗਿਣਤੀ ਮੁਲਾਜ਼ਮ ਅਤੇ ਪੈਨਸ਼ਨਰ ਸ਼ਿਰਕਤ ਕਰਨਗੇ।

ਇਹ ਜਾਣਕਾਰੀ ਪਸਸਫ਼ ਦੇ ਬਲਾਕ ਪ੍ਰਧਾਨ ਰਾਜੀਵ ਸ਼ਰਮਾ ਅਤੇ ਪੁਰਾਣੀ ਪੈਨਸ਼ਨਰ ਬਹਾਲੀ ਸੰਘਰਸ਼ ਕਮੇਟੀ,ਪੰਜਾਬ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ ਨੇ ਦਿੱਤੀ।

ਸੰਗਰੂਰ ਮੋਰਚੇ ਦੇ ਅੰਤਿਮ ਦਿਨ ਸ਼ਮੂਲਿਅਤ ਨੂੰ ਲੈ ਕੇ ਮੁਲਾਜ਼ਮ ਅਤੇ ਪੈਨਸ਼ਨਰ ਪੱਬਾਂ ਭਾਰ ਹਨ। ਬਲਾਕ ਪੱਧਰ 'ਤੇ ਮੀਟਿੰਗਾਂ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ। ਪਿੰਡ ਬਟਵਾੜਾ ਵਿਖੇ ਪੀ ਡਬਲਿਊ

ਰਜਿੰਦਰ ਕੁਮਾਰ ਗਰੋਵਰ ਨੂੰ ਵੱਖ-ਵੱਖ ਆਗੂਆਂ ਵੱਲੋਂ ਭਰਪੂਰ ਸ਼ਰਧਾਂਜਲੀਆਂ

ਸ਼ਾਹਕੋਟ(ਅਮਨਦੀਪ ਸੈਦਪੁਰੀ) ਮੰਗਲਵਾਰ ਨੂੰ ਵਾਰਡ ਨੰਬਰ 6 ਦੇ ਮੈਂਬਰ ਨਗਰ ਪੰਚਾਇਤ ਪ੍ਰਵੀਨ ਗਰੋਵਰ ਅਤੇ ਕਾਰੋਬਾਰੀ ਰਵੀ ਗਰੋਵਰ ਦੇ ਪਿਤਾ ਰਜਿੰਦਰ ਕੁਮਾਰ ਗਰੋਵਰ ਨਮਿਤ ਸ੍ਰੀ ਗਰੁੜ ਪੁਰਾਣ ਜੀ ਦੇ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਸੈਂਕੜੇ ਲੋਕਾਂ ਦੀ ਮੌਜੂਦਗੀ ਵਿੱਚ ਹੋਈ। ਉਪਰੰਤ ਸ਼ਾਹਕੋਟ ਵਿਖੇ ਸਥਿਤ ਪੰਡੋਰੀ ਰਿਜੋਰਟਸ ਵਿਖੇ ਸ਼ਰਧਾਂਜਲੀ ਸਮਾਗਮ ਹੋਇਆ। ਇਸ ਮੌਕੇ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਸਿਆਸੀ ਆਗੂਆਂ ਵੱਲੋਂ ਸ਼ਰਧਾਂਜਲੀ ਭੇਟ ਕਰਨ ਮੌਕੇ ਸ਼੍ਰੀ ਰਜਿੰਦਰ ਕੁਮਾਰ ਗਰੋਵਰ ਜੀ ਦੇ ਜੀਵਨ ਅਤੇ ਉਨ੍ਹਾਂ ਵੱਲੋਂ ਆਪਣੇ ਬੱਚਿਆਂ ਨੂੰ ਦਿੱਤੇ ਗਏ ਸੰਸਕਾਰਾਂ ਦਾ ਜ਼ਿਕਰ ਕੀਤਾ ਗਿਆ। ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਸਾਬਕਾ ਮੁੱਖ ਮੰਤਰੀ ਬੀਬੀ ਰਜਿੰਦਰ ਕੌਰ ਭੱਠਲ ਦੇ ਓ ਐੱਸ ਡੀ ਰਵਿੰਦਰ ਸਿੰਘ ਟੁਰਨਾ, ਆਮ ਆਦਮੀ ਪਾਰਟੀ ਦੇ ਸੰਗਠਨ ਹਲਕਾ ਇੰਚਾਰਜ ਹਰਜਿੰਦਰ ਸਿੰਘ ਸੀਚੇਵਾਲ, ਭਾਜਪਾ ਦੇ ਹਲਕਾ ਕੈਂਪ ਇੰਚਾਰਜ ਰਾਣਾ ਹਰਦੀਪ ਸਿੰਘ ਮੌਜੂਦ ਸਨ। ਸ਼ਰਧਾਂਜਲੀ ਸਮਾਗਮ ਮੌਕੇ ਆਈ ਹੋਈ ਸੰਗਤ ਦਾ ਪਰਵਾਰ ਵੱਲੋਂ ਰਿਸ਼ੀ ਅਰੋੜਾ ਸੂਬਾ ਪ੍ਰਧਾਨ ਅਰੋੜਾ ਮਹਾਂ ਸਭਾ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਸਟੇਜ ਸਕੱਤਰ ਦੇ ਫਰਜ਼ ਮਾਰਕੀਟ ਕਮੇਟੀ ਲੋਹੀਆ ਦੇ ਸਾਬਕਾ ਚੇਅਰਮੈਨ ਸਰਬਜੀਤ ਸਿੰਘ ਸਾਬ ਨੇ ਨਿਭਾਏ।ਉਨ੍ਹਾਂ ਵੱਲੋਂ ਆਏ ਸ਼ੋਕ ਮਤੇ ਵੀ ਪੜ੍ਹੇ ਗਏ, ਜਿਨ੍ਹਾਂ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਬਲਬੀਰ ਸਿੰਘ ਪਾਲਾ ਜਲਾਲਪੁਰ, ਰਾਜਵਿੰਦਰ ਕੌਰ ਥਿਆੜਾ ਸੀਨੀਅਰ ਆਗੂ ਆਮ ਆਦਮੀ



ਪਾਰਟੀ, ਚਾਨਣ ਸਿੰਘ ਚੰਦੀ ਸਪੋਰਟਸ ਕਲੱਬ ਕਾਸੂਪੁਰ ਦੇ ਪ੍ਰਧਾਨ ਹਰਬੰਸ ਸਿੰਘ ਚੰਦੀ, ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜ਼ਾਰ ਸਿੰਘ ਥਿੰਦ, ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ ਆਦਿ ਸ਼ਾਮਲ ਸਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਮਲ ਗਰੋਵਰ, ਰੈਂਡ ਗੀਰਥ ਕਲੱਬ ਦੇ ਪ੍ਰਧਾਨ ਮਾਸਟਰ ਰਮਨ ਕੁਮਾਰ ਗੁਪਤਾ, ਰਾਜਾ ਅਰੋੜਾ, ਕਮਲ ਕੁਮਾਰ ਨਾਹਰ, ਹਰਦੇਵ ਸਿੰਘ ਪੀਟਰ(ਦੋਵੇਂ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ), ਐਡਵੋਕੇਟ ਸ਼ਿਵ ਕਰਨ ਮਲਹੋਤਰਾ, ਐਡਵੋਕੇਟ ਦੀਪਕ ਕੁਮਾਰ ਮਲਸੀਆ, ਦਰਸ਼ਨ ਲਾਲ ਅਰੋੜਾ, ਮਾਰਕੀਟ ਕਮੇਟੀ ਸ਼ਾਹਕੋਟ ਦੇ ਚੇਅਰਮੈਨ ਸਵਿੰਦਰ ਸਿੰਘ ਸੋਨੂੰ, ਮਾਰਕੀਟ ਕਮੇਟੀ ਲੋਹੀਆ ਦੇ ਚੇਅਰਮੈਨ ਪਰਬਤਪਾਲ ਸਿੰਘ, ਸ਼ਿਵ ਸ਼ੰਭੂ ਗੁਪਤਾ, ਦਵਿੰਦਰ ਸਿੰਘ ਆਹਲੂਵਾਲੀਆ, ਅਨਿਲ ਕੁਮਾਰ ਸਾਬਕਾ

ਕਿਸਾਨ ਜਥੇਬੰਦੀਆਂ ਵੱਲੋਂ ਗੰਨੇ ਦੀ ਬਕਾਇਆ ਰਾਸ਼ੀ ਲਈ ਲਗਾਏ ਜਾ ਰਹੇ ਧਰਨੇ ਦਾ ਸਮਰਥਨ

ਗੁਰਿਆਰਪੁਰ (ਬਲਵੀਰ ਸਿੰਘ ਸੈਣੀ)- ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲੱਚਵਾਲ ਵੱਲੋਂ ਆਪਣੀ ਮਹੀਨਿਆਂ ਵਾਰ ਮੀਟਿੰਗ ਨਸ਼ਿਆਂ ਖਿਲਾਫ ਆਵਾਜ਼ ਬੁਲੰਦ ਕਰਨ ਵਾਲੇ ਸ਼ਹੀਦ ਪਰਮਿੰਦਰ ਸਿੰਘ ਝੋਟਾ ਦੀ ਯਾਦ ਨੂੰ ਸਮਰਪਿਤ ਕੀਤੀ ਗਈ ਅਤੇ ਗੁਰਦੁਆਰਾ ਸਾਹਿਬ ਬੂਰੇ ਜੱਟਾਂ ਵਿਖੇ ਸਹਿਜ ਪਾਠ ਦਾ ਭੋਗ ਪੈਣ



ਉਪਰੰਤ ਕੀਰਤਨੀ ਜਥੇ ਵੱਲੋਂ ਗੁਰਬਾਣੀ ਜਸ ਗਾਇਨ ਕੀਤਾ ਗਿਆ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਜਥੇਦਾਰ ਗੁਰਦੀਪ ਸਿੰਘ ਖੁਣ ਖੁਣ ਸਰਪ੍ਰਸਤ ਅਤੇ ਪ੍ਰਧਾਨ ਪਰਮਿੰਦਰ ਸਿੰਘ ਲਾਚੋਵਾਲ ਨੇ ਸਾਂਝੇ ਤੌਰ ਤੇ ਕਿਹਾ ਕਿ ਸਰਕਾਰਾਂ ਨੇ ਪੰਜਾਬ ਵਿੱਚ ਵਗ ਰਹੇ ਨਸ਼ਿਆਂ ਦੇ ਛੇਵੇਂ ਦਰਿਆ ਨੂੰ ਖਤਮ ਕਰਨ ਦੇ ਵੱਡੇ ਵਾਅਦੇ ਕੀਤੇ ਸਨ ਪਰ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਦੀ ਸਰਪ੍ਰਸਤੀ ਹਾਸਲ ਕਾਤਲਾਂ ਵੱਲੋਂ ਨਸ਼ਿਆਂ ਖਿਲਾਫ ਆਵਾਜ਼ ਬੁਲੰਦ ਕਰਨ ਵਾਲੇ ਪਰਮਿੰਦਰ ਸਿੰਘ ਝੋਟਾ ਨੂੰ ਹੀ ਖਤਮ ਕਰ ਦਿੱਤਾ। ਇਸ ਸਮੇਂ ਪਰਮਿੰਦਰ ਸਿੰਘ ਲਾਚੋਵਾਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਕਿਸਾਨ ਜਥੇਬੰਦੀਆਂ ਵੱਲੋਂ ਗੰਨੇ ਦੀ ਬਕਾਇਆ ਰਾਸ਼ੀ ਅਤੇ ਨਵੀਂ ਫਸਲ ਦੇ ਰੇਟ ਸਬੰਧੀ ਲਗਾਏ ਜਾ ਰਹੇ ਧਰਨੇ ਦਾ ਜਥੇਬੰਦੀ ਪੂਰਨ ਸਮਰਥਨ ਕਰਦੀ ਹੈ ਅਤੇ ਸਾਡੀ ਜਥੇਬੰਦੀ ਮੰਗ ਕਰਦੀ ਹੈ ਕਿ ਗੰਨੇ ਦੀ ਪੇਮੈਂਟ ਕਾਰਪੋਰੇਟ ਮਿੱਲਾਂ ਦੇ ਆਧਾਰ ਤੇ ਪੂਰੀ ਪੇਮੈਂਟ ਦਿੱਤੀ ਜਾਵੇ ਅਤੇ ਗੰਨੇ ਦਾ ਭਾਅ 550 ਰੁਪਏ ਦੇ ਹਿਸਾਬ ਨਾਲ ਦਿੱਤਾ ਜਾਵੇ। ਇਸ ਸਮੇਂ ਅਕਬਰ ਸਿੰਘ ਬੂਰੇ ਜੱਟਾਂ, ਹਰਪ੍ਰੀਤ ਸਿੰਘ ਲਾਲੀ ਪਡੋਰੀ ਖਜੂਰ, ਬਿੱਕਰ ਸਿੰਘ ਸ਼ੇਰਪੁਰ, ਲੰਬੜਦਾਰ ਮਨਜੀਤ ਸਿੰਘ ਖੁਣ ਖੁਣ, ਜਸਪਾਲ ਸਿੰਘ ਖੁਣ ਖੁਣ ਖੁਰਦ, ਬਾਬਾ ਕਿਰਪਾਲ ਸਿੰਘ ਪੰਡੋਰੀ ਖਜੂਰ, ਜਥੇਦਾਰ ਪ੍ਰੀਤਮ ਸਿੰਘ ਨੰਗਲ ਕਲਾਲ, ਕਰਨੈਲ ਸਿੰਘ ਢੱਡੇ ਫਤਿਹ ਸਿੰਘ, ਸਤਵੰਤ ਸਿੰਘ ਮੁਰਾਦਪੁਰ, ਜਗਤਾਰ ਸਿੰਘ ਖੁਣਖੁਣ, ਸੁਖਦੇਵ ਸਿੰਘ ਸੁੱਖਾ ਆਦਿ ਹਾਜ਼ਰ ਸਨ।

ਲੋਹਟੀਆ ਨੇ ਕੱਢੀ ਸ਼ੁਕਰਾਨਾ ਯਾਤਰਾ

ਫਿਲੌਰ (ਨਿਰਮਲ) ਆਮ ਆਦਮੀ ਪਾਰਟੀ (ਆਪ) ਹਾਈਕਮਾਂਡ ਵੱਲੋਂ ਵਿਧਾਨ ਸਭਾ ਹਲਕਾ ਫਿਲੌਰ ਤੋਂ ਪਾਰਟੀ ਦੀ ਉਮੀਦਵਾਰ ਵਜੋਂ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਨੂੰ ਟਿਕਟ ਦਿੱਤੇ ਜਾਣ 'ਤੇ



ਪਾਰਟੀ ਆਗੂਆਂ ਅਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੀ ਲਹਿਰ ਹੈ। ਇਸ ਮੌਕੇ ਪਾਰਟੀ ਆਗੂਆਂ ਅਤੇ ਸਮਰਥਕਾਂ ਦੇ ਭਰਵੇਂ ਸਹਿਯੋਗ ਨਾਲ ਫਿਲੌਰ ਵਿਖੇ ਇੱਕ ਵਿਸ਼ੇਸ਼ ਸ਼ੁਕਰਾਨਾ ਯਾਤਰਾ ਕੱਢੀ ਗਈ। ਯਾਤਰਾ ਦੌਰਾਨ ਹਰਜੋਤ ਕੌਰ ਲੋਹਟੀਆ ਅਤੇ ਸਮਰਥਕਾਂ ਨੇ ਫਿਲੌਰ ਸ਼ਹਿਰ ਦੇ ਵੱਖ-ਵੱਖ ਧਾਰਮਿਕ ਅਸਥਾਨਾਂ 'ਤੇ ਨਤਮਸਤਕ ਹੋ ਕੇ ਗੁਰੂ ਸਾਹਿਬਾਨ ਦਾ ਕੋਟਿ-ਕੋਟਿ ਧੰਨਵਾਦ ਕੀਤਾ ਅਤੇ ਪਾਰਟੀ ਦੀ ਚੜ੍ਹਦੀ ਕਲਾ ਲਈ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉਨ੍ਹਾਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮਨੀਸ਼ ਸਿਸੋਦੀਆ, ਪੰਜਾਬ ਪ੍ਰਧਾਨ ਅਮਨ ਅਰੋੜਾ ਅਤੇ ਸਮੁੱਚੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਵਿਧਾਨ ਸਭਾ ਹਲਕਾ ਫਿਲੌਰ ਦੀ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਵਿੱਚ ਪਾਈ ਜਾਵੇਗੀ। ਇਸ ਸ਼ੁਕਰਾਨਾ ਯਾਤਰਾ ਅਤੇ ਮੌਕੇ 'ਤੇ ਹਾਜ਼ਰ ਪ੍ਰਮੁੱਖ ਆਗੂਆਂ ਵਿੱਚ ਜ਼ਿਲ੍ਹਾ ਪ੍ਰਧਾਨ ਪ੍ਰਦੀਪ ਦੁੱਗਲ, ਜ਼ਿਲ੍ਹਾ ਮੀਡੀਆ ਇੰਚਾਰਜ ਮੇਲਾ ਸਿੰਘ ਰੁੜਕਾ, ਮਾਰਕੀਟ ਕਮੇਟੀ ਫਿਲੌਰ ਦੇ ਸਾਬਕਾ ਚੇਅਰਮੈਨ ਰੋਸ਼ਨ ਲਾਲ ਰੋਸ਼ੀ, ਸੰਗਠਨ ਇੰਚਾਰਜ ਵਰਿੰਦਰ ਸੈਣੀ, ਮਾਰਕੀਟ ਕਮੇਟੀ ਫਿਲੌਰ ਦੇ ਚੇਅਰਮੈਨ ਸੁਖਦੀਪ ਸਿੰਘ ਅੱਪਰਾ, ਵਪਾਰ ਮੰਡਲ ਦੇ ਚੇਅਰਮੈਨ ਪਰਵਿੰਦਰ ਨੰਨਾ ਗੁਰਵਿੰਦਰ ਨੂਰਾ ਬਲਾਕ ਪ੍ਰਧਾਨ ਤੇ ਸਰਪੰਚ ਕੰਗ ਜਗੀਰ ਰਮੇਸ਼ਵਰ ਪੰਡਿਤ, ਬਲਾਕ ਪ੍ਰਧਾਨ ਸੁਮੀਤ ਧਮਾਨ, ਬਲਾਕ ਪ੍ਰਧਾਨ ਅਵਤਾਰ ਸਿੰਘ, ਜ਼ਿਲ੍ਹਾ ਐਜੂਕੇਸ਼ਨ ਪ੍ਰਧਾਨ ਪਵਿੱਤਰ ਲਸਾੜਾ, ਸੀਨੀਅਰ ਆਗੂ ਤਰਲੋਕ ਸਿੰਘ ਵਿਰਕ, ਕੌਂਸਲਰ ਪਰਮਜੀਤ ਭਾਰਤੀ, ਅਮਰਜੀਤ ਰਵਿਦਾਸਪੁਰਾ, ਹਲਕਾ ਮੀਡੀਆ ਇੰਚਾਰਜ ਫਿਲੌਰ ਮਨਦੀਪ ਸਿੰਘ ਸ਼ਾਹਪੁਰ, ਵਾਈਸ ਮੀਡੀਆ ਕੋਆਡੀਨੇਟਰ ਫਿਲੌਰ ਗੌਰਵ ਬਾਵਾ, ਮੁਕੇਸ਼ ਗਾਬਾ, ਪਰਮਿੰਦਰ ਸਿੰਘ ਲਸਾੜਾ, ਕਿਸਾਨ ਵਿੰਗ ਦੇ ਬਲਾਕ ਫਿਲੌਰ ਕੋਆਡੀਨੇਟਰ ਦਲਜੀਤ ਸਿੰਘ ਲਸਾੜਾ, ਸਰਪੰਚ ਮਨਜੀਤ ਸਿੰਘ ਪੁਆਰੀ ਅਤੇ ਰਾਹੁਲ ਪਹੁੰਚਾ ਐਮ.ਸੀ. ਸ਼ਾਮਲ ਸਨ। ਇਸ ਮੌਕੇ ਮਹਿਲਾ ਵਿੰਗ ਜ਼ਿਲ੍ਹਾ ਵਾਈਸ ਪ੍ਰਧਾਨ ਸੀਮਾ ਬਡਾਲਾ, ਹਲਕਾ ਮਹਿਲਾ ਵਿੰਗ ਕੋਆਡੀਨੇਟਰ ਬਲਜਿੰਦਰ ਕੌਰ, ਵਾਈਸ ਕੋਆਡੀਨੇਟਰ ਮਨਜੀਤ ਕੌਰ ਅਤੇ ਮਹਿਲਾ ਬਲਾਕ ਪ੍ਰਧਾਨ ਤੇ ਸਮਰਥਕ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਅਮਨਪ੍ਰੀਤ ਕੌਰ ਰਾਏ ਵੱਲੋਂ ਜਨਸੰਪਰਕ ਦਫਤਰ ਦਾ ਉਦਘਾਟਨ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਭਾਰਤੀ ਜਨਤਾ ਪਾਰਟੀ ਐਸ ਸੀ ਵਿੰਗ ਪੰਜਾਬ ਦੀ ਕੋਆਰਡੀਨੇਟਰ ਅਤੇ ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਸੀਨੀਅਰ ਆਗੂ ਅਮਨਪ੍ਰੀਤ ਕੌਰ ਰਾਏ ਵੱਲੋਂ ਆਪਣੇ ਮੋਰਿੰਡਾ ਸਥਿਤ ਜਨਸੰਪਰਕ ਦਫਤਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ 'ਤੇ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਅਤੇ ਸ਼ਹਿਰ ਵਾਸੀ ਸ਼ਾਮਿਲ ਹੋਏ। ਇੱਕ ਪੱਤਰਕਾਰ ਵਾਰਤਾ ਦੌਰਾਨ ਬੀਬੀ ਅਮਨਪ੍ਰੀਤ ਕੌਰ ਰਾਏ ਨੇ ਕਿਹਾ ਕਿ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਸਭ ਤੋਂ ਵੱਡੀ ਚਿੰਤਾ ਸਥਾਨਕ ਵਿਕਾਸ ਤੇ ਰੁਜ਼ਗਾਰ ਦੀ ਹੈ।



ਮੋਰਿੰਡਾ, ਚਮਕੌਰ ਸਾਹਿਬ, ਅਤੇ ਆਲੇ-ਦੁਆਲੇ ਦੇ ਪਿੰਡਾਂ ਵਿੱਚ ਸੜਕਾਂ, ਨਿਕਾਸੀ ਨਾਲਿਆਂ, ਸਟਰੀਟ ਲਾਈਟਾਂ, ਸਫ਼ਾਈ ਅਤੇ ਬੁਨਿਆਦੀ ਢਾਂਚੇ ਦੀ ਮੰਗ ਲਗਾਤਾਰ ਉਠਦੀ ਰਹਿੰਦੀ ਹੈ। ਉਹਨਾਂ ਕਿਹਾ ਕਿ ਸ੍ਰੀ ਚਮਕੌਰ ਸਾਹਿਬ ਦੇ ਨਾਲ ਤੋਂ ਨਿਕਲਦੀ ਸਰਹੰਦ ਕੈਨਾਲ ਦੀ ਸਫਾਈ ਦੀ ਪ੍ਰਮੁੱਖ ਲੋੜ ਹੈ ਕਿਉਂਕਿ ਬੀਤੇ ਦਿਨਾਂ ਦੌਰਾਨ ਇਸ ਨਹਿਰ ਦੀ ਸਹੀ ਢੰਗ ਨਾਲ ਸਫਾਈ ਨਾ ਕੀਤੇ ਜਾਣ ਕਾਰਨ ਹੀ ਨਹਿਰ ਦੇ ਕਿਨਾਰੇ ਟੁੱਟ ਚੁੱਕੇ ਹਨ।

ਬੀਬੀ ਅਮਨਪ੍ਰੀਤ ਕੌਰ ਰਾਏ ਵੱਲੋਂ ਪ੍ਰਦੂਸ਼ਣ ਰੋਕਣ, ਪਾਣੀ ਅਤੇ ਹਵਾ ਦੀ ਗੁਣਵੱਤਾ ਦੀ ਰਾਖੀ, ਤੇ ਸਥਾਨਕ ਲੋਕਾਂ ਦੀ ਸਿਹਤ ਦੀ ਸੁਰੱਖਿਆ ਲਈ ਪ੍ਰਭਾਵੀ ਉਪਰਾਲੇ ਕਰਨ ਦੀ ਗੱਲ ਕੀਤੀ ਗਈ। ਉਨ੍ਹਾਂ ਕਿਹਾ ਕਿ ਸ੍ਰੀ ਚਮਕੌਰ ਸਾਹਿਬ ਦੇ ਨੇੜੇ ਜੰਡ ਸਾਹਿਬ ਵਿਖੇ ਲੱਗ ਰਹੀ ਰੁਚੀਕਾ ਪੇਪਰ ਮਿਲ ਖਿਲਾਫ ਇਲਾਕੇ ਦੇ ਲੋਕਾਂ ਅਤੇ ਵੱਖ ਵੱਖ ਜਥੇਬੰਦੀਆਂ ਵੱਲੋਂ 2018 ਤੋਂ ਧਰਨਾ ਚੱਲ ਰਿਹਾ ਸੀ ਤਾਂ ਜੋ ਹਲਕੇ ਨੂੰ ਹਵਾ ਤੇ ਪਾਣੀ ਦੇ ਪ੍ਰਦੂਸ਼ਣ ਤੋਂ ਬਚਾਇਆ ਜਾ ਸਕੇ ਜਿਸ ਦਾ ਉਨ੍ਹਾਂ ਵੱਲੋਂ ਵੀ ਡਟਕੇ ਸਮਰਥਨ ਕੀਤਾ ਗਿਆ ਅਤੇ ਮੋਰਚੇ ਨੂੰ ਸਮਰਥਨ ਦਿੰਦਿਆਂ ਗਵਰਨਰ ਪੰਜਾਬ, ਕੇਂਦਰੀ ਮੰਤਰੀਆਂ ਤੇ ਅਧਿਕਾਰੀਆਂ ਨਾਲ ਵੀ ਗੱਲਬਾਤ ਕੀਤੀ ਗਈ। ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਜਤਿੰਦਰ ਗੂੰਬਰ, ਭਾਜਪਾ ਯੁਵਾ ਮੋਰਚਾ ਪੰਜਾਬ ਦੇ ਕੋਆਰਡੀਨੇਟਰ ਰਮਨ ਮੱਟੂ, ਬਲਾਕ ਪ੍ਰਧਾਨ ਜਗਦੀਪ ਸਿੰਘ ਸੰਗਤਪੁਰ, ਵਿਨੋਦ ਰਾਣਾ, ਹਰਸ਼ ਕੋਹਲੀ, ਜਸਮੇਰ ਰਾਣਾ, ਨੇਤਰ ਰਾਣਾ, ਸੀਨੀਅਰ ਆਗੂ ਸੰਜੀਵ ਸੂਦ, ਸੀਨੀਅਰ ਆਗੂ ਨਰਿੰਦਰ ਰਾਣਾ, ਪਵਨ ਕੁਮਾਰ, ਪੁਨੀਤ ਮਿੱਤਲ, ਦਲਜੀਤ ਸਿੰਘ ਬਿੱਟੂ , ਪਵਿੱਤਰ ਸਿੰਘ ਬਰਸਾਲਪੁਰ, ਜਤਿੰਦਰ ਸਿੰਘ ਹਾਜ਼ਰ ਸਨ।

ਅੰਬੇਡਕਰ ਮਿਸ਼ਨ ਸੁਸਾਇਟੀ 26 ਨੂੰ ਮਨਾਏਗੀ ਸੰਵਿਧਾਨ ਦਿਵਸ

ਜਲੰਧਰ (ਰਾਜੇਸ਼ ਥਾਪਾ)- ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.)ਪੰਜਾਬ ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਕਿਹਾ ਕਿ ਭਾਰਤ ਦਾ ਸੰਵਿਧਾਨ 26 ਨਵੰਬਰ, 1949 ਨੂੰ ਭਾਰਤ ਦੀ ਸੰਵਿਧਾਨ ਸਭਾ ਦੁਆਰਾ ਅਪਣਾਇਆ ਅਤੇ ਖੁਦ ਨੂੰ ਸਮਰਪਿਤ ਕੀਤਾ ਗਿਆ। ਸਾਲ 2015 ਤੋਂ, 26



ਨਵੰਬਰ ਨੂੰ ਪੂਰੇ ਦੇਸ਼ ਵਿੱਚ 'ਸੰਵਿਧਾਨ ਦਿਵਸ' ਵਜੋਂ ਮਨਾਇਆ ਜਾਂਦਾ ਹੈ। ਸੰਵਿਧਾਨ ਦੇ ਨਿਰਮਾਣ ਵਿੱਚ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੁਆਰਾ ਨਿਭਾਈ ਗਈ ਭੂਮਿਕਾ ਨੂੰ ਯਾਦ ਕਰਦਿਆਂ, 'ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.), ਪੰਜਾਬ' ਵੱਲੋਂ 26 ਨਵੰਬਰ ਨੂੰ ਸ਼ਾਮ 3 ਵਜੇ ਜਲੰਧਰ ਸਥਿਤ ਅੰਬੇਡਕਰ ਭਵਨ ਵਿਖੇ ਬਹੁਤ ਹੀ ਉਤਸ਼ਾਹ ਨਾਲ ਸੰਵਿਧਾਨ ਦਿਵਸ ਸਮਾਗਮ ਆਯੋਜਿਤ ਕੀਤਾ ਜਾਵੇਗਾ । ਇਹ ਫੈਸਲਾ ਅੰਬੇਡਕਰ ਮਿਸ਼ਨ ਸੁਸਾਇਟੀ ਦੀ ਕਾਰਜਕਾਰਨੀ ਕਮੇਟੀ ਦੀ ਸੁਸਾਇਟੀ ਦੇ ਪ੍ਰਧਾਨ ਪ੍ਰੋਫੈਸਰ ਬਲਬੀਰ ਜੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਲਿਆ ਗਿਆ।

ਪ੍ਰੋਫੈਸਰ ਬਲਬੀਰ ਨੇ ਕਿਹਾ ਕਿ ਇਸ ਸਮਾਗਮ ਵਿਚ ਭਾਰਤੀ ਸੰਵਿਧਾਨ ਨੂੰ ਦਰਪੇਸ਼ ਚੁਣੌਤੀਆਂ ਤੇ ਚਰਚਾ ਕੀਤੀ ਜਾਵੇਗੀ, ਜਿਸ ਦਾ ਉਦੇਸ਼ ਨਾਗਰਿਕਾਂ ਵਿੱਚ ਸੰਵਿਧਾਨਕ ਕਦਰਾਂ-ਕੀਮਤਾਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ। ਪ੍ਰੋਫੈਸਰ (ਡਾ.) ਨਵਜੋਤ ਓ ਐਸ ਡੀ, ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਜਲੰਧਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਤੇ ਬਰਿਜੇਸ਼ ਕੁਮਾਰ ਲੈਕਚਰਾਰ, ਗੌਰਮਿੰਟ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਨਹਿਰੂ ਗਾਰਡਨ, ਜਲੰਧਰ ਮੁੱਖ ਬੁਲਾਰੇ ਹੋਣਗੇ। ਅੰਬੇਡਕਰ ਮਿਸ਼ਨ ਸੁਸਾਇਟੀ ਨੇ ਬਾਬਾ ਸਾਹਿਬ ਡਾ. ਅੰਬੇਡਕਰ ਦੇ ਪੋਤੇਕਾਰਾਂ ਅਤੇ ਪ੍ਰਗਤੀਸ਼ੀਲ ਵਿਚਾਰਾਂ ਦੇ ਲੋਕਾਂ ਨੂੰ ਇਸ ਸਮਾਗਮ ਵਿਚ ਸਮੇਂ ਸਿਰ ਹਾਜ਼ਰ ਹੋ ਕੇ ਇਸ ਦਾ ਲਾਭ ਲੈਣ ਦੀ ਅਪੀਲ ਕੀਤੀ। ਇਸ ਮੌਕੇ ਡਾ. ਜੀ. ਸੀ. ਕੌਲ, ਪਰਮਿੰਦਰ ਸਿੰਘ ਖੁਤਣ, ਬਲਦੇਵ ਰਾਜ ਭਾਰਦਵਾਜ, ਚਰਨ ਦਾਸ ਸੰਧੂ, ਕਮਲ ਕੁਮਾਰ, ਡਾ. ਮਹਿੰਦਰ ਸੰਧੂ, ਜਸਵਿੰਦਰ ਵਰਿਆਣਾ ਤੇ ਮਲਕੀਤ ਸਿੰਘ ਆਦਿ ਹਾਜ਼ਰ ਸਨ।

ਜੰਡਾ ਦਾ ਕਾਵਿ-ਸੰਗ੍ਰਹਿ 'ਪੱਥਰ ਦੇ ਫੁੱਲ' ਲੋਕ ਅਰਪਣ

ਗੁਰਿਆਰਪੁਰ (ਬਲਵੀਰ ਸਿੰਘ ਸੈਣੀ)- ਉੱਘੇ ਲੇਖਕ ਅਤੇ ਕਵੀ ਮਾਸਟਰ ਕੁਲਵਿੰਦਰ ਸਿੰਘ ਜੰਡਾ ਦੇ 15ਵੇਂ ਕਾਵਿ-ਸੰਗ੍ਰਹਿ 'ਪੱਥਰ ਦੇ ਫੁੱਲ' ਨੂੰ ਲੋਕ ਅਰਪਣ ਕਰਨ ਸਬੰਧੀ ਇੱਕ ਸਾਹਿਤਕ ਸਮਾਗਮ ਕਰਵਾਇਆ ਗਿਆ। ਇਹ ਸਮਾਗਮ ਜ਼ਿਲ੍ਹਾ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਗੁਰਿਆਰਪੁਰ ਦੇ ਪ੍ਰਧਾਨ ਮਨਜੀਤ ਸਿੰਘ ਦਸੂਹਾ ਦੀ ਰਹਿਨੁਮਾਈ ਹੇਠ ਆਯੋਜਿਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਜੋਤੀ ਪ੍ਰਕਾਸ਼ ਕਰਕੇ ਕੀਤੀ ਗਈ। ਇਸ ਮੌਕੇ ਉੱਘੇ ਸੰਗੀਤਕਾਰ ਪ੍ਰੋਫੈਸਰ ਬਲਰਾਜ ਨੇ ਮਾਸਟਰ ਕੁਲਵਿੰਦਰ ਸਿੰਘ ਜੰਡਾ ਦੀਆਂ ਗ਼ਜ਼ਲਾਂ ਦਾ ਆਪਣੀ ਸੁਰੀਲੀ ਆਵਾਜ਼ ਵਿੱਚ ਗਾਇਨ ਕੀਤਾ, ਜਿਸ ਨੇ ਹਾਜ਼ਰ ਸਰੋਤਿਆਂ ਨੂੰ ਮੰਤਰਮੁਗਧ ਕਰ ਦਿੱਤਾ। ਇਸ ਉਪਰੰਤ ਰਾਸ਼ਟਰਪਤੀ ਪੁਰਸਕਾਰ ਨਾਲ ਸਨਮਾਨਿਤ ਉੱਘੇ ਲੇਖਕ ਅਤੇ ਨਾਵਲਕਾਰ ਡਾ. ਧਰਮਪਾਲ ਸਾਹਿਲ ਨੇ ਕਾਵਿ-ਸੰਗ੍ਰਹਿ 'ਪੱਥਰ ਦੇ ਫੁੱਲ' ਬਾਰੇ ਆਪਣਾ ਪਰਚਾ ਪੜ੍ਹਦਿਆਂ ਜੰਡਾ ਦੀ ਸਾਹਿਤਕ ਸਿਰਜਣਾ ਅਤੇ ਉਨ੍ਹਾਂ ਦੀਆਂ ਰਚਨਾਵਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਸੰਜੀਵ ਤਲਵਾੜ ਨੇ ਕਾਵਿ-ਸੰਗ੍ਰਹਿ ਸਬੰਧੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਮਾਸਟਰ ਜੰਡਾ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ। ਉੱਘੇ ਕਵੀ ਰਘਵੀਰ ਸਿੰਘ ਟੇਰਕਿਆਣਾ ਨੇ ਕਾਵਿ-ਸੰਗ੍ਰਹਿ ਦੀ



ਕਾਵਿਕ ਵਿਸ਼ੇਸ਼ਤਾ ਅਤੇ ਰਚਨਾਵਾਂ ਦੀ ਰੂਪ-ਰੇਖਾ ਬਾਰੇ ਸਰੋਤਿਆਂ ਨੂੰ ਜਾਣੂ ਕਰਵਾਇਆ। ਇਸੇ ਤਰ੍ਹਾਂ ਸਾਬਕਾ ਡੀ ਪੀ ਆਰ ਉ ਗੁਲਜ਼ਾਰ ਸਿੰਘ ਕਾਲਕੱਟ ਨੇ ਮੁਹੰਮਦ ਰਫ਼ੀ ਦੇ ਗੀਤ ਗਾ ਕੇ ਆਪਣੀ ਹਾਜ਼ਰੀ ਲਗਵਾਈ। ਪ੍ਰਿੰਸੀਪਲ ਪਰਵਿੰਦਰ ਸਿੰਘ ਖਾਲਸਾ ਕਾਲਜ ਮਾਹਿਲਪੁਰ ਨੇ ਵੀ ਆਪਣੇ ਵਿਲੱਖਣ ਅੰਦਾਜ਼ ਵਿੱਚ ਮਾਸਟਰ ਜੰਡਾ ਨੂੰ ਵਧਾਈ ਦਿੱਤੀ। ਸੱਭਿਆਚਾਰ ਸੰਭਾਲ ਸੁਸਾਇਟੀ ਦੇ ਸਕੱਤਰ ਹਰਵੰਤ ਸਿੰਘ ਕਮਲ ਅਤੇ ਸਾਬਕਾ ਰੇਂਜ ਅਫ਼ਸਰ ਜੀਵਨ ਕੁਮਾਰ ਜਸਵਾਲ ਨੇ ਸੁਸਾਇਟੀ ਦੇ ਸਮੂਹ ਮੈਂਬਰਾਂ ਵੱਲੋਂ ਮਾਸਟਰ ਜੰਡਾ ਨੂੰ ਵਧਾਈ ਦਿੱਤੀ। ਸਮਾਗਮ ਦੇ ਮੁੱਖ ਮਹਿਮਾਨ ਮਨਜੀਤ ਸਿੰਘ ਦਸੂਹਾ ਨੇ ਕਿਹਾ ਕਿ ਮਾਸਟਰ ਕੁਲਵਿੰਦਰ ਸਿੰਘ ਜੰਡਾ ਨੇ ਆਪਣਾ 15ਵਾਂ ਕਾਵਿ-ਸੰਗ੍ਰਹਿ ਪੰਜਾਬੀ ਮਾਂ-ਬੋਲੀ ਦੀ ਝੋਲੀ ਪਾ ਕੇ ਸਾਹਿਤਕ ਖੇਤਰ ਵਿੱਚ ਵੱਡਾ ਯੋਗਦਾਨ ਪਾਇਆ ਹੈ। ਇਸ ਮੌਕੇ ਆਏ ਹੋਏ ਸਾਰੇ ਮਹਿਮਾਨਾਂ ਨੇ ਵੀ ਆਪਣੀ ਹਾਜ਼ਰੀ ਲਗਵਾਉਂਦਿਆਂ ਮਾਸਟਰ ਜੰਡਾ ਨੂੰ ਵਧਾਈ ਦਿੱਤੀ।

ਸਮਾਗਮ ਦੌਰਾਨ ਪਰਮਜੀਤ ਸਿੰਘ ਥਿਆੜਾ, ਮਲਕੀਤ ਸਿੰਘ ਜੌਹਲ, ਰਣਜੀਤ ਕੁਮਾਰ ਤਲਵਾੜ, ਜਗਜੀਵਨ ਕੁਮਾਰ, ਮੋਹਨ ਲਾਲ ਕਲਸੀ, ਹਰਬੰਸ ਸਿੰਘ, ਸੰਦੀਪ ਕੁਮਾਰ ਸ਼ਰਮਾ, ਸੁਖਦੀਪ ਸਿੰਘ, ਡਾ. ਕੁਲਦੀਪ ਸਿੰਘ, ਦਵਿੰਦਰ ਸਿੰਘ, ਐਡਵੋਕੇਟ ਸੁਖਵਿੰਦਰ ਸਿੰਘ ਮੁਠਕ, ਬਲਰਾਜ ਸਿੰਘ ਚੌਹਾਨ, ਸੁਖਵਿ

ਵਿਧਾਇਕ ਭਰਾਜ ਨੇ 9 ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ



ਭਵਾਨੀਗੜ੍ਹ (ਰਾਜ ਖੁਰਮੀ, ਪ੍ਰਵੀਨ ਸਿੰਘ)-ਸੰਗਰੂਰ ਹਲਕੇ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਆਪਣੇ ਦਫ਼ਤਰ ਵਿਖੇ ਭਵਾਨੀਗੜ੍ਹ ਬਲਾਕ ਦੀਆਂ 9 ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਉਨ੍ਹਾ ਨਵ-ਨਿਯੁਕਤ ਹੈਲਪਰਾਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਵਧਾਈ ਦਿੱਤੀ ਤੇ ਹੈਲਪਰਾਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ। ਉਨ੍ਹਾ ਕਿਹਾ ਕਿ ਆਂਗਣਵਾੜੀ ਕੇਂਦਰ ਛੋਟੀ ਉਮਰ ਦੇ ਬੱਚਿਆਂ ਨੂੰ ਪੂਰਕ ਪੋਸ਼ਣ, ਦੇਖਭਾਲ ਤੇ ਸਕੂਲ-ਪੂਰਵ ਸਿੱਖਿਆ ਦੀਆਂ ਸੇਵਾਵਾਂ ਮੁਹੱਈਆ ਕਰਵਾਉਂਦੇ ਹਨ। ਇਨ੍ਹਾਂ ਕੇਂਦਰਾਂ ਦੇ ਰੋਜ਼ਾਨਾ ਕੰਮਕਾਜ ਵਿੱਚ ਹੈਲਪਰਾਂ ਦੀ ਅਹਿਮ ਭੂਮਿਕਾ ਹੁੰਦੀ ਹੈ। ਉਹ ਬੱਚਿਆਂ ਲਈ ਭੋਜਨ ਤਿਆਰ ਕਰਨ ਤੇ ਸਮੇਂ ਸਿਰ ਵਰਤਾਉਣ ਦੇ ਨਾਲ-ਨਾਲ ਰਸੋਈ, ਭਾਂਡਿਆਂ ਤੇ ਕੇਂਦਰ ਦੀ ਸਫ਼ਾਈ ਦਾ ਧਿਆਨ ਰੱਖਣ ਵਿੱਚ ਸਹਿਯੋਗ ਦਿੰਦੀਆਂ ਹਨ। ਭਵਾਨੀਗੜ੍ਹ ਬਲਾਕ ਵਿੱਚ ਇਨ੍ਹਾਂ ਨਿਯੁਕਤੀਆਂ ਨਾਲ ਆਂਗਣਵਾੜੀ ਕੇਂਦਰਾਂ ਦੇ ਰੋਜ਼ਾਨਾ ਕੰਮਕਾਜ ਲਈ ਵਾਧੂ ਸਹਿਯੋਗ ਮਿਲੇਗਾ। ਇਸ ਨਾਲ ਬੱਚਿਆਂ ਨੂੰ ਸਮੇਂ ਸਿਰ ਭੋਜਨ ਮੁਹੱਈਆ ਕਰਵਾਉਣ, ਕੇਂਦਰਾਂ ਵਿੱਚ ਸਾਫ਼-ਸੁਥਰਾ ਮਾਹੌਲ ਬਣਾਈ ਰੱਖਣ ਤੇ ਖੇਡ ਤੇ ਸਿੱਖਣ ਦੀਆਂ ਗਤੀਵਿਧੀਆਂ ਲਈ ਲੋੜੀਂਦੇ ਪ੍ਰਬੰਧ ਕਰਨ ਵਿੱਚ ਮਦਦ ਮਿਲੇਗੀ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਵੱਖ-ਵੱਖ ਅਹੁਦੇਦਾਰ, ਪਤਵੰਤੇ ਤੇ ਨਵ-ਨਿਯੁਕਤ ਹੈਲਪਰਾਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

ਆਪ ਆਗੂ ਇੰਦਰਜੀਤ ਸੰਧੂ ਨੂੰ ਸਨੌਰ ਹਲਕੇ ਦੇ ਵਾਸੀਆਂ ਵੱਲੋਂ ਪਲਕਾਂ 'ਤੇ ਬਿਠਾਇਆ



ਸਨੌਰ (ਰਾਜਿੰਦਰ ਸਿੰਘ ਥਿੰਦ)-ਸਨੌਰ ਸ਼ਹਿਰ ਦੇ ਵਾਰਡ ਨੰਬਰ 12 ਵਿੱਚ 'ਸੰਧੂ ਮਿਸ਼ਨ 2027' ਤਹਿਤ ਨਗਰ ਨਿਵਾਸੀਆਂ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਕੀਤਾ ਗਿਆ। ਇਸ ਮੀਟਿੰਗ ਦੌਰਾਨ ਇਲਾਕੇ ਦੇ ਲੋਕਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕਰਦਿਆਂ ਆਮ ਆਦਮੀ ਪਾਰਟੀ ਜ਼ਿੰਦਾਬਾਦ ਤੇ ਇੰਦਰਜੀਤ ਸੰਧੂ ਜ਼ਿੰਦਾਬਾਦ ਦੇ ਨਾਅਰੇ ਲਗਾਏ। ਮੀਟਿੰਗ ਵਿੱਚ ਨਗਰ ਨਿਵਾਸੀਆਂ ਵੱਲੋਂ ਦਿਖਾਈ ਗਈ ਇਕਜੁੱਟਤਾ ਤੇ ਸਮਰਥਨ ਨੇ ਸਿਆਸੀ ਹਲਕਿਆਂ ਵਿੱਚ ਵੀ ਚਰਚਾ ਛੇੜ ਦਿੱਤੀ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕੌਨਵੇਅਰ ਦੇ ਵਾਈਸ ਚੇਅਰਮੈਨ ਤੇ ਹਲਕਾ ਸਨੌਰ ਦੇ ਸੀਨੀਅਰ ਆਮ ਆਦਮੀ ਪਾਰਟੀ ਆਗੂ ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਆਪਣੇ ਨਗਰ ਨਿਵਾਸੀਆਂ ਵੱਲੋਂ ਮਿਲ ਰਹੇ ਪਿਆਰ, ਸਤਿਕਾਰ ਤੇ ਭਰੋਸੇ ਨੂੰ ਦੇਖ ਕੇ ਉਹ ਬੇਹੱਦ ਭਾਵੁਕ ਵੀ ਹਨ ਅਤੇ ਮਾਣ ਵੀ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਾਡੇ ਨਗਰ ਦੀ ਇਹ ਏਕਤਾ, ਪਿਆਰ ਤੇ ਇੱਕਜੁੱਟਤਾ ਹੀ ਮੇਰੀ ਅਸਲ ਤਾਕਤ ਹੈ। ਲੋਕਾਂ ਵੱਲੋਂ ਦਿੱਤਾ ਜਾ ਰਿਹਾ ਇਹ ਸਾਥ ਤੇ ਵਿਸ਼ਵਾਸ ਉਨ੍ਹਾਂ ਨੂੰ ਹੋਰ ਵੀ ਮਿਹਨਤ ਕਰਨ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਇਸ ਮੌਕੇ ਸਮੂਹ ਨਗਰ ਨਿਵਾਸੀਆਂ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਵੱਲੋਂ ਮਿਲੇ ਇਸ ਮਾਣ-ਸਤਿਕਾਰ ਨੂੰ ਉਹ ਹਮੇਸ਼ਾ ਯਾਦ ਰੱਖਣਗੇ। ਇਸ ਮੌਕੇ ਗੁਰਮੀਤ ਸਿੰਘ ਨਾਨਕਸਰ, ਮਨਜੀਤ ਸਿੰਘ ਸੰਧੂ, ਰੋਸ਼ਮ ਸਿੰਘ ਗਰੇਵਾਲ, ਭੁਪਿੰਦਰ ਸਿੰਘ ਮੁਨਸ਼ੀ, ਸਤਿੰਦਰ ਸਿੰਘ ਹਾਂਡਾ ਬਲਾਕ ਪ੍ਰਧਾਨ, ਜਤਿੰਦਰ ਸਿੰਘ ਪਹਿਲਵਾਨ, ਸਤਵੰਤ ਸਿੰਘ ਗੋਪੀ, ਦਰਬਾਰਾ ਸਿੰਘ ਭੋਲਾ, ਸੁੱਖਾ ਸਿੰਘ ਝਿੱਲ, ਬਲਵੰਤ ਸਿੰਘ ਝਿੱਲ, ਸ਼ਵਿੰਦਰ ਸਿੰਘ ਸਾਬਕਾ ਸਰਪੰਚ, ਹਰਮੀਤ ਸਿੰਘ ਮਿੱਠੂ ਸਰਪੰਚ, ਮਿੰਟੂ ਸੰਧੂ, ਜਰਨੈਲ ਸਿੰਘ ਸੰਧੂ, ਕੈਪਟਨ ਆਪ ਆਗੂ ਇੰਦਰਜੀਤ ਸੰਧੂ ਨੂੰ ਸਨੌਰ ਹਲਕੇ ਦੇ ਵਾਸੀਆਂ ਵੱਲੋਂ ਪਲਕਾਂ 'ਤੇ ਬਿਠਾਇਆ।

ਵਿਧਾਇਕ ਰਾਏ ਨੇ ਰਾਮਦਾਸ ਨਗਰ ਸਰਹਿੰਦ ਵਿਖੇ ਵਿਕਾਸ ਕੰਮ ਸ਼ੁਰੂ ਕਰਵਾਏ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਸਰਹਿੰਦ ਦੇ ਵਾਰਡ ਨੰਬਰ 07 ਰਾਮਦਾਸ ਨਗਰ ਸਾਨੀਪੁਰ ਰੋਡ ਵਿਖੇ 12 ਲੱਖ ਰੁਪਏ ਦੀ ਲਾਗਤ ਦੇ ਨਾਲ 2 ਵਿਕਾਸ ਕਾਰਜ ਸ਼ੁਰੂ ਕਰਵਾਏ ਗਏ। ਇਨ੍ਹਾਂ ਕਾਰਜਾਂ ਦੇ ਪੂਰਾ ਹੋਣ ਨਾਲ ਇਲਾਕਾ ਨਿਵਾਸੀਆਂ ਨੂੰ ਜਿੱਥੇ ਆਂਗਣਵਾੜੀ ਕੇਂਦਰ ਮਿਲੇਗਾ, ਉੱਥੇ ਹੀ ਇੰਟਰਲੌਕ ਟਾਈਲਾਂ ਦੇ ਨਾਲ ਪੱਕਾ ਕੀਤਾ ਰਸਤਾ ਵੀ ਮਿਲੇਗਾ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਰਾਮਦਾਸ ਨਗਰ ਵਿਖੇ ਪਿਛਲੇ 15 ਸਾਲਾਂ ਤੋਂ ਇੱਕ ਆਂਗਨਵਾੜੀ ਕੇਂਦਰ ਖਸਤਾ ਹਾਲ ਦੇ ਵਿੱਚ ਪਈ ਸੀ, ਜਿਸ ਨੂੰ ਪਿਛਲੀਆਂ ਸਰਕਾਰਾਂ ਵੱਲੋਂ ਅਧੂਰਾ ਹੀ ਛੱਡਿਆ ਹੋਇਆ ਸੀ। ਰੰਗਲਾ ਪੰਜਾਬ ਸਕੀਮ ਦੇ ਤਹਿਤ ਇਸ ਨੂੰ 3.50 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਜਾ ਰਿਹਾ। ਇਸੇ ਤਰ੍ਹਾਂ ਵਾਰਡ ਨੰ. ਸੱਤ ਦੇ ਰਾਮਦਾਸ ਨਗਰ ਵਿਖੇ ਇੱਕ ਕੱਚੇ ਰਸਤੇ ਨੂੰ ਇੰਟਰਲੌਕ ਟਾਈਲਾਂ ਦੇ ਨਾਲ 8.42 ਲੱਖ ਰੁਪਏ ਦੀ ਲਾਗਤ ਦੇ ਨਾਲ ਪੱਕਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਮਦਾਸ ਨਗਰ ਨਿਵਾਸੀਆਂ ਨੇ ਕੁਝ ਹੋਰ ਕੱਚੇ ਰਸਤੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ ਹਨ, ਜਿਨ੍ਹਾਂ ਨੂੰ ਜਲਦ ਹੀ ਪੱਕਾ ਕਰਾਂਗੇ। ਵਾਰਡ ਵਾਸੀਆਂ ਵੱਲੋਂ ਜਿੱਥੇ ਵਿਧਾਇਕ ਲਖਬੀਰ ਸਿੰਘ ਰਾਏ ਦਾ ਫੁੱਲਾਂ ਦੇ ਹਾਰਾਂ ਨਾਲ ਸਵਾਗਤ ਕੀਤਾ ਗਿਆ, ਉੱਥੇ ਹੀ ਆਏ ਮਹਿਮਾਨਾਂ ਨੂੰ ਵੀ ਸਿਰੋਪਾਓ ਦਿੱਤੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਗਰ ਕੌਂਸਲ ਸਰਹਿੰਦ ਦੀ ਪ੍ਰਧਾਨ ਆਸ਼ਾ ਰਾਣੀ, ਕੌਂਸਲਰ ਗੁਰਵਿੰਦਰ ਕੌਰ, ਰਮੇਸ਼ ਕੁਮਾਰ ਸੋਨੂੰ, ਸੰਦੀਪ ਸਿੰਘ ਭੱਲ ਮਾਜਰਾ, ਬਲਦੇਵ ਸਿੰਘ ਭੱਲ ਮਾਜਰਾ, ਜਗਪਾਲ ਸਿੰਘ, ਗੁਰਵਿੰਦਰ ਸਿੰਘ ਬੀਜ਼ਮਾਨ, ਜਸਬੀਰ ਕੌਰ, ਬਲਜਿੰਦਰ ਕੌਰ ਐਡਵੋਕੇਟ ਸੁੱਖੀ, ਰਤਨ ਸਿੰਘ ਰਾਮਦਾਸ ਨਗਰ ਆਦਿ ਹਾਜ਼ਰ ਸਨ।

ਅਦਾਕਾਰ ਸਵਰਨ ਸਿੰਘ ਦੇ ਸਦੀਵੀ ਵਿਛੋੜੇ 'ਤੇ ਦੁੱਖ ਦਾ ਇਜ਼ਹਾਰ



ਸਮਰਾਲਾ (ਸੁਰਜੀਤ ਸਿੰਘ)-ਪਾਵਰਕਾਮ ਵਿਭਾਗ ਤੋਂ ਸੇਵਾਮੁਕਤ ਲਾਈਨਮੈਨ ਤੇ ਨਾਟਕਾਂ ਦੇ ਉੱਘੇ ਅਦਾਕਾਰ ਸਵਰਨ ਸਿੰਘ ਗੜ੍ਹੀ ਤਰਖਾਣਾ ਦੇ ਸਦੀਵੀਂ ਵਿਛੋੜੇ 'ਤੇ ਵੱਖ ਵੱਖ ਸੰਸਥਾਵਾਂ ਤੇ ਸਮਾਜ ਸੇਵੀ ਜਥੇਬੰਦੀਆਂ ਵੱਲੋਂ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ ਹੈ।ਪ੍ਰੋ. ਹਮਦਰਦਵੀਰ ਯਾਦਗਾਰੀ ਕਮੇਟੀ ਦੇ ਡਾ. ਹਰਜਿੰਦਰਪਾਲ ਸਿੰਘ, ਪ੍ਰਿ. ਡਾ. ਪਰਮਿੰਦਰ ਸਿੰਘ ਬੈਨੀਪਾਲ ਤੇ ਲਖਬੀਰ ਸਿੰਘ ਬਲਾਲਾ ਨੇ ਕਿਹਾ ਕਿ ਸਵਰਨ ਸਿੰਘ ਗੜ੍ਹੀ ਤਰਖਾਣਾ ਜਿੱਥੇ ਇੱਕ ਚੰਗਾ ਇਨਸਾਨ ਸੀ, ਉਥੇ ਇਹ ਇੱਕ ਵਧੀਆ ਅਦਾਕਾਰ ਸੀ, ਜਿਸ ਨੇ ਪੰਜਾਬ ਵਿੱਚ ਅੱਤਵਾਦ ਦੇ ਦੌਰ ਵਿੱਚ ਟੁੱਟਦੀ ਭਾਈਚਾਰਕ ਸਾਂਝ ਨੂੰ ਬਚਾਉਣ ਤੇ ਸਮਾਜ ਵਿੱਚ ਫੈਲ ਰਹੇ ਅੰਧ ਵਿਸ਼ਵਾਸਾਂ ਨੂੰ ਲੈ ਕੇ ਨਾਟਕਾਂ ਵਿੱਚ ਅਹਿਮ ਰੋਲ ਕੀਤੇ, ਜਿਨ੍ਹਾਂ ਕਾਰਨ ਉਨ੍ਹਾਂ ਦੀ ਅਦਾਕਾਰੀ ਅੱਜ ਵੀ ਦਰਸ਼ਕਾਂ ਦੇ ਮਨਾਂ 'ਤੇ ਅੰਕਿਤ ਹੈ।ਲੇਖਕ ਮੰਚ ਸਮਰਾਲਾ ਦੇ ਰਾਜਵਿੰਦਰ ਸਮਰਾਲਾ, ਦਲਜੀਤ ਸ਼ਾਹੀ ਨੇ ਕਿਹਾ ਕਿ ਸਵਰਨ ਸਿੰਘ ਵਰਗੇ ਅਦਾਕਾਰ ਦਾ ਸਦੀਵੀ ਵਿਛੋੜਾ ਸਮਾਜ ਲਈ ਵੱਡਾ ਘਾਟਾ ਹੈ।ਇਸੇ ਦੌਰਾਨ ਪਾਵਰਕਾਮ ਦੀ ਪੈਨਸ਼ਨਰਜ਼ ਐਸੋਸੀਏਸ਼ਨ ਸਰਕਲ ਰੋਪੜ ਦੇ ਪ੍ਰਧਾਨ ਭਰਪੂਰ ਸਿੰਘ ਤੇ ਮੰਡਲ ਸਮਰਾਲਾ ਦੇ ਪ੍ਰਧਾਨ ਸਿਕੰਦਰ ਸਿੰਘ, ਪ੍ਰੇਮ ਸਿੰਘ ਐੱਸਡੀਓ, ਜੁਗਲ ਕਿਸ਼ੋਰ ਸਾਹਨੀ ਤੇ ਰਾਜਿੰਦਰ ਵਡੇਰਾ ਡਿਪਟੀ ਸੀ ਏ ਓ ਨੇ ਕਿਹਾ ਕਿ ਸਵਰਨ ਸਿੰਘ ਗੜ੍ਹੀ ਤਰਖਾਣਾ ਜਿੱਥੇ ਇੱਕ ਚੰਗਾ ਅਦਾਕਾਰ ਸੀ, ਉਥੇ ਉਹ ਇੱਕ ਚੰਗਾ ਤੇ ਸਮਰਪਤ ਮੁਲਾਜ਼ਮ ਆਗੂ ਵੀ ਸੀ।ਸਵਰਨ ਸਿੰਘ ਗੜ੍ਹੀ ਤਰਖਾਣਾ ਦੀ ਅੰਤਿਮ ਅਰਦਾਸ ਉਨ੍ਹਾਂ ਦੀ ਪਿੰਡ ਗੜ੍ਹੀ ਤਰਖਾਣਾ ਦੇ ਗੁਰਦਵਾਰਾ ਸਾਹਿਬ ਵਿਖੇ 19 ਨਵੰਬਰ ਨੂੰ ਹੋਵੇਗੀ।

ਭਾਕਿਯੂ ਰਾਜੇਵਾਲ ਵੱਲੋਂ ਝੋਨੇ ਦੀ ਖ਼ਰੀਦ ਤੁਰੰਤ ਬਹਾਲ ਕਰਨ ਦੀ ਮੰਗ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਬਲਾਕ ਧੂਰੀ ਅਤੇ ਸ਼ੇਰਪੁਰ ਦੀ ਬਲਾਕ ਧੂਰੀ ਦੇ ਪ੍ਰਧਾਨ ਭੁਪਿੰਦਰ ਸਿੰਘ ਭੁੱਲਰਹੇੜੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਕਿਸਾਨ ਆਗੂਆਂ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਅਚਾਨਕ ਬੰਦ ਹੋਣ ਕਾਰਨ ਅੰਨਦਾਤਾ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਝੋਨੇ ਦੀ ਰੁਕੀ ਹੋਈ ਖ਼ਰੀਦ ਤੁਰੰਤ ਮੁੜ ਸ਼ੁਰੂ ਕੀਤੀ ਜਾਵੇ। ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 26 ਨਵੰਬਰ ਨੂੰ ਦਿੱਲੀ ਕਿਸਾਨ ਮੋਰਚੇ ਦੀ ਵਰ੍ਹੇਗੰਢ ਸਬੰਧੀ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ, ਜਿਸ ਤਹਿਤ ਮੁਹਾਲੀ, ਸੰਗਰੂਰ, ਲੁਧਿਆਣਾ ਅਤੇ ਪਟਿਆਲਾ ਵਿਖੇ ਵਿਸ਼ਾਲ ਇਕੱਠ ਕੀਤੇ ਜਾਣਗੇ। ਇਸ ਮੌਕੇ ਸੁਖਪਾਲ ਸਿੰਘ ਕਾਂਝਲਾ, ਬਲਵਿੰਦਰ ਸਿੰਘ ਜੱਖਲਾਂ, ਗੁਰਬਚਨ ਸਿੰਘ ਹਰਚੰਦਪੁਰ, ਮਲਕੀਤ ਸਿੰਘ ਜੱਖਲਾਂ, ਪ੍ਰਭਜੋਤ ਸਿੰਘ ਜੱਖਲਾਂ, ਜਸਦੇਵ ਸਿੰਘ ਭੁੱਲਰਹੇੜੀ, ਮਲਕੀਤ ਸਿੰਘ ਕੰਧਾਰਗੜ੍ਹ ਅਤੇ ਦੀਦਾਰ ਸਿੰਘ ਬਰੜ੍ਹਵਾਲ ਸਮੇਤ ਹੋਰ ਆਗੂ ਹਾਜ਼ਰ ਸਨ।

ਵੱਖ-ਵੱਖ ਜਥੇਬੰਦੀਆਂ ਵੱਲੋਂ ਸ਼ਹੀਦ ਸਰਾਭਾ ਤੇ ਸਾਥੀਆਂ ਨੂੰ ਸ਼ਰਧਾਂਜਲੀਆਂ



ਰਾਏਕੋਟ (ਸੰਤੋਖ ਗਿੱਲ)-ਗ਼ਦਰ ਲਹਿਰ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਉਨ੍ਹਾਂ ਦੇ ਸਾਥੀਆਂ ਵਿਸ਼ਨੂੰ ਗਣੇਸ਼ ਪਿੰਗਲੇ, ਹਰਨਾਮ ਸਿੰਘ ਸਿਆਲਕੋਟੀ, ਜਗਤ ਸਿੰਘ, ਸੁਰੈਣ ਸਿੰਘ (ਵੱਡਾ), ਸੁਰੈਣ ਸਿੰਘ (ਛੋਟਾ) ਤੇ ਬਖ਼ਸ਼ੀਸ਼ ਸਿੰਘ ਨੂੰ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਤੇ ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਪਿੰਡ ਸਰਾਭਾ ਵਿੱਚ ਸਾਂਝੇ ਤੌਰ 'ਤੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਮੌਕੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਬੁੱਤ 'ਤੇ ਹਾਰ ਪਾ ਕੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਗਿਆ।

ਸਮਾਗਮ ਨੂੰ ਸੰਬੋਧਨ ਕਰਦਿਆਂ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਤੇ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਹਰਨੇਕ ਸਿੰਘ ਗੁੱਜਰਵਾਲ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਵਿਚਾਰਧਾਰਾ ਤੋਂ ਸੇਧ ਲੈ ਕੇ ਦੇਸ਼ ਦੀ ਏਕਤਾ ਤੇ ਅਖੰਡਤਾ ਦੀ ਰਾਖੀ ਕਰਨਾ ਸਮੇਂ ਦੀ ਅਹਿਮ ਲੋੜ ਹੈ।ਉਨ੍ਹਾਂ ਕਿਹਾ ਕਿ ਗ਼ਦਰ ਪਾਰਟੀ ਦੇ ਧਰਮ ਨਿਰਪੱਖ ਤੇ ਸਾਂਝੀਵਾਲਤਾ ਦੇ ਸਿਧਾਂਤਾਂ ਨੂੰ ਲੋਕਾਂ ਤੱਕ ਪਹੁੰਚਾ ਕੇ ਹੀ ਸ਼ਹੀਦਾਂ ਦੇ ਸੁਫ਼ਨਿਆਂ ਨੂੰ ਸਾਕਾਰ ਕਰਨ ਵੱਲ ਕਦਮ ਵਧਾਏ ਜਾ ਸਕਦੇ ਹਨ।ਉਨ੍ਹਾਂ ਕੇਂਦਰ ਤੇ ਸੂਬਾ ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕਰਦਿਆਂ ਕਿਹਾ ਕਿ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਬਜਾਏ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਇਸ ਮੌਕੇ ਕਿਸਾਨ ਆਗੂਆਂ ਕੁਲਦੀਪ ਸਿੰਘ ਗਰੇਵਾਲ ਤੇ ਰਾਜਵੀਰ ਸਿੰਘ ਕਿਲ੍ਹਾ ਰਾਏਪੁਰ ਨੇ ਕਿਹਾ ਕਿ ਕਿਸਾਨਾਂ ਦਾ ਝੋਨਾ ਅਜੇ ਵੀ ਮੰਡੀਆਂ ਵਿੱਚ ਪਿਆ ਹੈ ਤੇ ਖ਼ਰੀਦ ਸਬੰਧੀ ਸਮੱਸਿਆਵਾਂ ਕਾਰਨ ਕਿਸਾਨਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਡਾ. ਜਸਮੇਲ ਸਿੰਘ ਲੱਲਤੋਂ, ਡਾ. ਕੇਸਰ ਸਿੰਘ ਧਾਦਰਾਂ, ਡਾ. ਮਨਪ੍ਰੀਤ ਕੌਰ ਸੋਨੀ, ਡਾ. ਜਸਵਿੰਦਰ ਕੌਰ ਬਾੜੇਵਾਲ, ਸਾਬਕਾ ਹਾਕੀ ਖਿਡਾਰੀ ਨਛੱਤਰ ਸਿੰਘ ਅਤੇ ਹੋਰ ਕਿਸਾਨ ਤੇ ਮੈਡੀਕਲ ਪ੍ਰੈਕਟੀਸ਼ਨਰ ਆਗੂ ਹਾਜ਼ਰ ਸਨ।

ਯਸ਼ ਪਾਲ ਮੰਗਲਾ ਪੰਜਾਬ ਫੁੱਟਬਾਲ ਐਸੋਸੀਏਸ਼ਨ ਦੀ ਸਟੇਟ ਮੀਡੀਆ ਕਮੇਟੀ ਦੇ ਮੈਂਬਰ ਨਿਯੁਕਤ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਪੰਜਾਬ ਫੁੱਟਬਾਲ ਐਸੋਸੀਏਸ਼ਨ ਵੱਲੋਂ ਸੁਨਾਮ ਦੇ ਸ੍ਰੀ ਯਸ਼ ਪਾਲ ਮੰਗਲਾ ਨੂੰ ਐਸੋਸੀਏਸ਼ਨ ਦੀ ਸਟੇਟ ਮੀਡੀਆ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ।ਇਹ ਨਿਯੁਕਤੀ ਪੰਜਾਬ ਫੁੱਟਬਾਲ ਐਸੋਸੀਏਸ਼ਨ ਦੇ ਪ੍ਰਧਾਨ ਮਹਾਰਾਜ ਕੁਮਾਰ ਸੁਰਜਸੀਤ ਸਿੰਘ ਤੇ ਸਕੱਤਰ ਜਨਰਲ ਹਰਜਿੰਦਰ ਸਿੰਘ ਵੱਲੋਂ ਜਾਰੀ ਨਿਯੁਕਤੀ ਪੱਤਰ ਰਾਹੀਂ ਕੀਤੀ ਗਈ ਹੈ।ਜਾਰੀ ਪੱਤਰ ਅਨੁਸਾਰ ਯਸ਼ ਪਾਲ ਮੰਗਲਾ ਦੀ ਇਹ ਨਿਯੁਕਤੀ 20 ਅਕਤੂਬਰ 2030 ਤੱਕ ਚਾਰ ਸਾਲਾਂ ਲਈ ਕੀਤੀ ਗਈ ਹੈ।ਉਨ੍ਹਾਂ ਨੂੰ ਕਮੇਟੀ ਦੇ ਕੰਮਕਾਜ ਵਿੱਚ ਸਰਗਰਮ ਭੂਮਿਕਾ ਨਿਭਾਉਣ, ਫੁੱਟਬਾਲ ਨਾਲ ਸਬੰਧਤ ਗਤੀਵਿਧੀਆਂ ਦੇ ਪ੍ਰਚਾਰ-ਪ੍ਰਸਾਰ, ਮੀਡੀਆ ਨਾਲ ਤਾਲਮੇਲ ਤੇ ਖੇਡ ਦੇ ਵਿਕਾਸ ਲਈ ਆਪਣੇ ਸੁਝਾਅ ਤੇ ਵਿਚਾਰ ਪੇਸ਼ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।ਇਸ ਨਿਯੁਕਤੀ ਨਾਲ ਸੁਨਾਮ ਤ

ਪ੍ਰਕਾਸ਼ ਪੁਰਬ ਸੰਬੰਧੀ ਸਾਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਮੁਕੰਮਲ



ਪੱਟੀ ,(ਬਲਦੇਵ ਸਿੰਘ ਸੰਧੂ ਕਿਰਤੋਵਾਲ)-ਸਰਬ ਸਾਝੀਵਾਲਤਾ ਸੇਵਾ ਸੁਸਾਇਟੀ ਪੱਟੀ ਅਤੇ ਸੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਭਗਤ ਨਾਮਦੇਵ ਪੱਟੀ ਵੱਲੋਂ ਅਤੇ ਸੰਤ ਬਾਬਾ ਦਯਾ ਸਿੰਘ , ਮਹਾਪੁਰਖ ਜਥੇਦਾਰ ਬਾਬਾ ਅਵਤਾਰ ਸਿੰਘ ਦੀਆਂ ਅਸੀਸਾਂ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਾਲਾਨਾ ਜੋੜ ਮੇਲਾ ਗੁਰੂ ਨਾਨਕ ਪਾਤਸ਼ਾਹ ਅਤੇ ਭਗਤ ਨਾਮਦੇਵ ਦੇ ਪ੍ਰਕਾਸ਼ ਪੁਰਬ ਸਬੰਧੀ ਜੋੜ ਮੇਲਾ 20-21-22 ਨਵੰਬਰ ਨੂੰ ਮਨਾਇਆ ਜਾ ਰਿਹਾ ਹੈ ਜਿਸ ਸਬੰਧੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਜੋੜ ਮੇਲਾ ਗੁਰਦਵਾਰਾ ਭਗਤ ਨਾਮਦੇਵ ਬਾਨੀ ਬਾਬਾ ਜਗਤ ਸਿੰਘ ਰਿਖੀ ਜੀ ਦੇ ਅਸਥਾਨਾਂ 'ਤੇ ਸ੍ਰੀ ਆਖੰਡ ਪਾਠ ਦੀ ਆਰੰਭਤਾ 20 ਨਵੰਬਰ ਨੂੰ ਹੋਵੇਗੀ ਅਤੇ 21ਤਰੀਕ ਨੂੰ ਸ਼ਹਿਰ ਵਿੱਚ ਨਗਰ ਕੀਰਤਨ ਸੁਨਹਿਰੀ ਪਾਲਕੀ ਵਿੱਚ ਸਜਾਏ ਜਾਣਗੇ ਅਤੇ 21 ਦੀ ਰਾਤ ਨੂੰ ਹੀ ਕੀਰਤਨ ਦਰਬਾਰ ਵੀ ਹੋਵੇਗਾ ਅਤੇ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਭੂਰਾ ਕੋਹਨਾ ਮੰਜੀ ਸਾਹਿਬ ਦੀਵਾਨ ਹਾਲ ਵਾਲੇ ਅਤੇ ਭਾਈ ਤਰਸੇਮ ਸਿੰਘ ਨਾਨਕਸਰ ਵਾਲੇ ਅਤੇ ਗਿਆਨੀ ਗੁਰਚਰਨ ਸਿੰਘ ਪੱਟੀ ਭੱਠ ਸਾਹਿਬ ਵਾਲੇ ਹਾਜ਼ਰੀ ਭਰਨਗੇ। 22 ਨਵੰਬਰ ਐਤਵਾਰ ਨੂੰ ਸ੍ਰੀ ਆਖੰਡ ਪਾਠਾਂ ਸਾਹਿਬਾਂ ਦੇ ਭੋਗ ਉੱਪਰੰਤ ਖੁੱਲੇ ਦੀਵਾਨ ਸੱਜਣਗੇ ਜਿਸ ਵਿੱਚ ਪੰਥ ਦੇ ਮਹਾਨ ਰਾਗੀ ਢਾਡੀ ਕਥਾਵਾਚਕ ਹਾਜਰੀਆਂ ਭਰਨਗੇ । ਗੁਰੂ ਕੇ ਲੰਗਰ ਅਤੁੱਟ ਵਰਤਣਗੇ ਤੇ ਮਠਿਆਈਆਂ ਦੇ ਲੰਗਰ ਵੀ ਵਰਤਾਏ ਜਾਣਗੇ, ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਰਬ ਸਾਂਝੀਵਾਲਤਾ ਸੇਵਾ ਸੁਸਾਇਟੀ ਦੇ ਪ੍ਰਧਾਨ ਗਿਆਨੀ ਗੁਰਚਰਨ ਸਿੰਘ ਪੱਟੀ ਵਾਲਿਆਂ ਨੇ ਦੱਸਿਆ ਕਿ ਹਰ ਸਾਲ ਦੀ ਤਰਾਂ ਇਸ ਸਾਲ ਵੀ ਸੰਗਤਾਂ ਦੇ ਸਹਿਯੋਗ ਸਦਕਾ ਬੜੀ ਧਾਮ ਨਾਲ ਪਿਆਰ ਸ਼ਰਧਾ ਭਾਵਨਾ ਸਹਿਤ ਜੋੜ ਮੇਲੇ ਮਨਾਏ ਜਾਣਗੇ । ਬਾਬਾ ਅਵਤਾਰ ਸਿੰਘ ਤੇ ਜਥੇਦਾਰ ਖੁਸ਼ਵਿੰਦਰ ਸਿੰਘ ਭਾਟੀਆ ਤੇ ਗਿਆਨੀ ਗੁਰਚਰਨ ਸਿੰਘ ਤੇ ਸਮੂਹ ਸੁਸਾਇਟੀ ਮੈਂਬਰਾਂ ਤੇ ਅਹੁਦੇਦਾਰਾਂ ਵੱਲੋਂ ਗੁਰਮਤਿ ਸਮਾਗਮ ਤੇ ਜੋੜ ਮੇਲੇ ਦਾ ਪੋਸਟਰ ਰਿਲੀਜ਼ ਕੀਤਾ ਗਿਆ । ਇਸ ਮੌਕੇ ਸੁਸਾਇਟੀ ਦੇ ਸਰਪ੍ਰਸਤ ਜਸਬੀਰ ਸਿੰਘ, ਮਨਪ੍ਰੀਤ ਸਿੰਘ ਲਵਲੀ ਸਕੱਤਰ, ਗੁਰਦੇਵ ਸਿੰਘ ਖਜਾਨਚੀ,ਸੁਰਿਦਰ ਸਿੰਘ ਸਿੰਦਾ, ਖੁਸਵਿੰਦਰ ਸਿੰਘ ਘੁੱਕੀ , ਲਵਪ੍ਰੀ ਸਿੰਘ ਕੈਨੇਡਾ,ਗੌਬਿਨਦੀਪ ਸਿੰਘ ਔਲਖ, ਕੁਲਬੀਰ ਸਿੰਘ, ਕੁਲਵਿੰਦਰ ਸਿੰਘ ਕਾਲਾ, ਬਬਲੂ, ਸੁਖਪਾਲ ਸਿੰਘ ਲੱਡੂ, ਰਵੀ, ਸ਼ੁੱਭਦੀਪ ਸਿੰਘ, ਵਾਰਸਦੀਪ ਸਿੰਘ, ਬੂਟਾ ਸਿੰਘ, ਸਹੀਦ, ਬਾਬਾ ਸਹਿਜਦੀਪ ਸਿੰਘ ਜੀ ਗਰੰਥੀ, ਰਾਹੁਲਦੀਪ ਸਿੰਘ, ਕਰਨਜੀਤ ਸਿੰਘ ਸੰਨੀ, ਅਜਮੇਰ ਸਿੰਘ,ਹਰਦੇਵ ਸਿੰਘ,ਲਖਵਿੰਦਰ ਸਿੰਘ, ਗੁਰਪ੍ਰੀ ਸਿੰਘ,ਮਨਦੀਪ ਸਿੰਘ ਘਰਿਆਲੇ ਵਾਲੇ, ਗਗਨਦੀਪ ਸਿੰਘ ਰਾਹੁਲਦੀਪ ਸਿੰਘ,ਹਰਦੀਪ ਸਿੰਘ,ਦਰਸ਼ਨ ਸਿੰਘ,ਗਿਆਨੀ ਅਮਰੀਕ ਸਿੰਘ , ਪਰਮਜੀਤ ਸਿੰਘ ਸੰਗਵਾ, ਗੁਰਸੇਵਕ ਸਿੰਘ ਹਰਸਿਮਰਨਜੀਤ ਸਿੰਘ ਘਰਿਆਲੇ ਵਾਲੇ, ਭਾਈ ਬਲਵੀਰ ਸਿੰਘ ਹਾਜਰ ਸਨ।

ਕੁੱਟਮਾਰ ਕਰਨ ਵਾਲਿਆਂ ਵਿਰੁੱਧ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਪੁਲਿਸ ਸਟੇਸ਼ਨ ਪੁਰਾਣਾ ਸ਼ਾਲਾ ਅਧੀਨ ਪੈਂਦੇ ਪਿੰਡ ਖਿੱਚੀਆਂ ਵਿਖੇ ਦੋ ਧਿਰਾਂ ਦੀ ਆਪਸੀ ਰੰਜਿਸ਼ ਨੂੰ ਲੈ ਕੇ ਹੋਈ ਤਕਰਾਰ ਵਿਚ ਕੁਝ ਵਿਅਕਤੀਆਂ ਦੇ ਜ਼ਖ਼ਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਇਸ ਸਬੰਧੀ ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਕੁਲਵਿੰਦਰ ਕੌਰ ਪੱਤਨੀ ਵਰਦੇਵ ਸਿੰਘ ਵਾਸੀ ਖਿਚੀਆਂ ਨੇ ਦੱਸਿਆ ਕਿ ਉਹ ਆਪਣੇ ਪਤੀ ਅਤੇ ਲੜਕਾ ਜਸਨਪ੍ਰੀਤ ਸਿੰਘ ਸਮੇਤ ਆਪਣੇ ਘਰ ਮੌਜੂਦ ਸੀ ਕਿ ਰਜਿੰਦਰ ਸਿੰਘ, ਕੁਲਦੀਪ ਸਿੰਘ ਪੁੱਤਰਾਂਨ ਲਖਬੀਰ ਸਿੰਘ, ਗੁਰਵਿੰਦਰ ਸਿੰਘ ਪੁੱਤਰ ਰਣਜੀਤ ਸਿੰਘ, ਗੁਰਨੂਰ ਸਿੰਘ ਪੁੱਤਰ ਰਣਜੀਤ ਸਿੰਘ ਵਾਸੀ ਖਿੱਚੀਆਂ, ਨਵਦੀਪ ਸਿੰਘ ਪੱਤਰ ਮਾਸ਼ਾ ਸਿੰਘ ਵਾਸੀ ਲਖਣਪਾਲ ਨੇ ਘਰ ਵਿਚ ਦਾਖਲ ਹੋ ਕੇ ਉਸ ਦੇ ਲੜਕੇ ਜਸ਼ਨਪ੍ਰੀਤ ਸਿੰਘ ਨੂੰ ਦਸਤੀ ਹਥਿਆਰ ਨਾਲ ਸੱਟਾਂ ਮਾਰ ਕੇ ਜਖਮੀ ਕਰ ਦਿੱਤਾ।

ਥਾਣਾ ਪੁਰਾਣਾ ਸ਼ਾਲਾ ਪੁਲਿਸ ਨੇ ਪੀੜਤਾ ਦੇ ਬਿਆਨਾਂ 'ਤੇ ਕਾਰਵਾਈ ਕਰਦਿਆਂ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

ਸ਼ੇਖਪੁਰ ਸਕੂਲ ਦੀਆਂ ਵਿਦਿਆਰਥਣਾਂ ਨੇ ਭਰੀ ਪਹਿਲੀ ਹਵਾਈ ਉਡਾਨ

ਜੈਂਤੀਪੁਰ (ਸੁਖਬੀਰ ਸਿੱਧੂ)-ਸਿੱਖਿਆ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਉਨ੍ਹਾਂ ਨੂੰ ਦੇਸ਼ ਦੇ ਇਤਿਹਾਸ, ਸੱਭਿਆਚਾਰ ਅਤੇ ਵਿਰਾਸਤ ਨਾਲ ਜੋੜਨ ਦੇ ਉਦੇਸ਼ ਨਾਲ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਲਈ ਕਰਵਾਏ ਗਏ ਅੰਤਰਰਾਜੀ ਵਿਦਿਅਕ ਟੂਰਾਂ ਤਹਿਤ ਪੀ.ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸ਼ੇਖਪੁਰ, ਜ਼ਿਲ੍ਹਾ ਗੁਰਦਾਸਪੁਰ ਦੇ ਵਿਦਿਆਰਥੀਆਂ ਨੇ ਵੀ ਇਸ ਵਿੱਚ ਉਤਸ਼ਾਹ ਨਾਲ ਭਾਗ ਲਿਆ। ਇਸ ਟੂਰ ਦੀ ਸਭ ਤੋਂ ਖ਼ਾਸ ਗੱਲ ਇਹ ਰਹੀ ਕਿ ਵਿਦਿਆਰਥੀਆਂ ਨੇ ਆਪਣੀ ਜ਼ਿੰਦਗੀ ਵਿੱਚ ਪਹਿਲੀ ਵਾਰ ਹਵਾਈ ਜਹਾਜ਼ ਰਾਹੀਂ ਸਫ਼ਰ ਕੀਤਾ ਅਤੇ ਇਸ ਦੇ ਨਾਲ ਹੀ ਵੰਦੇ ਭਾਰਤ ਰੇਲ ਗੱਡੀ ਦੇ ਸਫ਼ਰ ਦਾ ਵੀ ਅਨੋਖਾ ਅਨੁਭਵ ਪ੍ਰਾਪਤ ਕੀਤਾ। ਇਹ ਪੂਰਾ ਟੂਰ ਸਕੂਲ ਦੇ ਪ੍ਰਿੰਸੀਪਲ ਸ੍ਰੀ ਮਨਜੀਤ ਸਿੰਘ ਸੰਧੂ ਦੀ ਅਗਵਾਈ ਅਤੇ ਸੁਚੱਜੀ ਯੋਜਨਾਬੰਦੀ ਹੇਠ ਸੰਪੰਨ ਹੋਇਆ। ਟੂਰ ਵਿੱਚ ਵਿਦਿਆਰਥਣਾਂ ਦੀ ਸ਼ਮੂਲੀਅਤ ਨੂੰ ਲੈ ਕੇ ਮਾਪਿਆਂ ਅਤੇ ਸਕੂਲ ਪ੍ਰਬੰਧਨ ਦੀ ਆਪਸੀ ਸਹਿਮਤੀ ਨਾਲ ਚਾਰ ਅਧਿਆਪਕਾਂ ਦੀ ਇੱਕ ਟੀਮ ਬਣਾਈ ਗਈ। ਜਿਸ ਵਿੱਚ ਸ੍ਰੀ ਸਤਨਾਮ ਸਿੰਘ ਡੀ.ਪੀ.ਈ., ਸ੍ਰੀ ਕੋਮਲਪ੍ਰੀਤ ਸਿੰਘ ਅੰਗਰੇਜ਼ੀ ਮਾਸਟਰ, ਸ਼੍ਰੀਮਤੀ ਮਲਵਿੰਦਰ ਕੌਰ ਪੰਜਾਬੀ ਮਿਸਟ੍ਰੈਸ ਅਤੇ ਮਿਸ ਅੰਜਲੀ ਮੈਥ ਮਿਸਟ੍ਰੈਸ ਸ਼ਾਮਲ ਸਨ। ਇਨ੍ਹਾਂ ਅਧਿਆਪਕਾਂ ਨੇ ਪ੍ਰਿੰਸੀਪਲ ਸ੍ਰੀ ਮਨਜੀਤ ਸਿੰਘ ਸੰਧੂ ਦੇ ਨਾਲ ਰਹਿ ਕੇ ਵਿਦਿਆਰਥੀਆਂ ਦੀ ਸੁਰੱਖਿਆ, ਸਹੂਲਤ ਅਤੇ ਮਾਰਗਦਰਸ਼ਨ ਦੀ ਜ਼ਿੰਮੇਵਾਰੀ ਬਾਖੂਬੀ ਨਿਭਾਈ। ਇਸ



ਵਿਦਿਅਕ ਟੂਰ ਦੀ ਸ਼ੁਰੂਆਤ ਪਹਿਲੇ ਦਿਨ ਅੰਮ੍ਰਿਤਸਰ ਤੋਂ ਹੋਈ, ਜਿੱਥੇ ਵਿਦਿਆਰਥੀਆਂ ਨੇ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਕੀਤੇ ਅਤੇ ਜਲ੍ਹਿਆਂਵਾਲਾ ਬਾਗ ਵਿਜਟ ਕੀਤਾ ਅਤੇ ਅਗਲੇ ਦਿਨ ਸਵੇਰੇ ਅੰਮ੍ਰਿਤਸਰ ਤੋਂ ਦਿੱਲੀ ਤੱਕ ਇੰਡੀਗੋ ਹਵਾਈ ਜਹਾਜ਼ ਰਾਹੀਂ ਸਫ਼ਰ ਕੀਤਾ ਗਿਆ। ਵਿਦਿਆਰਥੀਆਂ ਲਈ ਇਹ ਬੇਹੱਦ ਖ਼ੁਸ਼ੀ ਅਤੇ ਰੋਮਾਂਚ ਦਾ ਪਲ ਸੀ, ਕਿਉਂਕਿ ਉਨ੍ਹਾਂ ਵਿੱਚੋਂ ਉਹਨਾ ਦੀ ਜਿੰਦਗੀ ਦਾ ਇਹ ਪਹਿਲਾ ਹਵਾਈ ਸਫ਼ਰ ਸੀ। ਦਿੱਲੀ ਪਹੁੰਚਣ ਉਪਰੰਤ ਵਿਦਿਆਰਥੀਆਂ ਨੂੰ ਦੇਸ਼ ਦੀ ਰਾਜਧਾਨੀ ਦੇ ਪ੍ਰਮੁੱਖ ਇਤਿਹਾਸਕ ਅਤੇ ਸੱਭਿਆਚਾਰਕ ਸਥਾਨਾਂ ਦੇ ਦਰਸ਼ਨ ਕਰਵਾਏ ਗਏ, ਜਿਨ੍ਹਾਂ ਵਿੱਚ ਲਾਲ ਕਿਲ੍ਹਾ, ਕੁਤਬ ਮੀਨਾਰ ਅਤੇ ਇੰਡੀਆ ਗੇਟ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ। ਇਸ ਤੋਂ ਬਾਅਦ ਇੱਕ ਡੀਲਕਸ ਕੋਚ ਬੱਸ ਰਾਹੀਂ ਵਿਦਿਆਰਥੀਆਂ ਨੂੰ ਜੈਪੁਰ ਲਿਜਾਇਆ ਗਿਆ। ਜੈਪੁਰ ਵਿਖੇ ਵਿਦਿਆਰਥੀਆਂ ਨੇ ਪ੍ਰਸਿੱਧ ਹਵਾ ਮਹਿਲ, ਜਲ ਮਹਿਲ , ਅੰਬਰ ਕਿਲਾ ਅਤੇ ਹੋਰ ਇਤਿਹਾਸਕ ਤੇ ਸੈਰ-ਸਪਾਟੇ ਵਾਲੀਆਂ ਥਾਵਾਂ ਦਾ ਦੌਰਾ ਕੀਤਾ। ਜੈਪੁਰ ਵਿੱਚ ਤਿੰਨ ਰਾਤਾਂ ਬਿਤਾਉਣ ਉਪਰੰਤ ਟੂਰ ਅੱਗੇ ਵਧਿਆ ਅਤੇ ਵਿਦਿਆਰਥੀਆਂ ਨੂੰ ਫਤਿਹਪੁਰ ਸੀਕਰੀ ਲਿਜਾਇਆ ਗਿਆ। ਇੱਥੇ ਉਨ੍ਹਾਂ ਨੇ ਇਤਿਹਾਸਕ ਬੁਲੰਦ ਦਰਵਾਜ਼ਾ, ਜਾਮਾ ਮਸਜਿਦ ਅਤੇ ਸੂਫ਼ੀ ਸੰਤ ਸ਼ੇਖ ਸਲੀਮ ਚਿਸ਼ਤੀ ਦੀ ਦਰਗਾਹ ਦੇ ਦਰਸ਼ਨ ਕੀਤੇ। ਇਸ ਤੋਂ ਬਾਅਦ ਆਗਰਾ ਵਿਖੇ ਰਾਤ ਦਾ ਠਹਿਰਾਅ ਕੀਤਾ ਗਿਆ ਅਤੇ ਵਿਸ਼ਵ ਪ੍ਰਸਿੱਧ ਇਤਿਹਾਸਕ ਸਮਾਰਕ ਤਾਜ ਮਹਿਲ ਦੇ ਦਰਸ਼ਨ ਕਰਵਾਏ ਗਏ। ਵਾਪਸੀ ਦੌਰਾਨ ਵਿਦਿਆਰਥੀਆਂ ਨੇ ਨੋਇਡਾ ਦਾ ਦੌਰਾ ਕੀਤਾ ਅਤੇ ਦਿੱਲੀ ਪਹੁੰਚ ਕੇ ਇਤਿਹਾਸਕ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਮੱਥਾ ਟੇਕਿਆ। ਇਸ ਉਪਰੰਤ ਪੂਰਾਣੀ ਦਿੱਲੀ ਰੇਲਵੇ ਸਟੇਸ਼ਨ ਤੋਂ ਵੰਦੇ ਭਾਰਤ ਐਕਸਪ੍ਰੈਸ ਰਾਹੀਂ ਅੰਮ੍ਰਿਤਸਰ ਵਾਪਸੀ ਕੀਤੀ ਗਈ।

ਸਾਬਕਾ ਡੀ ਜੀ ਪੀ ਦਿਲਬਾਗ ਸਿੰਘ ਕੋਟ ਦੇ ਚਾਚੇ ਦੇ ਲੜਕੇ ਦਾ ਦੇਹਾਂਤ



ਝਬਾਲ (ਹਰਜਿੰਦਰ ਸਿੰਘ ਸੋਨੀ)- ਸਾਬਕਾ ਡੀ ਜੀ ਪੀ ਦਿਲਬਾਗ ਸਿੰਘ ਕੋਟ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਚਾਚੇ ਦੇ ਲੜਕੇ ਗੁਰਜਿੰਦਰ ਸਿੰਘ ਦਾ ਹਾਰਟ ਅਟੈਕ ਨਾਲ ਦਿਹਾਂਤ ਹੋ ਗਿਆ।ਉਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਕੋਟ ਧਰਮ ਚੰਦ ਖੁਰਦ ਵਿਖੇ ਕਰ ਦਿੱਤਾ ਗਿਆ।ਪੀੜਤ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ,ਕਾਂਗਰਸ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ,ਕਾਂਗਰਸ ਪਾਰਟੀ ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ,ਅਕਾਲੀ ਦਲ ਹਲਕਾ ਇੰਚਾਰਜ ਕੰਚਨਪ੍ਰੀਤ ਕੌਰ,ਤਰਨ ਤਾਰਨ ਦੇ ਐਸ ਐਸ ਪੀ ਸੁਰਿੰਦਰ ਲਾਂਬਾ,ਅੰਮ੍ਰਿਤਸਰ ਪੁਲਿਸ ਕਮਿਸ਼ਨਰ ਹਰਮਨਬੀਰ ਸਿੰਘ ਗਿੱਲ,ਡੀ ਆਈ ਜੀ ਗੁਰਪ੍ਰੀਤ ਸਿੰਘ,ਡੀ ਐਸ ਪੀ ਤਰਨਤਾਰਨ ਸੁਖਬੀਰ ਸਿੰਘ,ਡੀ ਐਸ ਪੀ ਸਿਵਦਰਸ਼ਨ ਸਿੰਘ,ਡੀ ਐਸ ਪੀ ਡੀ ਹਰਵਿੰਦਰ ਸਿੰਘ ਆਦਿ ਨੇ ਪਰਿਵਾਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਹੈ।

ਜਿੰਮ ਕੋਚ ਜਸਕੀਰਤ ਸਿੰਘ ਨੇ ਕੁੰਵਰ ਵਿਜੇ ਪ੍ਰਤਾਪ ਤੋਂ ਲਿਆ ਆਸ਼ੀਰਵਾਦ



ਛੇਹਰਟਾ (ਮਨੋਜ ਕੁਮਾਰ) : ਜਿੰਮ ਕੋਚ ਜਸਕੀਰਤ ਸਿੰਘ ਮੰਗਲਵਾਰ ਨੂੰ ਭਾਜਪਾ ਆਗੂ ਵਿਜੇ ਪ੍ਰਤਾਪ ਸਿੰਘ ਨੂੰ ਉਨ੍ਹਾਂ ਦੇ ਦਫ਼ਤਰ ਵਿਚ ਮਿਲੇ। ਇਸ ਮੌਕੇ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਉਨ੍ਹਾਂ ਨੂੰ ਆਸ਼ੀਰਵਾਦ ਦਿੱਤਾ ਤੇ ਸਨਮਾਨਿਤ ਵੀ ਕੀਤਾ। ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਜਸਕੀਰਤ ਦੀ ਪੂਰੀ ਟੀਮ ਨੂੰ ਅੰਮ੍ਰਿਤਸਰ ਤੋਂ ਢਿੱਲਵਾਂ ਟੋਲ ਪਲਾਜ਼ਾ ਤਕ ਦੌੜ ਲਗਾਉਣ 'ਤੇ ਵਧਾਈ ਦਿੱਤੀ। ਜਸਕੀਰਤ ਸਿੰਘ ਨੇ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਭਰੋਸਾ ਦਿਵਾਇਆ ਕਿ ਉਹ 2027 ਵਿਚ ਹੋਣ ਵਾਲੀਆਂ ਚੋਣਾਂ ਵਿਚ ਉਨ੍ਹਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਸਮਾਜ ਸੇਵਕ ਅਨੁਜ ਖੋਮਕਾ, ਲਵ ਭਾਟੀ, ਗੁਰਪ੍ਰੀਤ ਸਿੰਘ, ਗੌਬਿਨ ਬਾਵਾ, ਜੋਬਨਪ੍ਰੀਤ ਸਿੰਘ, ਹਰਕੀਰਤ ਸਿੰਘ ਵੀ ਮੌਜੂਦ ਸਨ।

ਸ੍ਰੀ ਹਰਿ ਨਾਮ ਕੀਰਤਨ ਅੱਜ



ਛੇਹਰਟਾ (ਮਨੋਜ ਕੁਮਾਰ) : ਸ੍ਰੀ ਰਾਧਾ ਮਾਧਵ ਕੀਰਤਨ ਮੰਡਲ, ਅੰਮ੍ਰਿਤਸਰ ਵੱਲੋਂ 18 ਨਵੰਬਰ ਨੂੰ ਸ਼ਾਮ 7.00 ਵਜੇ ਤੋਂ 9:30 ਵਜੇ ਤਕ ਸ੍ਰੀ ਹਰਿ ਨਾਮ ਕੀਰਤਨ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਜਤਿਨ ਮਹਿਰਾ, ਆਦਿੱਤਿਆ ਤੇ ਰਾਜਨ ਬਾਲੀ ਭਜਨਾਂ ਦਾ ਗੁਣਗਾਨ ਕਰਨਗੇ। ਸਮਾਜ ਸੇਵਕ ਵਿਜੇ ਸਿੰਘਾਨੀਆ ਤੇ ਅਨੁਜ ਖੋਮਕਾ ਨੇ ਭਾਜਪਾ ਨੇਤਾ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਇਸ ਪ੍ਰੋਗਰਾਮ ਲਈ ਸੱਦਾ ਪੱਤਰ ਦਿੱਤਾ।

ਕਲੇਰ ਮਾਂਗਟ ਵਿਖੇ ਸੰਤ ਬਾਬਾ ਸੋਹਣ ਸਿੰਘ ਦੀ ਬਰਸੀ ਮਨਾਈ



ਮਜੀਠਾ (ਸੋਇਮ ਅਨੰਦ)- ਗੁਰਦੁਆਰਾ ਚੜ੍ਹੀ ਪੱਤੀ ਕਲੇਰ ਮਾਂਗਟ ਵਿਖੇ ਸੰਤ ਬਾਬਾ ਸੋਹਣ ਸਿੰਘ ਦੀ ਸਲਾਨਾ ਬਰਸੀ ਪਿੰਡ ਵਾਸੀਆਂ ਅਤੇ ਸਮੂਹ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਰਸੀ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਬਰਸੀ ਦੇ ਸਬੰਧ ਵਿੱਚ ਗੁਰਦੁਆਰਾ ਸਾਹਿਬ ਵਿਖੇ ਰਖਾਏ ਗਏ ਅੱਠ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਤੇ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਉਪਰੰਤ ਕੀਰਤਨ ਅਤੇ ਕਥਾ ਰਾਹੀਂ ਸੰਤ ਬਾਬਾ ਸੋਹਣ ਸਿੰਘ ਦੇ ਜੀਵਨ, ਉਨ੍ਹਾਂ ਦੀ ਸੇਵਾ ਭਾਵਨਾ ਅਤੇ ਸਿੱਖੀ ਪ੍ਰਤੀ ਸਮਰਪਣ ਬਾਰੇ ਚਾਨਣਾ ਪਾਇਆ ਗਿਆ। ਇਸ ਸਮਾਗਮ ਵਿੱਚ ਭਾਈ ਬਲਜਿੰਦਰ ਸਿੰਘ ਕਲੇਰ ਮਾਂਗਟ ਕੀਰਤਨੀਆ, ਭਾਈ ਸਰਵਣ ਸਿੰਘ ਸ਼ਾਮਨਗਰ ਕਵੀ ਸ਼ਰੀ ਜੱਥਾ, ਭਾਈ ਲਖਵਿੰਦਰ ਸਿੰਘ ਕੋਮਲ ਦਾਦੂਪੁਰਾ, ਭਾਈ ਜਗੀਰ ਸਿੰਘ ਕਦੋਵਾਲੀ, ਭਾਈ ਅੰਗਰੇਜ ਸਿੰਘ ਘਣੀਏ ਬਾਂਗਰ, ਭਾਈ ਹਰਪਾਲ ਸਿੰਘ ਕਲਾਨੌਰ, ਭਾਈ ਬਲਕਾਰ ਸਿੰਘ ਬਟਾਲਾ, ਬੀਬੀ ਬਲਬੀਰ ਕੌਰ ਮੱਚਰਾਵਾਂ, ਭਾਈ ਏਕਮਜੀਤ ਸਿੰਘ ਅੰਮ੍ਰਿਤਸਰ, ਨਿਰਮਲ ਸਿੰਘ ਤਾਰਗੜ, ਭਾਈ ਸੁਖਵਿੰਦਰ ਸਿੰਘ ਧਰਤੀ, ਭਾਈ ਅਮਰਜੀਤ ਸਿੰਘ ਭੱਟੀ, ਭਾਈ ਮੁਖਤਾਰ ਸਿੰਘ ਗੁਮਾਨਪੁਰਾ, ਮੰਗਲ ਸਿੰਘ ਢਡਿਆਲਾ, ਭਾਈ ਦਲੇਰ ਸਿੰਘ ਖਤਰਾਵਾਂ, ਅਮਰਜੀਤ ਸਿੰਘ ਰਿਖੀਆਂ, ਜੰਗ ਬਹਾਦਰ ਸਿੰਘ, ਰਤਨ ਸਿੰਘ ਰਿਖੀਆਂ, ਬੀਬੀ ਰਣਜੀਤ ਕੌਰ, ਬਚਨ ਸਿੰਘ ਮਜੀਠਾ ਸਮੇਤ ਬਹੁਤ ਸਾਰੇ ਪੰਥ ਪ੍ਰਸਿੱਧ ਅਤੇ ਧਾਰਮਿਕ ਗਾਇਕਾਂ ਵੱਲੋਂ ਗੁਰੂ ਜਸ ਗਾਇਨ ਕਰਕੇ ਸੰਗਤਾਂ ਨੂੰ ਮੰਤਰ ਮੁਗਦ ਕੀਤਾ ਗਿਆ। ਇਸ ਮੌਕੇ ਗੁਰਦੁ

26 ਨੂੰ ਅਕਾਸ਼ ਅਨੰਦ ਰੈਲੀ ਨੂੰ ਸੰਬੋਧਨ ਕਰਨਗੇ : ਡਾ. ਕਰੀਮਪੁਰੀ

ਗੁਜ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਬਹੁਜਨ ਸਮਾਜ ਪਾਰਟੀ ਹਲਕਾ ਚੱਬੇਵਾਲ ਦੀ ਇੱਕ ਅਹਿਮ ਮੀਟਿੰਗ ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਬਸਪਾ ਹਲਕਾ ਚੱਬੇਵਾਲ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਕੇਂਦਰੀ ਇੰਚਾਰਜ ਪੰਜਾਬ ਸ਼ੀ ਵਿਪੁਲ ਕੁਮਾਰ ਅਤੇ ਬਸਪਾ ਪੰਜਾਬ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸ਼ਾਮਲ ਹੋਏ।ਇਸ ਮੌਕੇ ਵਿਪਲ ਕੁਮਾਰ ਅਤੇ ਡਾ. ਕਰੀਮਪੁਰੀ ਨੇ ਹਲਕਾ ਚੱਬੇਵਾਲ ਦੀ ਲੀਡਰਸ਼ਿਪ ਨੂੰ ਫਿਲੌਰ ਵਿਖੇ 26 ਨਵੰਬਰ ਨੂੰ ਹੋਣ ਵਾਲੀ ਪੰਜਾਬ ਸੰਭਾਲੋ ਮੁਹਿੰਮ ਦੇ ਤਹਿਤ ਰੈਲੀ ਦੇ ਸੰਬੰਧ ਵਿੱਚ ਡਿਊਟੀਆਂ ਲਗਾਈਆਂ। ਡਾ. ਕਰੀਮਪੁਰੀ ਨੇ ਦੱਸਿਆ ਕਿ 26 ਨਵੰਬਰ ਨੂੰ ਫਿਲੌਰ ਵਿਖੇ ਵਿਸ਼ਾਲ ਬਸਪਾ ਰੈਲੀ ਨੂੰ ਨੈਸ਼ਨਲ ਕੋਆਰਡੀਨੇਟਰ ਆਕਾਸ਼ ਅਨੰਦ ਸੰਬੋਧਨ ਕਰਨਗੇ।ਉਨ੍ਹਾਂ ਨੇ ਰੈਲੀ ਵਿੱਚ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ। ਇਸ ਦੌਰਾਨ ਹਲਕੇ ਚੱਬੇਵਾਲ ਦੀ ਲੀਡਰਸ਼ਿਪ ਨੇ ਵਿਸ਼ਵਾਸ ਦਿਵਾਇਆ ਕਿ ਹਲਕਾ ਚੱਬੇਵਾਲ ਤੋਂ ਵੱਡੇ ਕਾਫਲੇ ਵੱਡੀਆ ਬੱਸਾਂ ਵਿਚ ਭਾਰੀ ਗਿਣਤੀ ਵਿੱਚ ਲੋਕ ਰੈਲੀ ਵਿੱਚ ਪੁਹੰਚਣਗੇ ਇਸ ਮੌਕੇ ਰਾਕੇਸ਼ ਕਿਟੀ ਜਿਲਾ ਸਕੱਤਰ, ਸਤਪਾਲ ਬਡਲਾ ਜਨ. ਸਕੱਤਰ, ਸੁਦੇਸ਼ ਭੱਟੀ ਹਲਕਾ ਉਪ ਪ੍ਰਧਾਨ, ਰਾਜੇਸ਼ ਭੁੰਨੋ ਹਲਕਾ ਖਜਾਨਚੀ, ਬਲਵੰਤ ਸਹਿਗਲ ਸਕੱਤਰ, ਕੁਲਦੀਪ ਸਿੰਘ ਬੀ ਵੀ ਐਫ, ਡਾ ਹਰਨੇਕ ਸਿੰਘ ਹਲਕਾ ਸਕੱਤਰ, ਸੂਬੇ ਹਰਭਜਨ ਸਿੰਘ, ਬਾਬੂ



ਰੌਸ਼ਨ ਲਾਲ, ਚਾਨਣ ਕੋਠੀ, ਅਮਨਦੀਪ ਸਿੰਘ ਸਿੱਧੂ, ਹਰਦੀਪ ਸਿੰਘ, ਪਰਦੀਪ ਕੁਮਾਰ, ਚਰਨਜੀਤ ਸਿੰਘ ਬਾਹੋਵਾਲ, ਪ੍ਰੋ. ਰਵਿੰਦਰ ਕੁਮਾਰ, ਬਾਬੂ ਚਾਨਣ ਰਾਮ, ਤਰਲੋਚਨ ਸ਼ਰੀਫ਼, ਹਰਜੀਤ ਸਿੰਘ ਮਾਨਾ, ਸਮੀਰ ਮਾਨਾ ਅਤੇ ਵੱਡੀ ਗਿਣਤੀ ਵਿੱਚ ਸੈਕਟਰ ਪ੍ਰਧਾਨ ਅਤੇ ਵਰਕਰ ਸਾਥੀ ਹਾਜਰ ਸਨ।

ਸਾਹਿਤ ਆਸ਼ਰਮ ਟਾਂਡਾ ਵੱਲੋਂ ਸਨਮਾਨ ਸਮਾਰੋਹ ਤੇ ਕਵੀ ਦਰਬਾਰ

ਟਾਂਡਾ ਉੜਮੁੜ, ਅੱਡਾ ਸਰਾਂ (ਜਸਵਿੰਦਰ ਸੰਧੂ, ਜਸਵੀਰ ਸਿੰਘ)- ਸਹਿਤ ਆਸ਼ਰਮ ਟਾਂਡਾ ਵੱਲੋਂ ਜੀ ਕੇ ਐੱਸ ਐੱਮ ਸਰਕਾਰੀ ਕਾਲਜ ਟਾਂਡਾ ਵਿਖੇ ਪੁਸਤਕ ਵਿਚਾਰ ਚਰਚਾ, ਸਨਮਾਨ ਸਮਾਰੋਹ ਅਤੇ ਕਵੀ ਦਰਬਾਰ ਕਰਵਾਇਆ ਗਿਆ। ਸਮਾਗਮ ਦੀ ਆਰੰਭਤਾ ਸਭਾ ਦੇ ਸਰਪ੍ਰਸਤ ਡਾ. ਨਿਰੰਜਨ ਵਲੋਂ ਆਏ ਸਵਾਗਤੀ ਸ਼ਬਦਾਂ ਨਾਲ ਹੋਈ। ਡਾ. ਬਲਦੇਵ ਬਦੱਨ ਦਾ ਗ਼ਜ਼ਲ ਸੰਗ੍ਰਹਿ 'ਸੁਫ਼ਨਿਆਂ ਦੇ ਫ਼ੱਕਰ ਲੋਕ ਅਰਪਣ ਕਰਨ ਉਪਰੰਤ ਇਸ ਉੱਤੇ ਪਰਚਾ ਪੜ੍ਹਦਿਆਂ ਡਾ. ਲੇਖ ਰਾਜ ਨੇ ਵਿਭਿੰਨ ਸਰੋਕਾਰਾਂ ਨੂੰ ਗ਼ਜ਼ਲਾਂ ਦੇ ਹਵਾਲੇ ਨਾਲ ਵਿਸਥਾਰ ਪੂਰਵਕ ਵਿਸਲੇਸ਼ਣ ਕਰਦਿਆਂ ਪੰਜਾਬੀ ਗ਼ਜ਼ਲ ਦੇ ਖੇਤਰ ਵਿੱਚ ਅਮੀਰ ਵਾਧਾ ਕਰਨ ਵਾਲਾ ਗ਼ਜ਼ਲ ਸੰਗਹਿ ਆਖਿਆ। ਸਮਾਗਮ ਦੇ ਮੁੱਖ ਮਹਿਮਾਨ ਡਾ. ਇੰਦਰਜੀਤ ਸਿੰਘ ਵਾਸੂ ਨੇ ਆਪਣੇ ਵਿਚਾਰਾਂ ਵਿੱਚ ਆਖਿਆ ਕਿ ਇਹ ਗ਼ਜ਼ਲਾਂ ਫੱਕਰਾਂ ਦੇ ਸੁਭਾਅ ਦੀ ਤਰਜਮਾਨੀ ਕਰਦੀਆਂ ਹਨ। ਇਸ ਵਿਚਾਰ ਚਰਚਾ ਦੀ ਲੜੀ ਵਿੱਚ ਤਰਸੇਮ ਸਿੰਘ ਭੰਗੂ, ਨਵਤੇਜ ਗੜ੍ਹਦੀਵਾਲਾ,ਅਤੇ ਮੱਖਣ ਕੁਹਾੜ ਨੇ ਪੁਸਤਕ ਵਿੱਚੋਂ ਗ਼ਜ਼ਲਾਂ ਦੇ ਹਵਾਲੇ ਨਾਲ ਬਲਦੇਵ ਬੱਦਨ ਦੀ ਗ਼ਜ਼ਲ ਵਿੱਚ ਤਕਨੀਕੀ ਅਤੇ ਵਿਸ਼ੇ ਪੱਖ ਤੋਂ ਆਏ ਹੋਏ ਬਦਲਾਅ ਅਤੇ ਨਿਖਾਰ ਦੀ ਗੱਲ ਕੀਤੀ।ਪਹਿਲੇ ਸੈਸ਼ਨ ਦੀ ਪ੍ਰਧਾਨਗੀ ਮੰਡਲ ਵਿੱਚ ਡਾ. ਇੰਦਰਜੀਤ ਸਿੰਘ ਵਾਸੂ (ਮੁੱਖ ਮਹਿਮਾਨ), ਮੱਖਣ ਕੁਹਾੜ, ਨਵਤੇਜ ਗੜ੍ਹਦੀਵਾਲਾ, ਗੁਰਵਿੰਦਰ ਸਿੰਘ ਮਾਣਕ, ਡਾ. ਨਿਰੰਜਨ ਸ਼ਾਮਿਲ ਹੋਏ ।ਸਮਾਗਮ ਦੇ ਦੂਜੇ ਸ਼ੈਸ਼ਨ ਵਿੱਚ ਸਾਹਿਤ ਆਸ਼ਰਮ ਟਾਂਡਾ ਵੱਲੋਂ ਕਹਾਣੀ ਦੇ ਖੇਤਰ ਵਿੱਚ ਵਿਲੱਖਣ ਪੈੜਾਂ ਪਾਉਣ ਵਾਲੇ ਕਹਾਣੀਕਾਰ ਮੁਖਤਾਰ ਗਿੱਲ ਨੂੰ ਕਹਾਣੀ ਸਿਰਜਣਾ ਪੁਰਸਕਾਰ 2025 ਅਤੇ ਦੂਸਰਾ ਸਨਮਾਨ ਪੰਜਾਬੀ ਦੇ ਸਥਾਪਤ ਗ਼ਜ਼ਲਗੋ ਅਮਰੀਕ ਡੋਗਰਾ ਨੂੰ ਕਾਵਿ ਸਿਰਜਣਾ ਪੁਰਸਕਾਰ 2026 ਦੇ ਲਈ ਦੋਵਾਂ ਸਾਹਿਤਕਾਰਾਂ ਨੂੰ



ਸਨਮਾਨ ਚਿੰਨ, ਲੋਈ, ਅਤੇ ਗਿਆਰਾਂ- ਗਿਆਰਾਂ ਹਾਜ਼ਾਰ ਰੁਪਏ ਦੀ ਨਗਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ। ਮੰਚ ਤੋਂ ਮੁਖਤਾਰ ਗਿੱਲ ਅਤੇ ਅਮਰੀਕ ਡੋਗਰਾ ਨੇ ਰੂਬਰੂ ਹੁੰਦਿਆਂ ਜਿੱਥੇ ਸਭਾ ਵੱਲੋਂ ਸਨਮਾਨਿਤ ਕਰਨ ਲਈ ਧੰਨਵਾਦ ਕੀਤਾ ਉੱਥੇ ਆਪਣੀਆਂ ਲਿਖਤਾਂ ਬਾਰੇ ਆਪਣੇ ਵਿਚਾਰ ਵੀ ਸਾਂਝੇ ਕੀਤੇ। ਦੂਜੇ ਸੈਸ਼ਨ ਦੀ ਪ੍ਰਧਾਨਗੀ ਡਾ. ਇੰਦਰਜੀਤ ਸਿੰਘ ਵਾਸੂ , ਡਾ. ਕਰਨੈਲ ਸ਼ੇਰਗਿੱਲ, ਰੂਪ ਲਾਲ ਰੂਪ, ਅਮਰਜੀਤ ਸਿੰਘ ਦਸੂਹਾ, ਗੁਰਮੀਤ ਬਾਜਵਾ, ਸ਼ਮਸ਼ੇਰ ਮੋਹੀ, ਜਤਿੰਦਰ ਔਲਖ ਨੇ ਕੀਤੀ । ਇਸੇ ਸ਼ੈਸ਼ਨ ਵਿੱਚ ਹਾਜ਼ਿਰ ਕਵੀਆਂ ਦਾ ਕਵੀ ਦਰਬਾਰ ਵੀ ਕਰਵਾਇਆ ਗਿਆ, ਜਿਸ ਵਿੱਚ ਮੱਖਣ ਕੋਹਾੜ, ਨਵਤੇਜ ਗੜ੍ਹਦੀਵਾਲਾ, ਰੂਪ ਲਾਲ ਰੂਪ, ਅਮਰਜੀਤ ਸਿੰਘ ਦਸੂਹਾ, ਡਾ. ਬਲਦੇਵ ਬੱਦਨ, ਇੰਦਰਜੀਤ ਕਾਜਲ, ਬਿਮਲਾ ਦੁੱਗਲ, ਅਜਮੇਰ ਕੰਧਾਲਾ, ਸ਼ਮਸ਼ੇਰ ਮੋਹੀ, ਸੁਮਨਦੀਪ ਘੋੜੇਬਾਹੀ, ਭੁਪਿੰਦਰ ਸਿੰਘ ਰਾਜਾ, ਗੁਰਪ੍ਰੀਤ ਹੈਪੀ ਸਹੋਤਾ, ਜੈਲੀ ਗੇਰਾ, ਅਵਤਾਰ ਜਗੂਰਵੀ, ਮਨਦੀਪ ਜਗੂਰਵੀ, ਜਨਕਪ੍ਰੀਤ ਬੇਗੋਵਾਲ, ਡਾ. ਸਰਬਜੋਤ ਸਿੰਘ, ਹਰਜੀਤ ਸਿੰਘ ਸੰਧੂ, ਜਗਤਾਰ ਗਿੱਲ, ਆਸ਼ਾ ਅਰਮਾਨ ਅਤੇ ਹੋਰ ਕਵੀਆਂ ਨੇ ਆਪਣੀਆਂ ਰਚਨਾਵਾਂ ਨਾਲ ਹਾਜ਼ਰੀ ਲਗਵਾਈ। ਇਸ ਮੌਕੇ ਬਲਵਿੰਦਰ ਸੰਧਾ, ਡਾ. ਬਿਕਰਮਜੀਤ, ਸਰਬਜੀਤ ਸਿੰਘ ਸੰਧੂ, ਡਾ. ਬਲਵਿੰਦਰ ਸਿੰਘ, ਬੂਟਾ ਰਾਮ ਆਜ਼ਾਦ, ਹਰਵਿੰਦਰ ਉਹੜਪੁਰੀ, ਡਾ. ਸੁਖਵਿੰਦਰ, ਦੁਪਿੰਦਰ ਪਯਾਸ ਅਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਹੋਈਆਂ। ਵਿਸ਼ੇਸ਼ ਰੂਪ ਵਿੱਚ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਸ਼ਖ਼ਸੀਅਤਾਂ ਅਤੇ ਕਵੀਜਨਾਂ ਨੂੰ ਸਭਾ ਵੱਲੋਂ ਸਨਮਾਨ ਚਿੰਨ ਦੇ ਕੇ ਮੰਚ ਤੋਂ ਸਨਮਾਨਤ ਕੀਤਾ। ਅੰਤ ਵਿੱਚ ਸਭਾ ਦੇ ਸਰਪ੍ਰਸਤ ਡਾ. ਨਿਰੰਜਨ ਨੇ ਸਮਾਗਮ ਵਿੱਚ ਪਹੁੰਚੇ ਸਮੂਹ ਸਾਹਿਤਕਾਰਾਂ, ਦਰਸ਼ਕਾਂ ਅਤੇ ਸਭਾ ਦੇ ਮੈਂਬਰਾਂ ਦਾ ਧੰਨਵਾਦ ਕੀਤਾ।

ਇਸ ਸਬੰਧ ਵਿੱਚ ਸਭਾ ਦੇ ਪ੍ਰਧਾਨ ਮਲਕੀਤ ਜੌੜਾ ਨੇ ਆਖਿਆ ਕਿ ਇਸ ਤਰ੍ਹਾਂ ਦੇ ਸਮਾਗਮ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਲਈ ਬੇਹੱਦ ਸਾਰਥਿਕ ਉਪਰਾਲੇ ਸਾਬਿਤ ਹੁੰਦੇ ਹਨ। ਇਸ ਤਰਾਂ ਦੇ ਉਪਰਾਲਿਆਂ ਨਾਲ ਅਸੀਂ ਆਪਣੇ ਅਮੀਰ ਵਿਰਸੇ ਨੂੰ ਸੰਭਾਲ ਸਕਦੇ ਹਾਂ। ਸੁਮੱਚੇ ਸਮਾਗਮ ਦਾ ਮੰਚ ਸੰਚਾਲਨ ਪ੍ਰੋ. ਮਲਕੀਤ ਜੌੜਾ ਅਤੇ ਡਾ. ਅਰਮਨਪ੍ਰੀਤ ਸਿੰਘ ਵਲੋਂ ਸਾਂਝੇ ਰੂਪ ਵਿੱਚ ਚਲਾਇਆ ਗਿਆ।

ਵਿਦਿਆਰਥਣ ਪ੍ਰਭਜੋਤ ਧਾਰਮਿਕ ਮੁਕਾਬਲੇ 'ਚ ਜੇਤੂ

ਕਪੂਰਥਲਾ (ਹਨੀ)- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੀ ਗਿਆਰ੍ਹਵੀਂ ਜਮਾਤ ਦੀ ਹੋਣਹਾਰ ਵਿਦਿਆਰਥਣ ਪ੍ਰਭਜੋਤ ਕੌਰ ਨੇ ਸ਼ੁੱਧ ਗੁਰਬਾਣੀ ਉਚਾਰਨ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਡਾਇਰੈਕਟਰ ਇੰਜ. ਹਰਨਿਆਮਤ ਕੌਰ ਨੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਮੁਕਾਬਲਾ ਸ਼ਹੀਦ ਬਾਬਾ ਖੁਸ਼ਹਾਲ ਸਿੰਘ ਖਾਲਸਾ ਮਾਡਲ ਸੀਨੀਅਰ ਸੈਕੰਡਰੀ ਸਕੂਲ, ਲਾਂਬੜਾ, ਜਲੰਧਰ ਵਿਖੇ ਕਰਵਾਇਆ ਗਿਆ।



ਇਸ ਮੁਕਾਬਲੇ ਵਿੱਚ ਪ੍ਰਭਜੋਤ ਕੌਰ ਨੇ ਆਪਣੀ ਸ਼ੁੱਧ ਉਚਾਰਨ ਸ਼ੈਲੀ, ਸਪੱਸ਼ਟਤਾ, ਸ਼ਰਧਾ ਅਤੇ ਗੁਰਬਾਣੀ ਪ੍ਰਤੀ ਸਮਰਪਣ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕੀਤਾ। ਉਸ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਉਸ ਨੂੰ ਟਰਾਫੀ, ਸਰਟੀਫਿਕੇਟ ਅਤੇ 1100 ਰੁਪਏ ਦੀ ਨਕਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ।ਵਿਦਿਆਰਥਣ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਇੰਜ. ਹਰਨਿਆਮਤ ਕੌਰ ਅਤੇ ਪ੍ਰਸ਼ਾਸ਼ਕ ਇੰਜ. ਨਿਮਰਤਾ ਕੌਰ ਨੇ ਵਿਦਿਆਰਥਣ ਅਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥੀਆਂ ਨੂੰ ਆਪਣੀ ਵਿਰਾਸਤ ਅਤੇ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਨੇ ਵਿਦਿਆਰਥਣ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਉਸ ਨੂੰ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਪ੍ਰਭਜੋਤ ਕੌਰ ਦੀ ਇਸ ਪ੍ਰਾਪਤੀ ਨਾਲ ਸਮੁੱਚੇ ਸਕੂਲ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਉਸ ਦੀ ਇਹ ਸਫਲਤਾ ਮਿਹਨਤ, ਲਗਨ ਅਤੇ ਗੁਰਬਾਣੀ ਪ੍ਰਤੀ ਅਥਾਹ ਸ਼ਰਧਾ ਦੀ ਪ੍ਰਤੀਕ ਹੈ।

ਵੋਟਰ ਜਾਗਰੂਕਤਾ ਲਈ ਲੇਖ ਲਿਖਣ ਤੇ ਕੁਇਜ਼ ਮੁਕਾਬਲੇ ਕਰਵਾਏ

ਜਲੰਧਰ (ਸ਼ੈਲੀ ਐਲਬਰਟ)- ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਵਿਖੇ ਸਵੀਪ (ਵਿਵਸਥਿਤ ਵੋਟਰ ਸਿੱਖਿਆ ਅਤੇ ਚੋਣ ਭਾਗੀਦਾਰੀ) ਗਤੀਵਿਧੀਆਂ ਤਹਿਤ



ਵਿਦਿਆਰਥੀਆਂ ਨੂੰ ਚੋਣ ਪ੍ਰਕਿਰਿਆ ਅਤੇ ਵੋਟ ਦੇ ਮਹੱਤਵ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਚੋਣਾਂ ਅਤੇ ਉਨ੍ਹਾਂ ਦੀ ਮਹੱਤਤਾ ਵਿਸ਼ੇ 'ਤੇ ਲੇਖ ਲਿਖਣ ਮੁਕਾਬਲੇ ਅਤੇ ਕੁਇਜ਼ ਮੁਕਾਬਲੇ ਕਰਵਾਏ ਗਏ। ਇਨ੍ਹਾਂ ਗਤੀਵਿਧੀਆਂ ਦਾ ਆਯੋਜਨ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਯੋਗ ਅਗਵਾਈ ਅਤੇ ਰਹਿਨੁਮਾਈ ਹੇਠ ਅਤੇ ਮੈਡਮ ਪ੍ਰੀਤ ਕਵਲ, ਨੋਡਲ ਅਫ਼ਸਰ, ਸਵੀਪ ਸੈੱਲ ਦੇ ਸਹਿਯੋਗ ਨਾਲ ਕੀਤਾ ਗਿਆ। ਦੋਵਾਂ ਮੁਕਾਬਲਿਆਂ ਵਿੱਚ ਲਗਭਗ 60 ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਪ੍ਰਤਿਭਾ ਤੇ ਗਿਆਨ ਦਾ ਪ੍ਰਦਰਸ਼ਨ ਕੀਤਾ। ਇਨ੍ਹਾਂ ਮੁਕਾਬਲਿਆਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਚੋਣ ਪ੍ਰਕਿਰਿਆ, ਲੋਕਤੰਤਰ ਵਿੱਚ ਵੋਟ ਦੀ ਮਹੱਤਤਾ, ਵੋਟਰਾਂ ਦੇ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ ਬਾਰੇ ਜਾਣਕਾਰੀ ਦੇਣਾ ਸੀ। ਇਨ੍ਹਾਂ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੇ ਚੋਣ ਪ੍ਰਕਿਰਿਆ ਅਤੇ ਲੋਕਤੰਤਰੀ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਵਿੱਚ ਹਰੇਕ ਵੋਟਰ ਦੀ ਭੂਮਿਕਾ ਬਾਰੇ ਮਹੱਤਵਪੂਰਨ ਜਾਣਕਾਰੀ ਹਾਸਲ ਕੀਤੀ।ਮੁਕਾਬਲਿਆਂ ਵਿੱਚ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬੂਥ ਲੈਵਲ ਅਫ਼ਸਰਾਂ ਰਾਜੀਵ ਸ਼ਰਮਾ, ਮਿਸ ਗੁਰਮੀਤ ਕੌਰ ਅਤੇ ਗੋਕੁਲ ਨੇ ਵੀ ਆਪਣਾ ਭਰਪੂਰ ਸਹਿਯੋਗ ਦਿੱਤਾ ਅਤੇ ਵਿਦਿਆਰਥੀਆਂ ਨੂੰ ਚੋਣਾਂ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕਰਨ ਵਿੱਚ ਯੋਗਦਾਨ ਪਾਇਆ।

ਦੇਵਨਾਨੀ ਨੇ ਰਾਜਸਥਾਨ ਪੱਤਰਕਾਰ ਪ੍ਰੀਸ਼ਦ ਦੇ ਦੀਵਾਲੀ ਮਿਲਣੀ ਤੇ ਸਨਮਾਨ ਸਮਾਰੋਹ 'ਚ ਹਿੱਸਾ ਲਿਆ

ਬੰਗਾ/ ਜੈਪੁਰ (ਅਵਤਾਰ ਕਲੇਰ)- ਰਾਜਸਥਾਨ ਵਿਧਾਨ ਸਭਾ ਦੇ ਸਪੀਕਰ ਵਾਸੂਦੇਵ ਦੇਵਨਾਨੀ ਨੇ ਕਿਹਾ ਕਿ ਉਨ੍ਹਾਂ ਦਾ ਮੀਡੀਆ ਨਾਲ 55 ਸਾਲਾਂ ਦਾ ਸਬੰਧ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰਾਂ ਨੂੰ ਸੀਮਾਵਾਂ ਦੇ ਅੰਦਰ ਨਿਡਰ ਅਤੇ ਨਿਰਪੱਖ ਪੱਤਰਕਾਰੀ ਦਾ ਅਭਿਆਸ ਕਰਨਾ ਚਾਹੀਦਾ ਹੈ। ਪੱਤਰਕਾਰੀ ਲੋਕਤੰਤਰ ਦੀ ਸ਼ਕਤੀ ਹੈ। ਸੰਸਦ ਅਤੇ ਵਿਧਾਨ ਸਭਾਵਾਂ ਵਿੱਚ ਲਏ ਗਏ ਫੈਸਲਿਆਂ ਨੂੰ

● ਸੀਨੀਅਰ ਪੱਤਰਕਾਰਾਂ ਦਾ ਸਨਮਾਨ ਕੀਤਾ

ਦਸਤਾਵੇਜ਼ੀਕਰਨ ਸੰਵਿਧਾਨਕ ਇਤਿਹਾਸ ਸਿਰਜਦਾ ਹੈ, ਜਦੋਂ ਕਿ ਪੱਤਰਕਾਰੀ ਸਮਾਜ ਦੇ ਸਾਹਮਣੇ ਉਨ੍ਹਾਂ ਫੈਸਲਿਆਂ ਪਿੱਛੇ ਵਿਚਾਰਾਂ, ਹਾਲਾਤਾਂ ਅਤੇ ਜਨਤਕ ਭਾਵਨਾਵਾਂ ਨੂੰ ਸੁਰੱਖਿਅਤ ਰੱਖਦੀ ਹੈ। ਪੱਤਰਕਾਰੀ ਨਾ ਸਿਰਫ਼ ਲੋਕਤੰਤਰ ਦੇ ਵਰਤਮਾਨ ਨੂੰ ਦਰਸਾਉਂਦੀ ਹੈ ਬਲਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਸਮੇਂ ਦਾ ਸਬੂਤ ਵੀ ਪ੍ਰਦਾਨ ਕਰਦੀ ਹੈ। ਦੇਵਨਾਨੀ ਨੇ ਕਿਹਾ ਕਿ ਲੋਕਤੰਤਰ ਵਿੱਚ ਅਸਹਿਮਤੀ ਦਾ ਵੀ ਸਤਿਕਾਰ ਕੀਤਾ ਜਾਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸੰਵਿਧਾਨਕ ਸੰਸਥਾਵਾਂ ਦਾ ਸਤਿਕਾਰ ਬਰਕਰਾਰ ਰਹਿਣਾ ਚਾਹੀਦਾ ਹੈ। ਸਪੀਕਰ ਵਾਸੂਦੇਵ ਦੇਵਨਾਨੀ ਸੋਮਵਾਰ ਨੂੰ ਵਿਦਿਆਧਰ ਨਗਰ ਵਿੱਚ ਰਾਜਸਥਾਨ ਪੱਤਰਕਾਰ ਪ੍ਰੀਸ਼ਦ ਦੇ ਦੀਵਾਲੀ ਮਿਲਣੀ ਅਤੇ ਸਨਮਾਨ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਦੀਵਾ ਜਗਾ ਕੇ ਸਮਾਰੋਹ ਦਾ ਉਦਘਾਟਨ ਕੀਤਾ। ਦੇਵਨਾਨੀ ਨੇ ਸੀਨੀਅਰ ਪੱਤਰਕਾਰਾਂ ਨੂੰ ਪੱਗਾਂ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਦੇਵਨਾਨੀ ਨੇ ਕਿਹਾ ਕਿ ਕਲਮ ਦੀ ਅਸਲ ਸ਼ਕਤੀ ਇਸ ਦੇ ਪ੍ਰਭਾਵ ਰਾਹੀਂ ਪ੍ਰਗਟ ਹੁੰਦੀ ਹੈ। ਇੱਕ ਖ਼ਬਰ ਇੱਕ ਅਣਗੌਲਿਆ ਪਿੰਡ ਦੀਆਂ ਸਮੱਸਿਆਵਾਂ ਨੂੰ



ਸਰਕਾਰ ਦੇ ਧਿਆਨ ਵਿੱਚ ਲਿਆ ਸਕਦੀ ਹੈ, ਇੱਕ ਪੀੜਤ ਵਿੱਚ ਨਿਆਂ ਦੀ ਉਮੀਦ ਜਗਾ ਸਕਦੀ ਹੈ, ਅਤੇ ਇੱਕ ਸਕਾਰਾਤਮਕ ਪਹਿਲਕਦਮੀ ਨੂੰ ਦੇਸ਼ ਵਿਆਪੀ ਮਾਨਤਾ ਦੇ ਸਕਦੀ ਹੈ। ਵਿਧਾਨ ਸਭਾ ਸਪੀਕਰ ਦੇਵਨਾਨੀ ਨੇ ਕਿਹਾ ਕਿ ਡਿਜੀਟਲ ਕ੍ਰਾਂਤੀ ਨੇ ਪੱਤਰਕਾਰੀ ਦੇ ਫਾਰਮੈਟ ਅਤੇ ਗਤੀ ਨੂੰ ਡੂੰਘਾਈ ਨਾਲ ਬਦਲ ਦਿੱਤਾ ਹੈ। ਅੱਜ, ਖ਼ਬਰਾਂ ਕੁਝ ਪਲਾਂ ਵਿੱਚ ਵਿਸ਼ਵਵ